ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

https://youtu.be/LQwolgxDu7I

awazeqaumtvpunjab@gmail.com

ਸ਼ੁੱਕਰਵਾਰ, 30 ਅਗਸਤ 2024 (ਨਾਨਕਸ਼ਾਹੀ ਸੰਮਤ : ੫੫੬, ੧੫ ਭਾਦਰੋਂ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243

## ਨਿਸ਼ਾਨੇ 'ਤੇ ਸਾਬਕਾ ਮੁੱਖ ਮੰਤਰੀ ਬੇਅੰਤ ਸਿੰਘ ਦਾ ਪਰਿਵਾਰ

# ਖੰਨਾ 'ਚ ਲਿਖੇ ਖਾਲਿਸਤਾਨ ਜ਼ਿੰਦਾਬਾਦ ਦੇ ਨਾਅਰੇ

**ਖੰਨਾ, 29 ਅਗਸਤ (ਆਵਾਜ਼ਿ ਕੌਮ ਬਿਊਰੋ)**-ਖੰਨਾ ਦੇ ਦੋਰਾਹਾ ਵਿਖੇ ਖਾਲਿਸਤਾਨ ਜ਼ਿੰਦਾਬਾਦ ਤੇ ਸਿੱਖ ਫਾਰ ਜਸਟਿਸ ਦੇ ਨਾਅਰੇ ਲਿਖੇ ਗਏ। ਇਸ ਵਾਰ ਸਾਬਕਾ ਸੀਐਮ ਬੇਅੰਤ ਸਿੰਘ ਦੇ ਪਰਿਵਾਰ ਨੂੰ ਨਿਸ਼ਾਨਾ ਬਣਾਇਆ ਗਿਆ ਹੈ। ਦੋਰਾਹਾ ਵਿੱਚ ਰੇਲਵੇ ਸਟੇਸ਼ਨ ਅਤੇ ਬੱਸ ਸਟੈਂਡ ਤੋਂ ਇਲਾਵਾ ਸਾਬਕਾ ਮੁੱਖ ਮੰਤਰੀ ਬੇਅੰਤ ਸਿੰਘ ਦੇ ਬੁੱਤ 'ਤੇ ਵੀ ਇਹ ਨਾਅਰੇ ਲਿਖੇ ਹੋਏ ਹਨ। ਖਾਲਸਿਤਾਨ ਹਮਾਇਤੀ ਭਾਈ ਗੁਰਪਤਵੰਤ ਸਿੰਘ ਪੰਨੂ ਨੇ ਵੀ ਵੀਡੀਓ ਜਾਰੀ ਕਰਕੇ ਇਸ ਦੀ ਜ਼ਿੰਮੇਵਾਰੀ ਲਈ ਹੈ। ਵਾਇਰਲ ਵੀਡੀਓ ਵਿੱਚ ਭਾਈ ਗੁਰਪਤਵੰਤ ਸਿੰਘ ਪੰਨੂ ਪੰਜਾਬ ਦੇ ਮੌਜੂਦਾ ਸੀਐਮ ਭਗਵੰਤ ਮਾਨ ਦੀ ਤੁਲਨਾ ਸਾਬਕਾ ਸੀਐਮ ਬੇਅੰਤ ਸਿੰਘ ਨਾਲ ਕਰਦੇ ਨਜ਼ਰ ਆ ਰਹੇ ਹਨ। ਇਸ ਤੋਂ ਇਲਾਵਾ ਬੇਅੰਤ ਸਿੰਘ ਕਤਲ ਕੇਸ ਵਿੱਚ ਸ਼ਾਮਲ ਭਾਈ ਦਿਲਾਵਰ ਸਿੰਘ ਦਾ ਨਾਂਅ ਲੈ ਕੇ ਖਾਲਿਸਤਾਨ ਦੇ ਸਮਰਥਨ ਦੀ ਅਪੀਲ ਕਰ ਰਹੇ ਹਨ। ਭਾਈ ਗੁਰਪਤਵੰਤ ਸਿੰਘ ਪੰਨੂ ਦੀ ਵੀਡੀਓ ਵਿੱਚ ਦੋਰਾਹਾ ਵਿੱਚ ਲਿਖੇ ਨਾਅਰੇ ਦੀ ਫੋਟੋ ਵੀ ਹੈ। ਦੋਰਾਹਾ ਚੌਕ ਵਿੱਚ ਬੇਅੰਤ ਸਿੰਘ ਦਾ ਬੁੱਤ ਲਗਾਇਆ ਹੋਇਆ ਹੈ। ਕਿਉਂਕਿ ਉਸ ਦਾ ਪਿੰਡ ਕੋਟਲੀ ਦੋਰਾਹਾ ਨੇੜੇ ਹੈ। ਬੇਅੰਤ ਸਿੰਘ ਨੂੰ 31 ਅਗਸਤ 1995 ਨੂੰ ਬੰਬ ਨਾਲ ਉਡਾ ਦਿੱਤਾ ਗਿਆ ਸੀ। ਹਰ ਸਾਲ ਚੰਡੀਗੜ੍ਹ ਵਿੱਚ ਉਸ ਦੀ ਬਰਸੀ ਮਨਾਈ ਜਾਂਦੀ ਹੈ। ਇਹ ਘਟਨਾ ਬਰਸੀ ਤੋਂ 2 ਦਿਨ ਪਹਿਲਾਂ ਵਾਪਰੀ ਹੈ। ਪੁਲਿਸ ਅਤੇ ਸੁਰੱਖਿਆ ਏਜੰਸੀਆਂ ਨੇ ਜਾਂਚ ਸ਼ੁਰੂ ਕਰ ਦਿੱਤੀ। 2019 ਵਿੱਚ ਭਾਰਤ ਸਰਕਾਰ ਨੇ ਖਾਲਿਸਤਾਨ ਪੱਖੀ ਗਤੀਵਿਧੀਆਂ ਨੂੰ ਅੰਜਾਮ ਦੇਣ ਦੇ ਦੋਸ਼ ਵਿੱਚ UAPA ਐਕਟ ਦੇ ਤਹਿਤ ਭਾਈ ਗੁਰਪਤਵੰਤ ਸਿੰਘ ਪੰਨੂ ਦੀ ਜਥੇਬੰਦੀ SFJ ਨੂੰ ਪਾਬੰਦੀਸ਼ੁਦਾ ਕਰਾਰ ਦੇ ਦਿੱਤਾ ਸੀ। ਗ੍ਰਹਿ ਮੰਤਰਾਲੇ ਨੇ ਆਪਣੇ ਨੋਟੀਫਿਕੇਸ਼ਨ ਵਿੱਚ ਕਿਹਾ ਸੀ ਕਿ ਸਿੱਖਾਂ ਲਈ ਰਾਇਸ਼ੁਮਾਰੀ ਦੀ ਆੜ ਵਿੱਚ SFJ ਪੰਜਾਬ ਵਿੱਚ ਵੱਖਵਾਦ ਅਤੇ ਕੱਟੜਪੰਥੀ ਵਿਚਾਰਧਾਰਾ ਦਾ ਸਮਰਥਨ ਕਰ ਰਹੀ ਹੈ। ਸਾਲ 2020 ਵਿੱਚ ਭਾਈ ਗੁਰਪਤਵੰਤ ਸਿੰਘ ਪੰਨੂ 'ਤੇ ਵੱਖਵਾਦ ਨੂੰ ਉਤਸ਼ਾਹਿਤ ਕਰਨ ਤੇ ਨੌਜਵਾਨਾਂ ਨੂੰ ਹਥਿਆਰ ਚੁੱਕਣ ਲਈ ਉਤਸ਼ਾਹਿਤ ਕਰਨ ਦੇ ਦੋਸ਼ ਲੱਗੇ ਸਨ। ਇਸ ਤੋਂ ਬਾਅਦ 1 ਜੁਲਾਈ 2020 ਨੂੰ ਕੇਂਦਰ ਸਰਕਾਰ ਨੇ ਭਾਈ ਗੁਰਪਤਵੰਤ ਸਿੰਘ ਪੰਨੂ ਨੂੰ ਯੂ.ਏ.ਪੀ.ਏ. ਤਹਿਤ ਕਾਰਵਾਈ ਕਰਦਿਆਂ SFJ ਨਾਲ ਸਬੰਧਤ 40 ਤੋਂ ਵੱਧ ਵੈਬ ਪੇਜਾਂ ਅਤੇ YouTube ਚੈਨਲਾਂ 'ਤੇ ਪਾਬੰਦੀ ਲਗਾ ਦਿੱਤੀ ਸੀ।






## ਸਿੰਧੀ ਬੇਕਰਜ਼ 'ਤੇ ਫਾਇਰਿੰਗ ਕਰਨ ਵਾਲੇ ਬਦਮਾਸ਼ਾਂ ਦਾ ਐਨਕਾਊਂਟਰ

**ਲੁਧਿਆਣਾ, 29 ਅਗਸਤ (ਆਵਾਜ਼ਿ ਕੌਮ ਬਿਊਰੋ)**-ਲੁਧਿਆਣਾ ਦੇ ਰਾਜਗੁਰੂ ਨਗਰ ਸਥਿਤ ਸਿੰਧੀ ਬੇਕਰਜ਼ 'ਤੇ ਕੱਲ੍ਹ ਫਾਇਰਿੰਗ ਕਰਨ ਵਾਲੇ ਦੋ ਗੈਂਗਸਟਰਾਂ ਨੂੰ ਮੋਗਾ ਪੁਲਿਸ ਨੇ ਦੇਰ ਰਾਤ ਹੋਈ ਮੁੱਠਭੇੜ ਵਿੱਚ ਕਾਬੂ ਕਰ ਲਿਆ। ਇੱਕ ਅਪਰਾਧੀ ਦੀ ਸੱਜੀ ਲੱਤ 'ਤੇ ਗੋਲੀ ਲੱਗੀ। ਦੂਜਾ ਗੈਂਗਸਟਰ ਵੀ ਜ਼ਖਮੀ ਹੋ ਗਿਆ। ਦੋਵੇਂ ਗੈਂਗਸਟਰਾਂ ਨੂੰ ਦੇਰ ਰਾਤ ਮੋਗਾ ਦੇ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ। ਮੋਗਾ ਪੁਲਿਸ ਨੇ ਦੋਵਾਂ ਬਦਮਾਸ਼ਾਂ ਖਿਲਾਫ ਮਾਮਲਾ ਦਰਜ ਕਰ ਲਿਆ ਹੈ। ਸੂਤਰਾਂ ਤੋਂ ਪਤਾ ਲੱਗਾ ਹੈ ਕਿ ਕਰੀਬ ਇੱਕ ਹਫ਼ਤਾ ਪਹਿਲਾਂ ਇਨ੍ਹਾਂ ਦੋ ਬਦਮਾਸ਼ਾਂ ਨੇ ਸਰਾਭਾ ਨਗਰ ਇਲਾਕੇ ਵਿੱਚ ਏਆਰਆਈ ਦੀ ਰਿਹਾਇਸ਼ ਦੇ ਬਾਹਰ ਗੋਲੀਆਂ ਚਲਾਈਆਂ ਸਨ। ਉਸ ਸਮੇਂ ਬਦਮਾਸ਼ ਬਲੀਨੋ ਕਾਰ 'ਚ ਸਵਾਰ ਹੋ ਕੇ ਆਏ ਸਨ। ਘਟਨਾ ਦੀ ਸੀਸੀਟੀਵੀ ਫੁਟੇਜ ਵੀ ਸਾਹਮਣੇ ਆਈ ਹੈ। ਥਾਣਾ ਸਰਾਭਾ ਨਗਰ ਦੀ ਪੁਲਿਸ ਬਦਮਾਸ਼ਾਂ ਦਾ ਪਤਾ ਲਾਉਣ 'ਚ ਲੱਗੀ ਹੋਈ ਹੈ। ਹਾਸਲ ਜਾਣਕਾਰੀ ਅਨੁਸਾਰ ਥਾਣਾ ਸਿਟੀ ਮੋਗਾ ਦੇ ਏਐਸਆਈ ਸੁਖਵਿੰਦਰ ਸਿੰਘ ਪੁਲਿਸ ਪਾਰਟੀ ਸਮੇਤ ਦਿੱਲੀ ਕਾਲੋਨੀ 'ਚ ਗਸ਼ਤ ਕਰ ਰਹੇ ਸਨ। ਐਕਟਿਵਾ ਸਵਾਰ ਦੋ ਬਦਮਾਸ਼ ਮੂੰਹ 'ਤੇ ਕੱਪੜਾ ਬੰਨ੍ਹ ਕੇ ਸੜਕ 'ਤੇ ਆਉਂਦੇ ਦੇਖੇ ਗਏ। ਸ਼ੱਕ ਦੇ ਆਧਾਰ 'ਤੇ ਪੁਲਿਸ ਨੇ ਬਦਮਾਸ਼ਾਂ ਨੂੰ ਰੁਕਣ ਦਾ ਇਸ਼ਾਰਾ ਕੀਤਾ। ਲੁਟੇਰਿਆਂ ਨੇ ਐਕਟਿਵਾ ਭਜਾਉਣ ਦੀ ਕੋਸ਼ਿਸ਼ ਕੀਤੀ ਪਰ ਸਕੂਟਰ ਤਿਲਕ ਗਿਆ। ਡਿੱਗਣ ਤੋਂ ਬਾਅਦ ਲੁਟੇਰੇ ਹਨ੍ਹੇਰੇ ਦਾ ਫਾਇਦਾ ਉਠਾਉਂਦੇ ਹੋਏ ਭੱਜਣ ਲੱਗੇ। ਇਸ ਦੌਰਾਨ ਗੈਂਗਸਟਰਾਂ ਨੇ ਪੁਲਿਸ ਮੁਲਾਜ਼ਮਾਂ 'ਤੇ ਗੋਲੀਆਂ ਚਲਾ ਦਿੱਤੀਆਂ। ਪੁਲਿਸ ਮੁਕਾਬਲੇ 'ਚ ਇੱਕ ਗੈਂਗਸਟਰ ਦੀ ਸੱਜੀ ਲੱਤ 'ਤੇ ਗੋਲੀ ਲੱਗੀ ਜਦਕਿ ਦੂਜਾ ਸਕੂਟਰ ਤੋਂ ਡਿੱਗਣ ਕਾਰਨ ਜ਼ਖਮੀ ਹੋ ਗਿਆ।

## ਭਾਈ ਅੰਮ੍ਰਿਤਪਾਲ ਸਿੰਘ ਨੂੰ ਲੈ ਕੇ ਪੰਜਾਬ ਸਰਕਾਰ ਨੇ ਹਾਈਕੋਰਟ 'ਚ ਦਿੱਤਾ ਜਵਾਬ

**ਚੰਡੀਗੜ੍ਹ, 29 ਅਗਸਤ (ਆਵਾਜ਼ਿ ਕੌਮ ਬਿਊਰੋ)**-ਕੇਂਦਰ ਅਤੇ ਪੰਜਾਬ ਸਰਕਾਰ ਨੇ ਖਡੂਰ ਸਾਹਿਬ ਤੋਂ ਸੰਸਦ ਮੈਂਬਰ ਭਾਈ ਅੰਮ੍ਰਿਤਪਾਲ ਸਿੰਘ 'ਤੇ ਲੱਗੀ NSA ਨੂੰ ਸਹੀ ਠਹਿਰਾਇਆ ਹੈ। ਭਾਈ ਅੰਮ੍ਰਿਤਪਾਲ ਸਿੰਘ ਵੱਲੋਂ ਪੰਜਾਬ ਤੇ ਹਰਿਆਣਾ ਹਾਈਕੋਰਟ ਵਿਚ NSA ਵਧਾਉਣ ਦੇ ਫ਼ੈਸਲੇ ਨੂੰ ਚੈਲੰਜ ਕੀਤਾ ਗਿਆ ਸੀ। ਇਸ ਮਾਮਲੇ ਵਿਚ ਅੱਜ ਪੰਜਾਬ ਸਰਕਾਰ ਅਤੇ ਕੇਂਦਰੀ ਗ੍ਰਹਿ ਮੰਤਰਾਲੇ ਵੱਲੋਂ ਹਾਈ ਕੋਰਟ ਵਿਚ ਜਵਾਬ ਦਾਖ਼ਲ ਕੀਤਾ ਗਿਆ ਹੈ। ਇਸ ਵਿਚ ਪੰਜਾਬ ਤੇ ਕੇਂਦਰ ਸਰਕਾਰ ਨੇ ਭਾਈ ਅੰਮ੍ਰਿਤਪਾਲ ਸਿੰਘ 'ਤੇ ਨਵੇਂ ਸਿਰੇ ਤੋਂ NSA ਲਗਾਉਣ ਦੇ ਫ਼ੈਸਲੇ ਨੂੰ ਸਹੀ ਦੱਸਿਆ ਹੈ। ਕੇਂਦਰੀ ਗ੍ਰਹਿ ਮੰਤਰਾਲੇ ਅਤੇ ਪੰਜਾਬ ਸਰਕਾਰ ਵੱਲੋਂ ਹਾਈ ਕੋਰਟ ਵਿਚ ਦਾਖ਼ਲ ਜਵਾਬ ਵਿਚ ਕਿਹਾ ਗਿਆ ਹੈ ਕਿ ਭਾਈ ਅੰਮ੍ਰਿਤਪਾਲ ਸਿੰਘ ਕੋਲੋਂ ਜੇਲ੍ਹ ਦੀ ਸੈੱਲ ਵਿਚੋਂ ਮੋਬਾਈਲ ਤੇ ਗੈਜੇਟਸ ਮਿਲ ਚੁੱਕੇ ਹਨ। ਇਸ ਤੋਂ ਇਲਾਵਾ ਜਾਂਚ ਏਜੰਸੀਆਂ ਕੋਲ ਹੋਰ ਵੀ ਖੁਫੀਆ ਜਾਣਕਾਰੀ ਹੈ, ਜਿਸ ਦੇ ਅਧਾਰ 'ਤੇ NSA ਬਿਲਕੁਲ ਸਹੀ ਹੈ। ਜਵਾਬ ਵਿਚ ਇਹ ਵੀ ਕਿਹਾ ਗਿਆ ਹੈ ਕਿ ਭਾਈ ਅੰਮ੍ਰਿਤਪਾਲ ਸਿੰਘ ਡੀ. ਐਮ. ਦੀ ਰਿਪੋਰਟ ਦੇ ਸਾਰੇ ਤੱਥ ਸਹੀ ਪਾਏ ਗਏ ਹਨ। ਇਸ ਤੋਂ ਇਲਾਵਾ ਕੇਂਦਰੀ ਗ੍ਰਹਿ ਮੰਤਰਾਲੇ ਨੇ ਕਿਹਾ ਹੈ ਕਿ ਜੇ ਹਾਈ ਕੋਰਟ ਹੁਕਮ ਦੇਵੇ ਤਾਂ ਇਸ ਮਾਮਲੇ ਵਿਚ ਵਿਸਥਾਰ ਵਿਚ ਜਵਾਬ ਦਾਖਲ ਕੀਤਾ ਜਾਵੇਗਾ।

ਇਸ ਦੌਰਾਨ ਕਈ ਧਾਰਮਿਕ ਤੇ ਪੰਥਕ ਸ਼ਖ਼ਸੀਅਤਾਂ ਨੇ ਇਸ ਨੂੰ ਸਰਕਾਰ ਦੀ ਸਾਜ਼ਿਸ਼ ਕਰਾਰ ਦਿੱਤਾ ਅਤੇ ਕਿਹਾ ਕਿ ਉਹ ਝੂਠੇ ਦੋਸ਼ ਲਾ ਕੇ ਭਾਈ ਅੰਮ੍ਰਿਤਪਾਲ ਸਿੰਘ ਨੂੰ ਵੱਧ ਤੋਂ ਵੱਧ ਸਮਾਂ ਜੇਲ੍ਹ ਵਿੱਚ ਰੱਖਣਾ ਚਾਹੁੰਦੀ ਹੈ।



## ਭਾਜਪਾ ਕੋਲ ਕਰੋੜਾਂ ਦਾ ਫੰਡ, ਕਿਸੇ ਚੰਗੇ ਹਸਪਤਾਲ ਚੋਂ ਕਰਵਾਉਣ ਕੰਗਨਾ ਦਾ ਇਲਾਜ, ਹਰਪਾਲ ਚੀਮਾ ਨੇ ਦਿੱਤੀ ਸਲਾਹ



**ਚੰਡੀਗੜ੍ਹ, 29 ਅਗਸਤ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੇ ਲੋਕ ਖ਼ਾਸ ਕਰਕੇ ਕਿਸਾਨ ਬਾਲੀਵੁੱਡ ਅਦਾਕਾਰਾ ਅਤੇ ਮੰਡੀ ਹਿਮਾਚਲ ਤੋਂ ਬੀਜੇਪੀ ਸੰਸਦ ਕੰਗਨਾ ਰਣੌਤ ਤੋਂ ਨਾਰਾਜ਼ ਹਨ। ਇਸ ਦਾ ਕਾਰਨ ਕੰਗਨਾ ਵੱਲੋਂ ਕਿਸਾਨਾਂ ਖ਼ਿਲਾਫ਼ ਦਿੱਤਾ ਗਿਆ ਵਿਵਾਦਤ ਬਿਆਨ ਹੈ। ਕੰਗਨਾ ਦੇ ਕਿਸਾਨਾਂ ਖ਼ਿਲਾਫ਼ ਬਿਆਨ ਨੂੰ ਲੈ ਕੇ ਪੰਜਾਬ ਦੀਆਂ ਸਿਆਸੀ ਪਾਰਟੀਆਂ ਵੱਲੋਂ ਹਮਲਾ ਬੋਲਿਆ ਗਿਆ ਹੈ। ਹੁਣ ਆਮ ਆਦਮੀ ਪਾਰਟੀ ਦੇ ਕੈਬਨਿਟ ਮੰਤਰੀ ਹਰਪਾਲ ਚੀਮਾ ਨੇ ਕੰਗਨਾ ਨੂੰ ਖ਼ਰੀਆਂ-ਖ਼ਰੀਆਂ ਸੁਣਾ ਦਿੱਤੀਆਂ ਹਨ। ਹਰਪਾਲ ਚੀਮਾ ਨੇ ਕਿਹਾ ਕਿ ਕੰਗਨਾ ਰਣੌਤ ਨੂੰ ਇਲਾਜ ਦੀ ਲੋੜ ਹੈ। ਚੀਮਾ ਨੇ ਕਿਹਾ ਕਿ ਕੰਗਣਾ ਬਾਰੇ ਮੇਰਾ ਸੁਝਾਅ ਹੈ ਕਿ ਉਸ ਦੀ ਪਾਰਟੀ ਪ੍ਰਧਾਨ ਉਸ ਨੂੰ ਕਿਸੇ ਚੰਗੇ ਹਸਪਤਾਲ ਵਿੱਚ ਭੇਜਣ, ਤਾਂ ਜੋ ਕੰਗਨਾ ਦਾ ਉੱਥੇ ਚੰਗਾ ਇਲਾਜ ਹੋ ਸਕੇ ਕਿਉਂਕਿ ਕੰਗਨਾ ਕਦੇ ਦੇਸ਼ ਦੇ ਕਿਸਾਨਾਂ ਦੇ ਖਿਲਾਫ ਅਤੇ ਕਦੇ ਕਿਸੇ ਖ਼ਾਸ ਵਰਗ ਦੇ ਖ਼ਿਲਾਫ਼ ਬੋਲ ਕੇ ਦੇਸ਼ ਦਾ ਭਾਈਚਾਰਾ ਖ਼ਰਾਬ ਕਰ ਰਹੀ ਹੈ। ਉਸ ਦਾ ਤੁਰੰਤ ਕਿਸੇ ਚੰਗੇ ਹਸਪਤਾਲ ਵਿੱਚ ਇਲਾਜ ਕਰਵਾਉਣਾ ਚਾਹੀਦਾ ਹੈ। ਇਸ ਦੇ ਨਾਲ ਹੀ ਹਰਪਾਲ ਚੀਮਾ ਨੇ ਕਿਹਾ ਕਿ ਭਾਜਪਾ ਨੂੰ ਕੰਗਨਾ ਨੂੰ ਕਾਬੂ ਕਰਨਾ ਚਾਹੀਦਾ ਹੈ ਕਿਉਂਕਿ ਉਹ ਕਿਸੇ ਵੀ ਸਮੇਂ ਕਿਸੇ ਵੀ ਤਰ੍ਹਾਂ ਦਾ ਬਿਆਨ ਦਿੰਦੀ ਹੈ। ਇਸ ਲਈ ਉਨ੍ਹਾਂ ਨੂੰ ਇਲਾਜ ਦੀ ਸਖ਼ਤ ਲੋੜ ਹੈ। ਦੇਸ਼ ਜਾਣਦਾ ਹੈ ਕਿ ਕੰਗਨਾ ਨੂੰ ਮਾਨਸਿਕ ਇਲਾਜ ਦੀ ਲੋੜ ਹੈ। ਉਨ੍ਹਾਂ ਦੇ ਇਲਾਜ 'ਤੇ ਜੋ ਵੀ ਖਰਚਾ ਆਵੇਗਾ, ਉਹ ਭਾਜਪਾ ਵੱਲੋਂ ਚੁੱਕਿਆ ਜਾਵੇਗਾ ਕਿਉਂਕਿ ਭਾਜਪਾ ਕੋਲ ਅਰਬਾਂ ਰੁਪਏ ਦੇ ਫੰਡ ਹਨ। ਇਸ ਦੇ ਨਾਲ ਹੀ ਦੇਸ਼ ਦਾ ਸਪੀਕਰ ਵੀ ਉਸ ਦੇ ਇਲਾਜ ਦਾ ਖਰਚਾ ਚੁੱਕ ਸਕਦੇ ਹੈ।




## ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਪੇਸ਼ ਹੋਣ ਤੋਂ ਪਹਿਲਾਂ ਸੁਖਬੀਰ ਸਿੰਘ ਬਾਦਲ ਨੇ ਛੱਡੀ ਪ੍ਰਧਾਨਗੀ, ਬਲਵਿੰਦਰ ਸਿੰਘ ਭੂੰਦੜ ਨੂੰ ਥਾਪਿਆ ਕਾਰਜਕਾਰੀ ਪ੍ਰਧਾਨ



**ਚੰਡੀਗੜ੍ਹ, 29 ਅਗਸਤ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਦੀ ਪ੍ਰਧਾਨਗੀ ਨੂੰ ਲੈ ਕੇ ਉੱਠ ਰਹੇ ਵਿਰੋਧਾਂ ਵਿਚਾਲੇ ਸੁਖਬੀਰ ਸਿੰਘ ਬਾਦਲ ਨੇ ਪਾਰਟੀ ਦੇ ਸੀਨੀਅਰ ਆਗੂ ਬਲਵਿੰਦਰ ਸਿੰਘ ਭੂੰਦੜ ਨੂੰ ਪਾਰਟੀ ਦਾ ਕਾਰਜਕਾਰੀ ਪ੍ਰਧਾਨ ਨਿਯੁਕਤ ਕੀਤਾ ਹੈ। ਇਸ ਸਬੰਧੀ ਜਾਣਕਾਰੀ ਪਾਰਟੀ ਦੇ ਬੁਲਾਰੇ ਦਲਜੀਤ ਸਿੰਘ ਚੀਮਾ ਨੇ ਆਪਣੇ ਐਕਸ ਹੈਂਡਲ ?ਤੇ ਸਾਂਝੀ ਕੀਤੀ ਹੈ। ਇਹ ਫੈਸਲਾ ਉਸ ਵੇਲੇ ਲਿਆ ਗਿਆ ਜਦੋਂ ਕੱਲ੍ਹ(30 ਅਗਸਤ) ਨੂੰ ਸੁਖਬੀਰ ਸਿੰਘ ਬਾਦਲ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਉੱਤੇ ਪੇਸ਼ ਹੋਣਾ ਹੈ। ਦਲਜੀਤ ਸਿੰਘ ਚੀਮਾ ਨੇ ਕਿਹਾ ਕਿ ਸੁਖਬੀਰ ਸਿੰਘ ਬਾਦਲ ਨੇ ਪਾਰਟੀ ਦੇ ਸੀਨੀਅਰ ਲੀਡਰ ਬਲਵਿੰਦਰ ਸਿੰਘ ਭੂੰਦੜ ਨੂੰ ਪਾਰਟੀ ਦਾ ਕਾਰਜਕਾਰੀ ਪ੍ਰਧਾਨ ਬਣਾਇਆ ਗਿਆ ਹੈ। ਬਾਦਲ ਦੇ ਮਨ ਦੀ ਇੱਛਾ ਸੀ ਕਿ ਸ੍ਰੀ ਅਕਾਲ ਤਖਤ ਸਾਹਿਬ ਉੱਤੇ ਸੁਣਵਾਈ ਹੋਵੇਗੀ ਤੇ ਪਾਰਟੀ ਦੀ ਜ਼ਿੰਮੇਵਾਰੀ ਕੋਈ ਹੋਰ ਸੰਭਾਲੇ, ਉਹ ਇੱਕ ਨਿਮਾਣੇ ਸਿੱਖ ਵਾਂਗ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਆਏ ਫ਼ੈਸਲੇ ਨੂੰ ਸਵਿਕਾਰ ਕਰਨਗੇ। ਬਾਦਲ ਦੇ ਮਨ ਦੀ ਇੱਛਾ ਸੀ ਕਿ ਉਹ ਪਾਰਟੀ ਪ੍ਰਧਾਨ ਦੀ ਥਾਂ ਇੱਕ ਨਿਮਾਣੇ ਸਿੱਖ ਵਾਂਗ ਸ੍ਰੀ ਅਕਾਲ ਤਖ਼ਤ ਸਾਹਿਬ ਪੇਸ਼ ਹੋਣ। ਜ਼ਿਕਰ ਕਰ ਦਈਏ ਕਿ ਸ਼੍ਰੋਮਣੀ ਅਕਾਲੀ ਦਲ ਦੇ ਇਤਿਹਾਸ ਵਿੱਚ ਇਹ ਪਹਿਲ ਵਾਰ ਹੋਇਆ ਹੈ ਜਦੋਂ ਸ਼੍ਰੋਮਣੀ ਅਕਾਲੀ ਦਲ ਦੇ ਅੰਦਰ ਕਿਸੇ ਆਗੂ ਨੂੰ ਕਾਰਜਕਾਰੀ ਪ੍ਰਧਾਨ ਬਣਾਇਆ ਗਿਆ ਹੈ। ਹਾਲਾਂਕਿ ਕਈ ਆਗੂਆਂ ਨੂੰ ਸਮੇਂ-ਸਮੇਂ ਸੀਨੀਅਰ ਮੀਤ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ। ਇਹ ਵੀ ਗੌ.ਰ ਕਰਨ ਵਾਲੀ ਗੱਲ ਹੈ ਕਿ ਅਕਾਲੀ ਦਲ ਵੱਲੋਂ ਇਹ ਫ਼ੈਸਲਾ ਅਜਿਹੇ ਸਮੇਂ ਵਿੱਚ ਸਾਹਮਣੇ ਆਇਆ ਹੈ ਜਦੋਂ ਪਾਰਟੀ ਲਗਾਤਾਰ 'ਨਿਘਾਰ' ਵੱਲ ਜਾ ਰਹੀ ਹੈ। ਪਾਰਟੀ ਦੇ ਸੀਨੀਅਰ ਆਗੂ ਪਾਰਟੀ ਨੂੰ ਅਲਵਿਦਾ ਆਖ ਚੁੱਕੇ ਹਨ। ਤਾਜ਼ਾ ਮਾਮਲੇ ਵਿੱਚ ਸੁਖਬੀਰ ਦੇ ਬਹੁੱਦ ਕਰੀਬੀ ਡਿੰਪੀ ਢਿੱਲੋਂ ਵੀ ਪਾਰਟੀ ਨੂੰ ਅਲਵਿਦਾ ਕਹਿ ਚੁੱਕੇ ਹਨ। ਇਸ ਤੋਂ ਇਲਾਵਾ ਸੁਖਬੀਰ ਬਾਦਲ ਦੀ ਪ੍ਰਧਾਨਗੀ ਨੂੰ ਚੁਣੌਤੀ ਦੇਣ ਲਈ ਪ੍ਰੇਮ ਸਿੰਘ ਚੰਦੂਮਾਜਰਾ, ਸਿਕੰਦਰ ਸਿੰਘ ਮਲੂਕਾ, ਪਰਮਿੰਦਰ ਸਿੰਘ ਢੀਂਡਸਾ, ਬੀਬੀ ਜਗੀਰ ਕੌਰ, ਸਿਕੰਦਰ ਸਿੰਘ ਮਲੂਕਾ, ਭਾਈ ਮਨਜੀਤ ਸਿੰਘ, ਸੁੱਚਾ ਸਿੰਘ ਛੋਟੇਪੁਰ, ਸੁਰਜੀਤ ਸਿੰਘ ਰੱਖੜਾ ਸਣੇ ਹੋਰ ਸੀਨੀਅਰ ਲੀਡਰਾਂ ਵੱਲੋਂ ਮੋਰਚਾ ਖੋਲ੍ਹਿਆ ਗਿਆ ਹੈ। ਉਨ੍ਹਾਂ ਵੱਲੋਂ ਸ਼੍ਰੋਮਣੀ ਅਕਾਲੀ ਦਲ ਸੁਧਾਰ ਲਹਿਰ ਵੀ ਸ਼ੁਰੂ ਕੀਤੀ ਗਈ ਹੈ।

## ਪੰਜਾਬ 'ਚ ਬਾਹਰਲੇ ਬੰਦਿਆਂ 'ਤੇ ਜ਼ਮੀਨ ਖਰੀਦਣ ਤੇ ਵੋਟ ਬਣਾਉਣ 'ਤੇ ਲੱਗੇ ਬੈਨ, ਖਹਿਰਾ ਨੇ ਲਿਖਿਆ ਸਪੀਕਰ ਨੂੰ ਲੈਟਰ





**ਚੰਡੀਗੜ੍ਹ, 29 ਅਗਸਤ (ਆਵਾਜ਼ਿ ਕੌਮ ਬਿਊਰੋ)**-ਕਾਂਗਰਸ ਦੇ ਵਿਧਾਇਕ ਸੁਖਪਾਲ ਸਿੰਘ ਖਹਿਰਾ ਨੇ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੂੰ ਪੱਤਰ ਲਿਖ ਕੇ ਮੰਗ ਕੀਤੀ ਹੈ ਕਿ ਸੂਬੇ ਤੋਂ ਬਾਹਰਲੇ ਬੰਦਿਆਂ ਨੂੰ ਵਾਹੀਯੋਗ ਜ਼ਮੀਨ ਖਰੀਦਣ ਤੇ ਵੋਟ ਬਣਾਉਣ 'ਤੇ ਰੋਕ ਲਗਾਉਣ ਬਾਰੇ ਬਿੱਲ ਲਿਆਂਦਾ ਜਾਵੇ। ਉਨ੍ਹਾਂ ਪੱਤਰ ਵਿੱਚ ਕਿਹਾ ਕਿ 2 ਸਤੰਬਰ ਨੂੰ ਸ਼ੁਰੂ ਹੋ ਰਹੇ ਪੰਜਾਬ ਵਿਧਾਨ ਸਭਾ ਦੇ ਸੈਸ਼ਨ ਵਿੱਚ ਇਹ ਅਹਿਮ ਬਿੱਲ ਲਿਆਂਦਾ ਜਾਵੇ। ਉਨ੍ਹਾਂ ਕਿਹਾ ਕਿ ਇਸੇ ਬਿੱਲ ਬਾਰੇ 20 ਮਹੀਨੇ ਪਹਿਲਾਂ ਮੈਂ ਤੇ ਵਿਰੋਧੀ ਧਿਰ ਦੇ ਆਗੂ ਪ੍ਰਤਾਪ ਸਿੰਘ ਬਾਜਵਾ ਤੁਹਾਨੂੰ ਮਿਲੇ ਸਨ।

ਉਨ੍ਹਾਂ ਸਵਾਲ ਕਰਦਿਆਂ ਸਪੀਕਰ ਨੂੰ ਪੁੱਛਿਆ ਕਿ ਉਹ ਆਪਣੀ ਸਥਿਤੀ ਸਪੱਸ਼ਟ ਕਰਨ ਕਿ ਉਨ੍ਹਾਂ ਨੂੰ ਇਹ ਬਿੱਲ ਨਾ ਲਿਆਉਣ ਲਈ ਕੀ ਦਿੱਲੀ ਦੇ 'ਆਪ' ਆਗੂਆਂ ਨੇ ਕੋਈ ਦਬਾਅ ਬਣਾਇਆ ਸੀ। ਖਹਿਰਾ ਨੇ ਕਿਹਾ ਕਿ ਉਨ੍ਹਾਂ ਨੇ ਜਦੋਂ ਸੰਗਰੂਰ ਲੋਕ ਸਭਾ ਦੀਆਂ ਚੋਣਾਂ ਵਿੱਚ ਇਸ ਮੁੱਦੇ ਨੂੰ ਉਠਾਇਆ ਸੀ ਤਾਂ ਬਹੁਤ ਸਾਰੇ ਵਿਧਾਇਕ ਵੀ ਉਨ੍ਹਾਂ ਦੀਆਂ ਭਾਵਨਾਵਾਂ ਨੂੰ ਨਹੀਂ ਸਨ ਸਮਝ ਸਕੇ। ਉਨ੍ਹਾਂ ਕਿਹਾ ਕਿ ਨਾ ਸਿਰਫ ਹਿਮਾਚਲ ਬਲਕਿ ਗੁਜਰਾਤ, ਰਾਜਸਥਾਨ ਅਤੇ ਹੁਣ ਉਤਰਾਖੰਡ ਵਿੱਚ ਵੀ ਅਜਿਹਾ ਹੀ ਕਾਨੂੰਨ ਹੈ ਜਿਸ ਅਨੁਸਾਰ ਕੋਈ ਬਾਹਰਲਾ ਬੰਦਾ ਸੂਬੇ ਵਿੱਚ ਨਾ ਵਾਹੀਯੋਗ ਜ਼ਮੀਨ ਖਰੀਦ ਸਕਦਾ ਹੈ ਤੇ ਨਾ ਹੀ ਵੋਟਰ ਬਣ ਸਕਦਾ ਹੈ। ਖਹਿਰਾ ਨੇ ਕਿਹਾ ਕਿ ਉਹ ਮਾਮਲੇ ਨੂੰ ਸਮਝਾਉਣ ਵਿੱਚ ਅਸਫਲ ਰਹੇ ਸਨ। ਉਨ੍ਹਾਂ ਕਿਹਾ ਕਿ ਉਹ ਪੰਜਾਬ ਦੇ ਲੋਕਾਂ ਨੂੰ ਖ਼ਬਰਦਾਰ ਕਰਨਾ ਚਾਹੁੰਦੇ ਹਨ ਕਿ ਜੇ ਇਹ ਕਾਨੂੰਨ ਲਾਗੂ ਨਾ ਕੀਤਾ ਤਾਂ ਪੰਜਾਬੀ ਆਪਣੀ ਪਛਾਣ, ਮਾਂ ਬੋਲੀ ਤੇ ਸੱਭਿਆਚਾਰ ਗੁਆ ਬੈਠਣਗੇ।

ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਰੋਡੇ (ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ) ਦੀ ਪ੍ਰੇਰਨਾ ਸਦਕਾ

www.nsycuk.com

ਸਾਲਾਨਾ ਯਾਤਰਾ 20 ਫਰਵਰੀ ਤੋਂ 12 ਮਾਰਚ 2025 ਤੱਕ

# ਪੰਜ ਤਖ਼ਤ ਸਾਹਿਬਾਨ ਅਤੇ ਹੋਰ ਇਤਿਹਾਸਕ ਗੁਰਦੁਆਰਿਆਂ ਦੀ ਸਾਲਾਨਾ ਯਾਤਰਾ


ਸ੍ਰੀ ਅਕਾਲ ਤਖ਼ਤ ਸਾਹਿਬ


ਤਖ਼ਤ ਸ੍ਰੀ ਪਟਨਾ ਸਾਹਿਬ


ਤਖ਼ਤ ਸ੍ਰੀ ਕੇਸਗੜ੍ਹ ਸਾਹਿਬ


ਤਖ਼ਤ ਸ੍ਰੀ ਦਮਦਮਾ ਸਾਹਿਬ


ਤਖ਼ਤ ਸ੍ਰੀ ਹਜ਼ੂਰ ਸਾਹਿਬ

## ਯਾਤਰਾ ਗੁਰਦੁਆਰਾ ਦੂਖ ਨਿਵਾਰਣ ਸਾਹਿਬ, ਗੁਰੂ ਤੇਗ ਬਹਾਦਰ ਨਗਰ, ਜਲੰਧਰ ਤੋਂ

20 ਫਰਵਰੀ 2025, ਦਿਨ ਵੀਰਵਾਰ ਨੂੰ ਸਵੇਰੇ ਠੀਕ 8 ਵਜੇ ਆਰੰਭ ਹੋਵੇਗੀ, ਸੰਗਤਾਂ ਸਵੇਰੇ 7.30 ਵਜੇ ਤੱਕ ਪਹੁੰਚਣ ਦੀ ਕਿਰਪਾ ਕਰਨ। 12 ਮਾਰਚ 2025, ਦਿਨ ਬੁੱਧਵਾਰ ਨੂੰ ਉਕਤ ਗੁਰਦੁਆਰਾ ਸਾਹਿਬ ਵਿਖੇ ਹੀ ਯਾਤਰਾ ਦੀ ਸਮਾਪਤੀ ਹੋਵੇਗੀ।



ਸੀਮਤ ਸੀਟਾਂ ਜਲਦੀ ਬੁਕਿੰਗ ਕਰਵਾਉ ਜੀ

**ਬਾਹਰਲੇ ਦੇਸ਼ਾਂ ਤੋਂ ਜਾਣ ਵਾਲੇ ਯਾਤਰੀ ਦਾ ਖਰਚ 400 ਪੌਂਡ ਅਤੇ ਪੱਕੇ ਤੌਰ 'ਤੇ ਭਾਰਤ ਵਿਚ ਰਹਿ ਰਹੇ ਯਾਤਰੀ ਦਾ ਖਰਚਾ 20 ਹਜ਼ਾਰ ਰੁਪਏ ਹੈ**

ਨੋਟ: ਵਿਦੇਸ਼ਾਂ ਤੋਂ ਸੰਗਤਾਂ ਆਪੋ-ਆਪਣੀਆਂ ਟਿਕਟਾਂ ਲੈ ਕੇ ਪੰਜਾਬ ਪਹੁੰਚਣਗੀਆਂ। ਯਾਤਰਾ ਏਅਰ ਕੰਡੀਸ਼ਨਰ ਕੋਚਾਂ ਵਿੱਚ ਕਰਵਾਈ ਜਾਵੇਗੀ। ਇੰਗਲੈਂਡ, ਅਮਰੀਕਾ, ਕੈਨੇਡਾ ਜਾਂ ਦੁਨੀਆਂ ਦੇ ਕਿਸੇ ਵੀ ਦੇਸ਼ ਵਿੱਚ ਰਹਿੰਦੇ ਸ਼ਰਧਾਲੂ ਇਸ ਯਾਤਰਾ ਵਿੱਚ ਜਾਲ ਲਈ ਸੰਪਰਕ ਕਰ ਸਕਦੇ ਹਨ। ਭਾਰਤ ਦੇ ਪੱਕੇ ਵਸਨੀਕ ਰਿਸ਼ਤੇਦਾਰਾਂ/ ਮਿੱਤਰਾਂ ਦੀ ਬੁਕਿੰਗ ਵੀ ਇੱਥੇ ਯੂ.ਕੇ. ਵਿੱਚ ਤੁਸੀਂ ਕਰਵਾ ਸਕਦੇ ਹੋ।

ਗੁ. ਸ੍ਰੀ ਗੁਰੂ ਤੇਗ ਬਹਾਦਰ, ਜਲੰਧਰ ਤੋਂ ਸ਼ੁਰੂਆਤ, ਗੁ. ਸ਼ਹੀਦ ਬੇਅੰਤ ਸਿੰਘ, ਗੁ. ਗੁਰੂ ਕਾ ਲਾਹੌਰ, ਗੁ. ਸੁਹੇਲਾ ਸਾਹਿਬ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਸ੍ਰੀ ਆਨੰਦਪੁਰ ਸਾਹਿਬ, ਬਾਉਲੀ ਸਾਹਿਬ, ਗੁ. ਨਾਢਾ ਸਾਹਿਬ, ਗੁ. ਸ੍ਰੀ ਕ੍ਰਿਪਾਲ ਸ਼ਿਲਾ, ਗੁ. ਸ੍ਰੀ ਪਾਉਂਟਾ ਸਾਹਿਬ, ਗੁ. ਦਸਤਾਰ ਅਸਥਾਨ, ਗੁ. ਭੰਗਾਣੀ ਸਾਹਿਬ, ਗੁ. ਤੀਰਗੜ੍ਹੀ ਸਾਹਿਬ, ਗੁ. ਨਾਨਕਮਤਾ ਸਾਹਿਬ, ਗੁ. ਬਾਬਾ ਅਲਮਸਤ ਸਾਹਿਬ, ਗੁ. ਭੰਡਾਰਾ ਸਾਹਿਬ, ਗੁ. ਦੁੱਧ ਵਾਲਾ ਖੂਹ, ਬਾਉਲੀ ਸਾਹਿਬ, ਗੁ. ਭਗਤ ਕਬੀਰ ਜੀ ਮਗਹਰ,ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ, ਗੁ. ਗਊ ਘਾਟ, ਗੁ. ਤਾਕੀ ਸਾਹਿਬ, ਗੁ. ਗੁਰੂ ਕਾ ਬਾਗ ਪਟਨਾ ਸਾਹਿਬ, ਗੁ. ਕੰਗਣ ਘਾਟ, ਮਾਤਾ ਗੁਜਰੀ ਜੀ ਦਾ ਖੂਹ, ਗੁ. ਬਾਲ ਲੀਲ੍ਹਾ, ਗੁ. ਹਾਂਡੀ ਸਾਹਿਬ, ਗੁ. ਸ਼ੀਤਲ ਕੁੰਡ ਰਾਜਗੀਰ, ਗੁ. ਗਵਾਰੀ ਘਾਟ ਸਾਹਿਬ ਜੱਬਲਪੁਰ, ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ, ਗੁ. ਰਤਨਗੜ੍ਹ ਸਾਹਿਬ, ਗੁ. ਨਾਨਕਸਰ, ਗੁ. ਸੰਗਤ ਸਾਹਿਬ, ਗੁ. ਮਾਤਾ ਸਾਹਿਬ ਦੇਵਾਂ ਜੀ, ਗੁ. ਅੰਗੀਠਾ ਸਾਹਿਬ ਸੰਤ ਬਾਬਾ ਨਿਧਾਨ ਸਿੰਘ ਜੀ-ਸੰਤ ਬਾਬਾ ਹਰਨਾਮ ਸਿੰਘ ਜੀ, ਗੁ. ਭਜਨਗੜ੍ਹ ਸਾਹਿਬ, ਗੁ. ਨਾਨਕ ਝੀਰਾ ਸਾਹਿਬ, ਗੁ. ਹੀਰਾ ਘਾਟ, ਗੁ. ਮਾਲਟੇਕੜੀ ਸਾਹਿਬ, ਗੁ. ਨਗੀਨਾ ਘਾਟ, ਗੁ. ਬੰਦਾ ਘਾਟ, ਦੇਹੁਰਾ ਭਗਤ ਨਾਮਦੇਵ ਜੀ, ਗੁ. ਬੜੀ ਸੰਗਤ ਸਾਹਿਬ ਬੁਰਹਾਨਪੁਰ, ਗੁ. ਦੱਖਣੀ ਓਅੰਕਾਰ ਸਾਹਿਬ, ਗੁ. ਸਾਹਿਬ ਬੇਟਮਾ ਇੰਦੌਰ, ਗੁ. ਦਾਤਾ ਬੰਦੀ ਛੋੜ ਗਵਾਲੀਅਰ, ਗੁ. ਦੂਖ ਨਿਵਾਰਨ ਸਾਹਿਬ ਆਗਰਾ, ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ, ਭਾਈ ਡੱਲੇ ਦੀ ਹਵੇਲੀ, ਭੋਰਾ ਬਾਬਾ ਦੀਪ ਸਿੰਘ ਜੀ, ਗੁ. ਬਾਬਾ ਬੀਰ ਸਿੰਘ ਧੀਰ ਸਿੰਘ, ਗੁ. ਦਮਦਮਾ ਸਾਹਿਬ, ਗੁਰਦੁਆਰਾ ਬੁੰਗਾ ਮਸਤੂਆਣਾ, ਗੁਰੂਸਰ ਮਹਿਰਾਜ, ਗੁ. ਜ਼ਫਰਨਾਮਾ ਸਾਹਿਬ, ਗੁਰਦੁਆਰਾ ਟੁੱਟੀ ਗੰਢੀ ਸਾਹਿਬ, ਗੁ. ਤੰਬੂ ਸਾਹਿਬ ਸ੍ਰੀ ਮੁਕਤਸਰ ਸਾਹਿਬ, ਸ੍ਰੀ ਤਰਨਤਾਰਨ ਸਾਹਿਬ, ਛੇਹਰਟਾ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ, ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਤੋਂ ਜਲੰਧਰ ਵਾਪਸੀ ਹੋਵੇਗੀ ।

**ਯਾਤਰੂ ਟਰੈਵਲ ਇੰਸ਼ੋਰੈਂਸ ਖੁਦ ਜ਼ਰੂਰ ਕਰਵਾਉਣ। ਤੁਸੀਂ ਆਪਣੇ ਨਾਂਅ ਇੰਗਲੈਂਡ ਦੇ ਵੱਖ-ਵੱਖ ਸ਼ਹਿਰਾਂ ਵਿਚ ਵੀ ਸਾਡੇ ਸੇਵਾਦਾਰਾਂ ਨੂੰ ਦੇ ਸਕਦੇ ਹੋ। ਵਧੀਆ ਰਿਹਾਇਸ਼ ਅਤੇ ਮੁੱਢਲੀ ਡਾਕਟਰੀ ਸਹਾਇਤਾ ਦਾ ਖਾਸ ਪ੍ਰਬੰਧ ਕੀਤਾ ਜਾਂਦਾ ਹੈ।**

## ਗੁਰੂ ਪੰਥ ਦੇ ਦਾਸ: ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ


| | | | |
|---|---|---|---|
| ਭਾਈ ਰਘਵੀਰ ਸਿੰਘ ਮਾਲੜੀ ਨੌਟਿੰਘਮ | +44 7813953484 | ਭਾਈ ਅਮਰੀਕ ਸਿੰਘ ਤੂਰ ਡਰਬੀ | +44 7539243163 |
| ਭਾਈ ਰਘਵੀਰ ਸਿੰਘ ਵਾਲਸਾਲ | +44 7976210161 | ਬੀਬੀ ਜਸਵਿੰਦਰ ਕੌਰ ਥਾਂਦੀ ਕਵੈਂਟਰੀ | +44 7895666314 |
| ਭਾਈ ਬਲਜੀਤ ਸਿੰਘ ਕੰਗ | +44 7780605230 | ਭਾਈ ਕਪਤਾਨ ਸਿੰਘ ਵੁਲਵਰਹੈਂਪਟਨ | +44 7788283485 |

ਨੋਟ: ਕਿਸੇ ਜਥੇਬੰਦੀ ਜਾਂ ਨਿੱਜੀ ਲਾਭ ਦੀ ਬਜਾਏ ਇਸ ਯਾਤਰਾ ਕਮੇਟੀ ਦਾ ਗਠਨ ਸੰਗਤਾਂ ਦੀ ਸੇਵਾ ਲਈ ਕੀਤਾ ਗਿਆ ਹੈ, ਇਕੱਤਰ ਮਾਇਆ ਗੁਰਦੁਆਰਾ ਸਾਹਿਬਾਨ ਦੀ ਸੇਵਾ ਵਿੱਚ ਹੀ ਲਾਈ ਜਾਂਦੀ ਹੈ।

Nankana Sahib Yatra Committee U.K, 21 Hazel Ave, Littleover, Derby De23 7HA
www.nsycuk.com, E-Mail: nsycuk1469@gmail.com
ਪਿਛਲੇ ਸਾਲਾਂ ਦੀਆਂ ਯਾਤਰਾ ਤਸਵੀਰਾਂ ਦੇਖਣ ਲਈ ਸਾਡੇ ਫੇਸਬੁੱਕ ਪੇਜ Nankana Sahib Yatra Commitee UK ਅਤੇ ਵੈੱਬਸਾਈਟ ਤੇ ਜ਼ਰੂਰ ਜਾਉ ਜੀ

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear death of conscience is a sure death

Sant Jarnail Singh Ji Khalsa Bhindranwale

www.damdamitaksal.net




ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥

WAHEGURU JI KA KHALSA WAHEGURU JI KI FATEH

**ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ**

Khande Bate di Pahul Shak Ke Guru Wale Bano

**ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ**

Join Gurbani Santhia and Gurmat Sikhia

**ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ**

Learn Kirtan Katha Kavishri and Dhadi Waran

**ਗੁਰਮੁਖੀ ਪੰਜਾਬੀ ਸਿੱਖੋ**

Learn Gurmukhi Punjabi

**ਗਤਕਾ ਸਿੱਖੋ** Learn Gatka

www.damdamitaksal.net

## ਆਵਾਜ਼ਿ ਕੌਮ

Daily Newspaper from U.K.


Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243


ਆਵਾਜ਼ਿ ਕੌਮ AWAZE QAUM TV



ਭਾਈ ਰਘਬੀਰ ਸਿੰਘ ਵਾਲਸਾਲ ਯੂ.ਕੇ. ਮੁੱਖ ਸੰਪਾਦਕ Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


24 SERVICE EVERYDAY HOURS

PURE AND NATURAL 100% VEGETARIAN

Enjoy Real Taste of PUNJAB

KD

FULLY A.C. HALL

**Khehra VAISHNO DHABA**

BREAKFAST
LUNCH
DINNER

OUR SPECIALIZATION : Au Important Ingredients used to Prepare Dishes are Grown in our own farmes.

- Soup
- Burger
- Sandwich
- Pizza
- Grilled Breads
- Continental Fast Food
- Tandoori Snacks
- Tandoori Breads
- Biryani Khas
- Beverages
- Shakes
- Desserts
- Punjabi Snacks
- South Indian
- Kathi Roll
- Pasta
- Chines Food
- Raita Salad

V.P.O. Mallian
Jalandhar-Amritsar G.T. Road
NEAR JANDIALA GURU
Contact
98610-00057, 99152-32757



We Accept Online & Card Payment


## ਪੰਜਾਬੀ

ਸਿੱਖੋ ਬੋਲੋ ਪੜ੍ਹੋ ਲਿਖੋ

ਮਾਂ ਬੋਲੀ ਪੰਜਾਬੀ ਨੂੰ ਪਿਆਰ ਕਰੋ

| | | | | |
|---|---|---|---|---|
| ੳ | ਅ | ੲ | ਸ | ਹ |
| ਕ | ਖ | ਗ | ਘ | ਙ |
| ਚ | ਛ | ਜ | ਝ | ਞ |
| ਟ | ਠ | ਡ | ਢ | ਣ |
| ਤ | ਥ | ਦ | ਧ | ਨ |
| ਪ | ਫ | ਬ | ਭ | ਮ |
| ਯ | ਰ | ਲ | ਵ | ੜ |
| ਸ਼ | ਖ਼ | ਗ਼ | ਜ਼ | ਫ਼ | ਲ਼ |

Love Maa Boli Punjabi

www.damdamitaksal.net

ਮੁਕਤਾ, ਾ ਕੰਨਾ, ਿ ਸਿਹਾਰੀ, ੀ ਬਿਹਾਰੀ

ੁ ਔਂਕੜ, ੂ ਦੁਲੈਂਕੜ, ੇ ਲਾਂ, ੈ ਦੁਲਾਵਾਂ

ੋ ਹੋੜਾ, ੌ ਕਨੌੜਾ, ੰ ਟਿੱਪੀ, ਾਂ ਕੰਨਾ-ਬਿੰਦੀ

www.damdamitaksal.net

੧ ੨ ੩ ੪ ੫ ੬ ੭ ੮ ੯ ੧੦

www.damdamitaksal.net

**Learn Speak Read Write PUNJABI**


ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥
ਸਲਾਨਾ ਜੋੜ ਮੇਲਾ
ਜਥੇਦਾਰ ਬਾਬਾ ਖੜਕ ਸਿੰਘ ਨਿਹੰਗ ਸਿੰਘ ਜੀ
ਧੰਨ–ਧੰਨ
ਮਾਤਾ ਸਾਹਿਬ ਕੌਰ ਜੀ
ਗੁਰਮਤਿ ਸਮਾਗਮ
3 ਨਵੰਬਰ 2024 ਦਿਨ ਐਤਵਾਰ ਨੂੰ
ਸੰਤ ਜਰਨੈਲ ਸਿੰਘ ਜੀ
ਖਾਲਸਾ
ਭਿੰਡਰਾਂ ਵਾਲੇ
ਗੁਰਦੁਆਰਾ ਸ਼ਹੀਦਾਂ, ਜੱਸੋਵਾਲ
(ਬੱਬਰਾਂ ਦਾ ਹਾਈਕੋਰਟ)
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ ਭਿੰਡਰਾਂ ਵਾਲੇ, ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ,
ਪ੍ਰਧਾਨ ਭਾਈ ਲਾਲੋ ਜੀ ਸੰਤ ਸਮਾਜ, ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ
ਸੰਪਰਕ ਨੰਬਰ
98141-27470


ਸਾਬਤ ਸੂਰਤਿ ਦਸਤਾਰ ਸਿਰਾ
ਦਸਤਾਰਾਂ ਹੀ ਦਸਤਾਰਾਂ
ਰੰਧਾਵਾ
ਪਗੜੀ ਸੈਂਟਰ
ਦਸਤਾਰਾਂ ਦੇ ਥਾਨ ਥੋਕ ਦੇ ਭਾਅ
ਖ਼ਰੀਦਣ ਲਈ ਸੰਪਰਕ ਕਰੋ।
ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ
ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।
ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।
ਰੈਣਕ ਬਾਜਾਰ, ਜਲੰਧਰ (ਪੰਜਾਬ)
ਸੰਪਰਕ ਨੰ. :
+91 98882-22446


ASA Gas Heating
Solution Ltd.
Boilers
Certificates
Gas Work
Cylinders
Maintenance Services
Gas Safety Inspections
Plumbing Work
Vaillant APPROVED INSTALLER
WORCESTER Bosch Group
ਏ.ਐਸ.ਏ. ਗੈਸ ਹੀਟਿੰਗ ਸਲੂਸਨ ਲਿਮਟਿਡ
ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ
ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ
ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ
ਦਾ ਕੰਮ ਬਹੁਤ ਹੀ ਤਸੱਲੀਬਖ਼ਸ ਅਤੇ ਸਸਤੇ
ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ
ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ
ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ
ਦੇਣ ਦੀ ਅਪੀਲ ਕੀਤੀ ਜਾਂਦੀ ਹੈ
Mr. Simran Singh : 0749 534 2620
asagasheatingsolutions@gmail.com
Call us now for a Free no-olbigation quote

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਸੰਪੂਰਨਤਾ ਦਿਵਸ

ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਸੰਪੂਰਨਤਾ ਦਿਵਸ ਅਤੇ ਜਨਮ ਦਿਹਾੜਾ ਪਿਆਰੇ ਭਾਈ ਦਈਆ ਸਿੰਘ ਜੀ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ



ਕਥਾ ਵਾਚਕ ਗਿਆਨੀ ਸੁਖਚੈਨ ਸਿੰਘ ਦਮਦਮੀ ਟਕਸਾਲ ਵਾਲੇ

ਸ਼ਨਿੱਚਰਵਾਰ 31 ਅਗਸਤ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ

ਐਤਵਾਰ 1 ਸਤੰਬਰ 2024 ਨੂੰ 6:30 ਵਜੇ ਸਵੇਰੇ ਚੋਪਹਿਰੇ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9: 30 ਵਜੇ ਭੋਗ ਪੈਣਗੇ ਉਪੰਰਤ 12:30 ਵਜੇ ਤੱਕ ਦੀਵਾਨ ਸਜਣਗੇ।

ਕਥਾ ਵਾਚਕ ਗਿਆਨੀ ਸੁਖਚੈਨ ਸਿੰਘ ਦਮਦਮੀ ਟਕਸਾਲ ਵਾਲੇ ਕਥਾ ਰਾਹੀਂ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

☛ ਸਰਦਾਈ ਦੀ ਛਬੀਲ ਵੀ ਲੱਗੇਗੀ ☛ ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

ਸਾਧ ਸੰਗਤ, ਪ੍ਰਬੰਧਕ ਕਮੇਟੀ
ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ। ☛ ਆਪਣਾ ਕੀਮਤੀ ਸਮਾਂ ਕੱਢਕੇ ਸਮਾਗਮਾ ਵਿਚ ਪੁਹੰਚਣ ਦੀ ਕ੍ਰਿਪਾਲਤਾ ਕਰੋ ਜੀ।

Gurdwara Sahib Shaeed Baba Deep Singh ji Damdami Taksaal
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778


HAYES PLANT HIRE
WE TRAIN YOU GAIN
NPORS ACCREDITED
Telescopic Handler
Excavator 360
Road Roller
Forward Tipping Dumper
Tractor
Dozer
Plant Training and Testing on All
CATEGORIES OF
MACHINERY.
Dump Truck
HAYES PLANT HIRE
ਉਪਰੋਕਤ ਮਸ਼ੀਨਾਂ ਦੇ ਲਾਇਸੈਂਸ ਪ੍ਰਾਪਤ ਕਰਨ ਲਈ ਸੰਪਰਕ ਕਰੋ
NROPS Accredited
ਉਪਰੋਕਤ ਹਰ ਤਰ੍ਹਾਂ ਦੀ ਮਸ਼ੀਨਰੀ ਦੀ
ਟਰੇਨਿੰਗ ਅਤੇ ਟੈਸਟਿੰਗ ਦੀ ਸਿਖਲਾਈ ਦਿੱਤੀ ਜਾਂਦੀ ਹੈ।
CONTACT- 07831543004
Hollis Farm, Clay Cross Chesterfield. S45 9BA
01246864370
ਆਵਾਜ਼ਿ ਕੌਮ
AWAZE QAUM
International Newspaper & WEB TV
CALL US TO BOOK YOUR CSCS LEVEL ONE COURSE.
07715 1-28621







KHALSA FORGE


Explore a stunning collection of high-quality Damascus and Sarbloh Kirpans, meticulously crafted for excellence.
www.khalsaforge.com

# ਖਾਲਸਾ ਫੋਰਜ

☛ ਉੱਚ ਕੁਆਲਿਟੀ ਦੀਆਂ ਸਰਬਲੋਹ ਕਿਰਪਾਨਾਂ ਅਤੇ ਗਾਤਰਾ ਸਾਹਿਬ ਖ਼ਰੀਦਣ ਲਈ ਸੰਪਰਕ ਕਰੋ।

☛ ਆਨਲਾਈਨ ਆਰਡਰ ਵੀ ਬੁੱਕ ਕੀਤੇ ਜਾਂਦੇ ਹਨ।









www.khalsaforge.com




ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243



ਸੂਰਾ ਸੋ ਪਹਿਚਾਨੀਐ ਜੁ ਲਰੈ ਦੀਨ ਕੇ ਹੇਤ ॥
ਪੁਰਜਾ ਪੁਰਜਾ ਕਟਿ ਮਰੈ ਕਬਹੂ ਨ ਛਾਡੈ ਖੇਤੁ ॥੨॥੨॥



ਆਵਾਜ਼ਿ ਕੌਮ AWAZE QAUM International Newspaper & WEB TV

ਦਲ ਖਾਲਸਾ ਦੇ ਬਾਨੀ ਕੌਮੀ ਯੋਧੇ ਭਾਈ ਗਜਿੰਦਰ ਸਿੰਘ ਦੀ ਮਿੱਠੀ ਯਾਦ ਨੂੰ ਸਮਰਪਿਤ
ਸ਼੍ਰੀ ਸਹਿਜ ਪਾਠ ਅਗਸਤ 24 2024 ਨੂੰ ਪ੍ਰਕਾਸ਼ ਹੋਣਗੇ
ਭੋਗ ਸਤੰਬਰ 1, 2024 ਨੂੰ ਪਏ ਜਾਣਗੇ, ਸਵੇਰੇ - 10 ਵਜੇ

ਅਸਥਾਨ - ਗੁਰੂਦਵਾਰਾ ਸ਼੍ਰੀ ਗੁਰੂ ਸਿੰਘ ਸਭਾ ਕੈਂਟਨ, ਮਿਸੀਗਨ
3310 Canton Ctr Rd, Canton, MI 48188
+17348928498, +17349255669, +19898009898

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243





# ਪ੍ਰਕਾਸ਼ ਸਿੰਘ ਬਾਦਲ ਨੇ ਸਰੋਮਣੀ ਅਕਾਲੀ ਦੱਲ ਵਿੱਚੋ ਪੰਥਕ ਰੂਹ ਹੀ ਮਾਰਤੀ , ਇਹੀ ਕਾਰਨ ਪੰਥ ਪ੍ਰਸਤੀ ਤੋਂ ਬਿਹੂਣੇ ਅਕਾਲੀ ਸਰੋਮਣੀ ਅਕਾਲੀ ਦਲ ਨੂੰ ਇੱਕ-ਇੱਕ ਛੱਡ ਰਹੇ ਹਨ : ਪੰਜੋਲੀ ਕਰਨੈਲ ਸਿੰਘ ਪੰਜੋਲੀ

**ਚੰਡੀਗੜ੍ਹ, 29 ਅਗਸਤ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੇ ਸਾਬਕਾ ਮੁੱਖ ਮੰਤਰੀ ਸਰਦਾਰ ਪਰਕਾਸ ਸਿੰਘ ਬਾਦਲ ਨੇ 1995 ਵਿੱਚ ਸਰੋਮਣੀ ਅਕਾਲੀ ਦੱਲ ਨੂੰ ਪੰਜਾਬੀ ਪਾਰਟੀ ਬਣਾਕੇ ਇਸ ਅੰਦਰੋ ਪੰਥਕ ਰੂਹ ਹੀ ਮਾਰ ਦਿੱਤੀ ਜਿਸ ਦੇ ਨਤੀਜੇ ਅੱਜ ਸਾਹਮਣੇ ਆ ਰਹੇ ਹਨ। ਜਦੋ ਸਰਮਣੀ ਅਕਾਲੀ ਦੱਲ ਦੀ ਪ੍ਰਧਾਨਗੀ ਸੁਖਬੀਰ ਸਿੰਘ ਬਾਦਲ ਪਾਸ ਆ ਗਈ ਉਸ ਨੇ ਤਾਂ ਇਸ ਦਾ ਅੰਤ ਹੀ ਕਰ ਦਿੱਤਾ। ਅਕਾਲੀਆਂ ਵਿੱਚੋ ਪੰਥ ਪ੍ਰਸਤੀ ਇਤਨੀ ਕਮਜ਼ੋਰ ਪੈ ਗਈ ਕਿ ਸਰੋਮਣੀ ਅਕਾਲੀ ਦੱਲ ਵਿੱਚੋ ਆਗੂ ਅਤੇ ਵਰਕਰ ਇੱਕ ਇੱਕ ਕਰਕੇ ਸਰੋਮਣੀ ਅਕਾਲੀ ਦੱਲ ਨੂੰ ਛੱਡ ਕੋਈ ਕਾਂਗਰਸ ਵਿੱਚ ਚਲਾ ਗਿਆ , ਕੋਈ ਬੀ ਜੇ ਪੀ ਵਿੱਚ ਚਲਾ ਗਿਆ , ਕੋਈ ਆਮ ਆਦਮੀ ਪਾਰਟੀ ਵਿੱਚ ਚਲਾ ਗਿਆ ਹੁਣ ਕੋਈ ਹੋਰ ਜਾਣ ਦੀ ਤਿਆਰੀ ਕਰ ਰਿਹਾ ਹੈ । ਬਾਦਲ ਪਰਿਵਾਰ

ਆਵਾਜ਼ਿ ਕੌਮ
AWAZE QAUM
International Newspaper & WEB TV

ਨੇ ਸਰੋਮਣੀ ਅਕਾਲੀ ਦੱਲ ਦੇ ਆਗੂਆਂ ਅਤੇ ਵਰਕਰਾਂ ਨੂੰ ਪੰਥ ਨਾਲੋ ਤੋੜ ਸੱਤਾ ਪ੍ਰਾਪਤੀ ਦੀ ਐਸੀ ਚੇਟਕ ਲਾਈ ਅਤੇ ਉਸ ਕਿਸਮ ਦੇ ਹੀ ਲੋਕ ਇਕੱਠੇ ਕਰ ਲਏ ਜਿਹਨਾ ਨੂੰ ਅੱਜ ਜਿਸ ਪਾਰਟੀ ਵਿੱਚੋ ਸੱਤਾ ਪ੍ਰਾਪਤੀ ਹੁੰਦੀ ਹੈ , ਉਸਨੇ ਉਸ ਪਾਰਟੀ ਵੱਲ ਨੂੰ ਮੂੰਹ ਕਰ ਲਿਆ । ਜਦੋ ਸੁਖਬੀਰ ਸਿੰਘ ਬਾਦਲ ਨੂੰ ਤੇਜਾ ਸਿੰਘ ਸਮੁੰਦਰੀ ਹਾਲ ਵਿੱਚ ਸਰੋਮਣੀ ਅਕਾਲੀ ਦੱਲ ਦਾ ਪ੍ਰਧਾਨ ਬਣਾਇਆ ਸੀ ,ਉਹ ਅਕਾਲੀਆਂ ਦੀ ਇਤਹਾਸਕ ਗਲਤੀ ਸੀ ।ਮੈ ਉਸ ਦਿਨ ਪੰਜਾਬੀ ਟਰਬਿਊਨ ਵਿੱਚ ਇੱਕ ਬਿਆਨ ਦਿੱਤਾ ਸੀ ਕਿ ਅੱਜ ਦਾ ਦਿਨ ਅਕਾਲੀ ਇਤਹਾਸ ਵਿੱਚ ਕਾਲੇ ਅੱਖਰਾਂ ਨਾਲ ਲ਼ਿਖਿਆ ਜਾਏਗਾ ਜਦੋ ਇੱਕ ਪੰਥਕ ਪਾਰਟੀ ਦਾ ਪ੍ਰਧਾਨ ਇੱਕ ਗੈਰ ਅੰਮ੍ਰਿਤ ਧਾਰੀ ਬੰਦੇ ਨੂੰ ਬਣਾ ਦਿੱਤਾ ਗਿਆ । ਸੁਖਬੀਰ ਸਿੰਘ ਬਾਦਲ ਨੇ ਇਸ ਪੰਥਕ ਪਾਰਟੀ ਦਾ ਸਰੂਪ ਖਤਮ ਕਰਨ ਲਈ ਨਸ਼ਿਆਂ ਦੇ ਸੁਧਾਗਰ , ਭੂੰ ਮਾਫੀਆ, ਦਾੜੀ ਕੱਟੇ ਅਤੇ ਵਪਾਰੀ







ਲੋਕ ਸ਼ਾਮਲ ਕਰ ਲਏ ਅਤੇ ਟਕਸਾਲੀ ਪਰਿਵਾਰ ਇੱਕ ਇੱਕ ਕਰਕੇ ਪਾਰਟੀ ਵਿੱਚੋ ਬਾਹਰ ਕੱਢ ਦਿੱਤੇ ।ਸੁਖਬੀਰ ਸਿੰਘ ਬਾਦਲ ਨੇ ਪਾਰਟੀ ਲਈ ਕੋਈ ਕੁਰਬਾਨੀ ਨਹੀ ਸੀ ਕੀਤੀ ਅਤੇ ਨਾ ਹੀ ਉਸ ਨੇ ਕਦੀ ਪੰਥ ਲਈ ਜੇਲ ਯਾਤਰਾ ਕੀਤੀ ਸੀ ਉਹ ਬੱਸ ਪ੍ਰਕਾਸ਼ ਸਿੰਘ ਬਾਦਲ ਦਾ ਪੁੱਤਰ ਸੀ । ਇੱਕ ਵਾਰ ਅਮਰਇੰਦਰ ਸਿੰਘ ਨੇ ਕੁਰੱਪਸਨ ਦੇ ਕੇਸ ਵਿੱਚ ਪਟਿਆਲੇ ਦੀ ਜੇਲ ਵਿੱਚ ਜ਼ਰੂਰ ਬੰਦ ਕੀਤਾ ਸੀ ਜਿੱਥੇ ਉਹ 13 ਦਿਨ ਅੰਦਰ ਰਿਹਾ ਅਤੇ 13 ਦਿਨ ਹੀ ਰੋਂਦਾ ਰਿਹਾ ।ਸੁਖਬੀਰ ਸਿੰਘ ਬਾਦਲ ਸਮੇਤ ਮੈਂ ਸਾਰੀ ਲੀਡਰਸਿੱਪ ਨੂੰ ਖੁੱਲਾ ਚੈਲਿਜ ਕਰਦਾ ਹਾ ਕਿ ਉਹ ਪ੍ਰਕਾਸ਼ ਸਿੰਘ ਬਾਦਲ ਦੀ ਪੰਜ ਸਾਲ ਤੋਂ ਵੱਧ ਜੇਲ ਯਾਤਰਾ ਸਾਬਤ ਕਰਕੇ ਦਿਖਾਉਣ ।ਇਹ ਲੋਕ ਪ੍ਰਕਾਸ਼ ਸਿੰਘ ਬਾਦਲ ਨੂੰ ਕਦੀ ਨੈਲਸਨ ਮਡੇਲੇ ਦਾ ਖ਼ਿਤਾਬ ਦਿੰਦੇ ਹਨ ਕਦੀ ਕਹਿੰਦੇ ਹਨ ਕਿ ਬਾਦਲ ਸਾਹਿਬ ਤੋ ਵੱਧ ਕਿਸੇ ਨੇ ਜੇਲ ਨਹੀ ਕੱਟੀ ਜਦਿ ਕਿ ਟੌਹੜਾ ਸਾਹਿਬ ਨੇ ਬਾਦਲ ਸਾਹਿਬ ਨਾਲੋ ਕਿਤੇ ਵੱਧ ਕੈਦ ਕੱਟੀ ਹੈ ।ਜੋਧਪੁਰ ਦੀ ਜੇਲ ਦੀ ਯਾਤਰਾ ਕਰਨ ਵਾਲੇ ਸਾਰੇ ਸਿੰਘਾ ਨੇ ਪ੍ਰਕਾਸ਼ ਸਿੰਘ ਬਾਦਲ ਨਾਲੋ ਕਿਤੇ ਵੱਧ ਕੈਦ ਕੱਟੀ ਹੈ ।ਹੁਣ ਭਾਈ ਗੁਰਦੀਪ ਸਿੰਘ ਖੇੜਾ, ਭਾਈ ਬਲਵੰਤ ਸਿੰਘ ਰਾਜੋਆਣਾ ,ਭਾਈ ਦੇਵਿੰਦਰਪਾਲ ਸਿੰਘ ਭੁੱਲਰ ,ਭਾਈ ਜਗਤਾਰ ਸਿੰਘ ਹਵਾਰਾ , ਭਾਈ ਪਰਮਜੀਤ ਸਿੰਘ ਭਿਊਰਾ , ਭਾਈ ਜਗਤਾਰ ਸਿੰਘ ਤਾਰਾ , ਭਾਈ ਗੁਰਮੀਤ ਸਿੰਘ, ਭਾਈ ਲਖਵਿੰਦਰ ਸਿੰਘ , ਭਾਈ ਸ਼ਮਸ਼ੇਰ ਸਿੰਘ ਸਮੇਤ ਹਜ਼ਾਰਾਂ ਸਿੰਘ ਹਨ ਜਿਹਨਾ ਨੇ ਪ੍ਰਕਾਸ਼ ਸਿੰਘ ਬਾਦਲ ਨਾਲੋ ਚਾਰ ਗੁਣਾ ਵੱਧ ਕੈਦ ਕੱਟੀ ਹੈ । ਬਾਦਲ ਪਰਿਵਾਰ ਨੇ ਝੂਠ ਬੋਲ ਬੋਲ ਕੇ ਕੌਮ ਨੂੰ ਵਾਰ ਵਾਰ ਗੁਮਰਾਹ ਕੀਤਾ ਪਰ ਹੁਣ ਸੱਚ ਲੋਕਾ ਸਹਾਮਣੇ ਆ ਗਿਆ ਹੈ ।ਪਾਰਟੀ ਪਤਨ ਵੱਲ ਚਲੀ ਗਈ ਨਾ ਸੁਖਬੀਰ ਸਿੰਘ ਬਾਦਲ ਪ੍ਰਧਾਨਗੀ ਛੱਡਣਾ ਚਹੁੰਦਾ ਹੈ ਨਾ ਹੀ ਵੱਡੇ ਵੱਡੇ ਚਾਪਲੂਸ ਚਾਪਲੂਸੀ ਕਰਨ ਤੋ ਹਟਦੇ ਹਨ । ਇਤਹਾਸ ਇਹਨਾ ਨੂੰ ਕਦੀ ਮਾਫ ਨਹੀ ਕਰੇਗਾ ਕਿਉਕਿ ਇਹਨਾ ਲੋਕਾਂ ਨੇ ਇੱਕ ਪੰਥਕ ਪਾਰਟੀ ਸਰੋਮਣੀ ਅਕਾਲੀ ਦੱਲ ਨੂੰ ਪਤਨ ਵੱਲ ਧਕੇਲਣ ਵੱਲ ਕੋਈ ਕਸਰ ਨਹੀਂ ਛੱਡੀ । ਹੁਣ ਪੰਥ ਨੂੰ ਇਕੱਠੇ ਹੋ ਕੇ ਕਿਸੇ ਕੁਰਬਾਨੀ ਵਾਲੇ ਪੰਥ ਪ੍ਰਸਤ ਨੂੰ ਸਰੋਮਣੀ ਅਕਾਲੀ ਦੱਲ ਦਾ ਪ੍ਰਧਾਨ ਬਣਾ ਲੈਣਾ ਚਾਹੀਦਾ ਅਤੇ ਸਰੋਮਣੀ ਅਕਾਲੀ ਦੱਲ ਨੂੰ ਮੁੜ ਸੁਰਜੀਤ ਕਰਨਾ ਚਾਹੀਦਾ ਹੈ , ਜਿਸ ਨਾਲ ਸੰਗਤ ਖੜ ਗਈ ਉਹ ਹੀ ਪੰਥ ਦਾ ਆਗੂ ਅਤੇ ਪੰਥ ਦੀ ਅਸਲ ਪਾਰਟੀ ਬਣ ਜਾਏਗੀ । ਪੰਥ ਨੂੰ ਖੰਡੂਰ ਸਾਹਿਬ ਅਤੇ ਫਰਦੀਕੋਟ ਦੀਆ ਸੰਗਤਾ ਵੱਲੋ ਦਿੱਤੇ ਗਏ ਫੈਸਲਿਆ ਦਾ ਸੁਨੇਹਾ ਸੁਨਣਾ ਚਾਹੀਦਾ ਹੈ।

ਆਵਾਜ਼ਿ ਕੌਮ
AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਗੁ: ਸਾਹਿਬ ਸ਼ਹੀਦਾਂ ਨਿਊਯਾਰਕ (ਅਮਰੀਕਾ) ਵਿਖੇ

# ਸੰਤ ਬਾਬਾ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਮਹਾਂਪੁਰਸ਼ਾਂ ਦਾ ਪ੍ਰਬੰਧਕਾਂ ਵੱਲੋਂ ਗੋਲਡ ਮੈਡਲ ਨਾਲ ਸਨਮਾਨ















ਗੁ: ਸਾਹਿਬ ਸ਼ਹੀਦਾਂ ਨਿਊਯਾਰਕ (ਅਮਰੀਕਾ) ਵਿਖੇ ਸੰਤ ਬਾਬਾ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਮਹਾਂਪੁਰਸ਼ਾਂ ਦਾ ਗੋਲਡ ਮੈਡਲ ਨਾਲ ਸਨਮਾਨ ਕਰਦੇ ਹੋਏ ਪ੍ਰਬੰਧਕ ਸਿੰਘ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

‘ਸਿੱਖ ਫੈਡਰੇਸ਼ਨ ਆਫ਼ ਅਮੇਰਿਕਾ’ ਅਤੇ ‘ਸਿੱਖ ਯੂਥ ਆਫ਼ ਅਮੇਰਿਕਾ’ ਦੇ ਸੀਨੀਅਰ ਆਗੂ ਭਾਈ ਗੁਰਿੰਦਰਜੀਤ ਸਿੰਘ ਮਾਨਾ ਦੇ ਘਰ

# ਦਮਦਮੀ ਟਕਸਾਲ ਦੇ ਮੁਖੀ ਸ਼੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲੇ ਜੱਥੇ ਸਮੇਤ ਪਰਿਵਾਰ ਅਤੇ ਜੱਥੇਬੰਦੀ ਦੇ ਸੱਦੇ ’ਤੇ ਹਾਜ਼ਰ ਹੋਏ

## ਪਰਿਵਾਰ ਨੇ ਜੱਥੇ ਸੰਗਤ ਦਾ ਨਿੱਘਾ ਸਵਾਗਤ ਕੀਤਾ








‘ਸਿੱਖ ਫੈਡਰੇਸ਼ਨ ਆਫ਼ ਅਮੇਰਿਕਾ’ ਅਤੇ ‘ਸਿੱਖ ਯੂਥ ਆਫ਼ ਅਮੇਰਿਕਾ’ ਦੇ ਸੀਨੀਅਰ ਆਗੂ ਭਾਈ ਗੁਰਿੰਦਰਜੀਤ ਸਿੰਘ ਮਾਨਾ ਦੇ ਘਰ ਦਮਦਮੀ ਟਕਸਾਲ ਦੇ ਮੁਖੀ ਸ਼੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲੇ ਜੱਥੇ ਸਮੇਤ ਪਰਿਵਾਰ ਅਤੇ ਜੱਥੇਬੰਦੀ ਦੇ ਸੱਦੇ ਤੇ ਹਾਜਰ ਹੋਏ। ਪਰਿਵਾਰ ਨੇ ਜੱਥੇ ਸੰਗਤ ਦਾ ਨਿੱਘਾ ਸਵਾਗਤ ਕੀਤਾ। ਇਸ ਮੌਕੇ ਨਿਊਯਾਰਕ ਦੇ ਸਿੱਖ ਆਗੂਆਂ ਨੇ ਬਾਬਾ ਜੀ ਨਾਲ਼ ਪੰਥਕ ਵਿਚਾਰਾਂ ਕੀਤੀਆਂ । ਭਾਈ ਗੁਰਿੰਦਰਜੀਤ ਸਿੰਘ ਮਾਨਾ ਦੇ ਨਾਲ਼ ਸਿਖ ਯੂਥ ਆਫ ਅਮਰੀਕਾ ਦੇ ਆਗੂ ਯਾਦਵਿੰਦਰ ਸਿੰਘ, ਸ. ਭਜਨ ਸਿੰਘ, ਸ. ਸੁਖਵੰਤ ਸਿੰਘ ਦਾਖਾ, ਸ. ਪਰਦੀਪ ਸਿੰਘ, ਸ. ਹਾਜਰ ਸਨ। (ਫੋਟੋਆਂ ਤੇ ਵੇਰਵਾ : ਆਵਾਜ਼ਿ ਕੌਮ ਬਿਊਰੋ)

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243


ਮਰਣੁ ਮੁਣਸਾ ਸੂਰਿਆ ਹਕੁ ਹੈ ਜੋ ਹੋਇ ਮਰਨਿ ਪਰਵਾਣੋ ॥
ਸੂਰੇ ਸੇਈ ਆਗੈ ਆਖੀਅਹਿ ਦਰਗਹ ਪਾਵਹਿ ਸਾਚੀ ਮਾਣੋ ॥
FIRST BARSI
SHAHEED BHAI AVTAR SINGH KHANDA
Shaheed Bhai Avtar Singh Khanda followed the footsteps of his father Shaheed Bhai Kulwant Singh Khukrana, who contributed to the sangarsh launched by Sant Giani Jarnail Singh Ji Khalsa Bhindranwale.
Shaheed Bhai Avtar Singh Khanda's first barsi in the UK, has been organised at Gurdwara Baba Sang Smethwick.
Programme Details:
ARAMBHTA: FRIDAY 30 AUGUST AT 11AM
BHOG SRI AKHAND PAATH: SUNDAY 01 SEPTEMBER AT 11AM
ਆਵਾਜ਼ਿ ਕੌਮ AWAZE QAUM International Newspaper & WEB TV
GURDWARA BABA SANG JI
9 ST PAULS ROAD, SMETHWICK, WEST MIDLANDS, B66 1EE
On behalf of: The Sangat, Panthic Jathebandiyaan & Mata Charanjit Kaur Ji


ਮਰਣੁ ਮੁਣਸਾ ਸੂਰਿਆ ਹਕੁ ਹੈ ਜੋ ਹੋਇ ਮਰਨਿ ਪਰਵਾਣੋ ॥
ਸੂਰੇ ਸੇਈ ਆਗੈ ਆਖੀਅਹਿ ਦਰਗਹ ਪਾਵਹਿ ਸਾਚੀ ਮਾਣੋ ॥
A NA
ਪਹਿਲੀ ਬਰਸੀ
ਸ਼ਹੀਦ ਭਾਈ ਅਵਤਾਰ ਸਿੰਘ ਖੰਡਾ
ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਵੱਲੋਂ ਵਿੱਢੇ ਸੰਘਰਸ਼ ਵਿੱਚ ਯੋਗਦਾਨ ਪਾਉਣ ਵਾਲੇ ਸ਼ਹੀਦ ਭਾਈ ਕੁਲਵੰਤ ਸਿੰਘ ਜੀ ਖੁਖਰਾਣਾ ਦੇ ਪਾਏ ਪੂਰਨਿਆਂ ਤੇ ਚੱਲਣ ਵਾਲੇ ਉਨਾਂ ਦੇ ਨੌਜਵਾਨ ਸਪੁੱਤਰ ਸ਼ਹੀਦ ਭਾਈ ਅਵਤਾਰ ਸਿੰਘ ਖੰਡਾ ਦੀ ਪਹਿਲੀ ਬਰਸੀ ਦੇ ਸ਼ਹੀਦੀ ਸਮਾਗਮ ਗੁਰਦੁਆਰਾ ਬਾਬਾ ਸੰਗ ਸਮੇਦਿਕ ਵਿਖੇ ਉਲੀਕੇ ਗਏ ਹਨ
ਸਮਾਗਮ ਦਾ ਵੇਰਵਾ:
ਆਰੰਭਤਾ: ਸ਼ੁੱਕਰਵਾਰ 30 ਅਗਸਤ 11 ਵਜੇ
ਭੋਗ ਸ੍ਰੀ ਅਖੰਡ ਪਾਠ: ਐਤਵਾਰ 1 ਸਤੰਬਰ 11 ਵਜੇ
ਆਵਾਜ਼ਿ ਕੌਮ AWAZE QAUM International Newspaper & WEB TV
GURDWARA BABA SANG JI
9 ST PAULS ROAD, SMETHWICK, WEST MIDLANDS, B66 1EE
ਬੇਨਤੀ ਕਰਤਾ: ਸਮੂਹ ਸਾਧ ਸੰਗਤ, ਪੰਥਕ ਜਥੇਬੰਦੀਆਂ ਅਤੇ ਮਾਤਾ ਚਰਨਜੀਤ ਕੌਰ ਜੀ।

ਪਿੰਡ ਕੰਗ ਸਾਹਬੂ ਦੇ ਵਸਨੀਕਾਂ ਵੱਲੋਂ

# 'ਸਰਬ ਸਾਂਝੀ ਰੁੱਖ ਲਗਾਓ ਮੁਹਿੰਮ' ਵਿਚ ਸਹਿਯੋਗ ਦੇਣ ਵਾਲੀਆਂ ਪਿੰਡ ਅਤੇ ਦੇਸ਼ ਵਿਦੇਸ਼ ਦੀਆਂ ਸਮੂਹ ਸੰਗਤਾਂ ਦਾ ਧੰਨਵਾਦ






















ਆਵਾਜ਼ਿ ਕੌਮ AWAZE QAUM
International Newspaper & WEB

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਗੁਰਦੁਆਰਾ ਸ੍ਰੀ ਟਾਹਲਾ ਸਾਹਿਬ ਲੰਗਰ ਹਾਲ ਦੀ

# ਨਵੀਂ ਇਮਾਰਤ ਦੀ ਉਸਾਰੀ 8 ਸਤੰਬਰ ਨੂੰ : ਬਾਬਾ ਦਰਸ਼ਨ ਸਿੰਘ ਟਾਹਲਾ ਸਾਹਿਬ



**ਚੱਬਾ / ਅੰਮ੍ਰਿਤਸਰ 29 ਅਗਸਤ (ਆਵਾਜ਼ਿ ਕੌਮ ਬਿਊਰੋ)**-ਧੰਨ ਧੰਨ ਬਾਬਾ ਦੀਪ ਸਿੰਘ ਜੀ ਸ਼ਹੀਦ ਦੇ ਸ਼ਹੀਦੀ ਅਸਥਾਨ ਗੁਰਦੁਆਰਾ ਸ੍ਰੀ ਟਾਹਲਾ ਸਾਹਿਬ, ਪਿੰਡ ਚੱਬਾ ਵਿਖੇ ਲੰਗਰ ਹਾਲ ਦੀ ਤਿੰਨ ਮੰਜ਼ਲੀ ਨਵੀਂ ਇਮਾਰਤ ਦੀ ਉਸਾਰੀ ਕਰਾਈ ਜਾ ਰਹੀ ਹੈ। ਜਿਸ ਦਾ ਨੀਂਹ ਪੱਥਰ ਮਿਤੀ 8 ਸਤੰਬਰ 2024, ਦਿਨ ਐਤਵਾਰ ਨੂੰ ਸਵੇਰੇ 10 ਵਜੇ ਸਤਿਕਾਰਯੋਗ ਸਿੰਘ ਸਾਹਿਬਾਨ, ਸੰਤ ਮਹਾਂਪੁਰਸ਼, ਨਿਹੰਗ ਸਿੰਘ ਜਥੇਬੰਦੀਆਂ ਅਤੇ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਰੱਖਿਆ ਜਾ ਰਿਹਾ ਹੈ। ਇਸ ਬਾਰੇ ਧੰਨ ਧੰਨ ਬਾਬਾ ਦੀਪ ਸਿੰਘ ਜੀ ਸ਼ਹੀਦ ਗੁਰਦੁਆਰਾ ਸ੍ਰੀ ਟਾਹਲਾ ਸਾਹਿਬ ਟਰੱਸਟ ਦੇ ਮੁੱਖ ਸੇਵਾਦਾਰ ਬਾਬਾ ਦਰਸ਼ਨ ਸਿੰਘ ਜੀ ਟਾਹਲਾ ਸਾਹਿਬ ਨੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਅਨੰਦਪੁਰ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਸੁਲਤਾਨ ਸਿੰਘ ਅਤੇ ਭਾਈ ਗੁਰਇਕਬਾਲ ਸਿੰਘ ਮੁੱਖ ਸੇਵਾਦਾਰ ਬੀਬੀ ਕੌਲਾਂ ਟਰੱਸਟ ਦੀ ਮੌਜੂਦਗੀ 'ਚ ਦੱਸਿਆ ਕਿ ਤਿੰਨ ਮੰਜ਼ਲੀ ਲੰਗਰ ਹਾਲ ਦੀ ਵਿਸ਼ਾਲ ਇਮਾਰਤ ਦੀ ਉਸਾਰੀ ਪੰਥ ਦੀਆਂ ਸਮੂਹ ਜਥੇਬੰਦੀਆਂ ਅਤੇ ਦੇਸ਼ ਵਿਦੇਸ਼ ਦੀਆਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਕਰਾਈ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਸਮਾਗਮ ਦੀਆਂ ਤਿਆਰੀਆਂ ਨੂੰ ਅੰਤਿਮ ਛੋਹਾਂ ਦਿੱਤੀਆਂ ਜਾ ਰਹੀਆਂ ਹਨ, ਉਨ੍ਹਾਂ ਲੰਗਰ ਇਮਾਰਤ ਦੀ ਉਸਾਰੀ ਦੀ ਆਰੰਭਤਾ ਸਮੇਂ ਸਮੂਹ ਸੰਗਤਾਂ ਨੂੰ ਪਰਿਵਾਰਾਂ ਸਮੇਤ ਸਮੇਂ ਸਿਰ ਹੁੰਮ ਹੁੰਮਾ ਕੇ ਹਾਜ਼ਰੀਆਂ ਭਰਨ ਅਤੇ ਤਨ ਮਨ ਧਨ ਨਾਲ ਸੇਵਾ ਕਰਕੇ ਗੁਰੂਘਰ ਦੀਆਂ ਖ਼ੁਸ਼ੀਆਂ ਪ੍ਰਾਪਤ ਕਰਨ ਦੀ ਅਪੀਲ ਕੀਤੀ ਹੈ।

## ਯੁਵਕ ਸੇਵਾਵਾਂ ਕਲੱਬ ਵੱਲੋਂ ਪ੍ਰਭਾਕਰ ਸਕੂਲ ਛੇਹਰਟਾ 'ਚ ਕਰਾਇਆ ਸ਼ਰਧਾਂਜਲੀ ਸਮਾਗਮ

# ਕੌਮੀਂ ਖੇਡ ਦਿਵਸ ਮੌਕੇ ਮੇਜਰ ਧਿਆਨ ਚੰਦ ਨੂੰ ਕੀਤਾ ਯਾਦ



**ਚੌਕ ਮਹਿਤਾ, 29 ਅਗਸਤ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਅੱਜ ਪ੍ਰਭਾਕਰ ਸੀਨੀਅਰ ਸੈਕੰਡਰੀ ਸਕੂਲ, ਛੇਹਰਟਾ ਵਿਖੇ ਭਾਰਤ ਦੀ ਕੌਮੀਂ ਖੇਡ ਹਾਕੀ ਦੇ ਜਾਦੂਗਰ ਮੇਜਰ ਧਿਆਨ ਚੰਦ (ਤਿੰਨ ਓਲੰਪਿਕ ਖੇਡਾਂ ਦੇ ਗੋਲਡ ਮੈਡਲਿਸਟ) ਦੇ 119ਵੇਂ ਜਨਮ ਦਿਵਸ ਨੂੰ ਸਮਰਪਿਤ ਮਨਾਏ ਜਾਣ ਵਾਲੇ ਕੌਮੀਂ ਖੇਡ ਦਿਵਸ ਮੌਕੇ ਯੁਵਕ ਸੇਵਾਵਾਂ ਕਲੱਬ ਅੰਮ੍ਰਿਤਸਰ ਦੇ ਪ੍ਰਧਾਨ ਅਤੇ ਪ੍ਰਸਿੱਧ ਖੇਡ ਪ੍ਰੋਮੋਟਰ ਗੁਰਿੰਦਰ ਸਿੰਘ ਮੱਟੂ ਅਤੇ ਪ੍ਰਿੰਸੀਪਲ ਰਾਜੇਸ਼ ਪ੍ਰਭਾਕਰ ਵੱਲੋਂ ਨੇ ਸਾਂਝੇ ਤੌਰ ਤੇ ਸਰਧਾਂ ਦੇ ਫੁੱਲ ਭੇਟ ਕਰਕੇ ਸ਼ਰਧਾਜਲ਼ੀ ਦਿੱਤੀ ਗਈ। ਇਸ ਮੌਕੇ ਪ੍ਰਧਾਨ ਗੁਰਿੰਦਰ ਸਿੰਘ ਮੱਟੂ ਨੇ ਅੱਜ ਵਿਸ਼ੇਸ ਦਿਨ ਬਾਰੇ ਜਾਣਕਾਰੀ ਦਿੰਦਿਆਂ ਕਿਹਾ ਕਿ ਪੂਰੇ ਭਾਰਤ ਵਿੱਚ ਮੇਜ਼ਰ ਧਿਆਨ ਚੰਦ ਦੇ ਜਨਮ ਦਿਵਸ ਨੂੰ ਸਮਰਪਿਤ ਸਮਾਗਮ ਕਰਾਏ ਜਾ ਰਹੇ ਹਨ। ਇਸੇ ਲੜੀ ਤਹਿਤ ਅੱਜ ਇਹ ਸ਼ਰਧਾਜਲ਼ੀ ਸਮਾਗਮ ਕਰਾਇਆ ਗਿਆ ਹੈ, ਆਖ਼ਿਰ ਵਿੱਚ ਪ੍ਰਧਾਨ ਗੁਰਿੰਦਰ ਸਿੰਘ ਮੱਟੂ ਨੇ ਕਿਹਾ ਕਿ ਅੱਜ ਸਮੇਂ ਦੀ ਲੋੜ ਹੈ ਕੇ ਕੌਮੀ ਖੇਡ ਦਿਵਸ ਨੂੰ ਲੋਕ ਲਹਿਰ ਬਣਨ ਬਣਾਇਆ ਜਾਵੇ। ਉਹਨਾਂ ਦੀ ਸੰਸਥਾ ਵੱਲੋਂ ਅੰਮ੍ਰਿਤਸਰ ਵਿੱਚ ਕੌਮੀਂ ਖੇਡ ਦਿਵਸ ਮਨਾਉਣ ਦੀ ਪਿਰਤ ਪਿੱਛਲੇ 20 ਸਾਲ ਤੋਂ ਚੱਲੀ ਆ ਰਹੀ ਹੈ ਅਤੇ ਪਿੱਛਲੇ 20 ਸਾਲ ਵਿੱਚ ਪਦਮ ਸ਼੍ਰੀ ਪ੍ਰਗਟ ਸਿੰਘ,ਪਦਮ ਸ਼੍ਰੀ ਕਰਤਾਰ ਸਿੰਘ, ਦ੍ਰੋਣਾਚਾਰੀਆਂ ਐਵਾਰਡੀ. ਮੋਹਿੰਦਰ ਸਿੰਘ ਢਿੱਲੋਂ, ਅਰਜੁਨਾ ਐਵਾਰਡੀ, ਮਨਜੀਤ ਕੌਰ,ਅਰਜੁਨਾ ਐਵਾਰਡੀ,ਡਾ.ਸੁਮਨ ਸ਼ਰਮਾ, ਅਰਜੁਨਾ ਐਵਾਰਡੀ. ਹਰਚਰਨ ਸਿੰਘ,ਅਰਜੁਨਾ ਐਵਾਰਡੀ, ਸੁਰਿੰਦਰ ਸਿੰਘ ਸੋਢੀ,ਅਰਜੁਨਾ ਐਵਾਰਡੀ, ਸੱਜਣ ਸਿੰਘ ਚੀਮਾ, ਅਰਜੁਨਾਐਵਾਰਡੀ,ਰਾਜਬੀਰ ਕੌਰ ਰਾਏ,ਅਰਜੁਨਾ ਐਵਾਰਡੀ ਹਰਦੀਪ ਸਿੰਘ ਭੁੱਲਰ,ਅਰਜੁਨਾ ਐਵਾਰਡੀ ਖੁਸ਼ਬੀਰ ਕੌਰ,ਅਰਜੁਨਾ ਐਵਾਰਡੀ.ਬੋਬੀ ਛੀਨਾ, ਓਲਪੀਅਨ ਮਨਦੀਪ ਕੌਰ,ਓਲਪੀਅਨ ਬਲਵਿੰਦਰ ਸਿੰਘ ਸ਼ੰਮੀ, ਇੰਟਰਨੈਸਨਲ ਖਿਡਾਰੀ ਅਮਰੀਕ ਸਿੰਘ ਪੁਵਾਰ, ਇੰਟਰਨੈਸਨਲ ਖਿਡਾਰੀ ਗੁਰਮੀਤ ਸਿੰਘ ਚੀਮਾ,ਇੰਟਰਨੈਸਨਲ ਖਿਡਾਰੀ ਹਰਪਾਲ ਸਿੰਘ ਰੰਧਾਵਾ,ਮਾਸਟਰ ਇੰਟਰਨੈਸਨਲ ਖਿਡਾਰੀ ਡਾਕਟਰ ਸੁਖਦੇਵ ਸਿੰਘ, ਮਾਸਟਰ ਇੰਟਰਨੈਸਨਲ ਖਿਡਾਰੀ ਕਸ਼ਮੀਰ ਸਿੰਘ ਖ਼ਿਆਲਾ, ਮਾਸਟਰ ਇੰਟਰਨੈਸਨਲ ਖਿਡਾਰੀ ਅਵਤਾਰ ਸਿੰਘ, ਇੰਟਰਨੈਸਨਲ ਖਿਡਾਰੀ ਨਵਜੋਤ ਕੌਰ, ਇੰਟਰਨੈਸਨਲ ਖਿਡਾਰੀ ਪ੍ਰਵੀਨ ਕੌਰ, ਇੰਟਰਨੈਸਨਲ ਖਿਡਾਰੀ ਨੀਂਤੂ ਬਾਲਾ, ਇੰਟਰਨੈਸਨਲ ਖਿਡਾਰੀ ਬਲਦੇਵ ਸਿੰਘ, ਇੰਟਰਨੈਸਨਲ ਖਿਡਾਰੀ ਵਿਸ਼ਾਲ ਖੰਨਾ ਵਰਗੇ ਮਹਾਨ ਖਿਡਾਰੀਆਂ ਦਾ ਸਨਮਾਨ ਕੀਤਾ ਜਾ ਚੁੱਕਾ ਹੈ ਅਤੇ ਡੀਸੀਪੀ.ਭੰਡਾਲ ਨੂੰ "ਲਾਈਫ ਟਾਈਮ ਅਚੀਵਮੈਂਟ ਐਵਾਰਡ" ਅਤੇ ਹਾਕੀ ਓਲਪੀਅਨ ਗੁਰਜੀਤ ਕੌਰ ਨੂੰ "ਮੇਜਰ ਧਿਆਨ ਚੰਦ ਐਵਾਰਡ" ਨਾਲ ਸਨਮਾਨਿਤ ਕੀਤਾ ਜਾ ਚੁੱਕਾ ਹੈ ਲੰ ਅੱਜ ਦੇ ਸਮਾਗਮ ਵਿੱਚ ਪ੍ਰਿੰਸੀਪਲ ਰਾਜੇਸ਼ ਪ੍ਰਭਾਕਰ, ਗੁਰਿੰਦਰ ਸਿੰਘ ਮੱਟੂ, ਇੰਦੂ ਕਾਲੀਆਂ, ਮਨਵਿੰਦਰ ਸਿੰਘ, ਗੁਰਦੀਪ ਸਿੰਘ, ਅਸ਼ਵਨੀ ਕੁਮਾਰ ਲਵਲੀ ਅਤੇ ਮੇਘ ਆਦਿ ਹਾਜ਼ਰ ਸਨ।

# ਸੈਨਿਕ ਵਿੰਗ ਵੱਲੋਂ ਸੂਬੇਦਾਰ ਮੇਜਰ ਰਾਜ ਸਿੰਘ ਜਿਲਾ ਪ੍ਰਧਾਨ ਅਤੇ ਜਿਲ੍ਹੇ ਦੀ ਸਮੁੱਚੀ ਟੀਮ ਦੀ ਚੋਣ ਸਰਬਸੰਮਤੀ ਨਾਲ ਕੀਤੀ - ਸੂਬੇਦਾਰ ਕਮਲ ਸ਼ਰਮਾ



**ਬਰਨਾਲਾ ( ਰਣਜੀਤ ਸਿੰਘ ਪੇਧਨੀ )** ਅਗਸਤ ਸਥਾਨਕ ਹੋਟਲ ਵਿਜਟ ਵਿੱਖੇ ਸਾਬਕਾ ਸੈਨਿਕ ਵਿੰਗ ਦੀ ਵਿਸੇਸ ਇਕਤਰਤਾ ਹੋਈ ਜਿਲ੍ਹਾ ਬਰਨਾਲਾ ਦੀ ਸਮੁੱਚੀ ਟੀਮ ਦੀ ਚੋਣ ਸਰਭ ਸੰਮਤੀ ਨਾਲ ਹੋਈ ਅਤੇ ਕੁਝ ਮਤੇ ਭੀ ਪਾਏ ਗਏ ਇਸ ਮੀਟਿੰਗ ਵਿੱਚ ਸਾਬਕਾ ਸੂਬਾ ਪ੍ਰਧਾਨ ਇੰਜ ਗੁਰਜਿੰਦਰ ਸਿੰਘ ਸਿੱਧੂ ਵਿਸੇਸ ਤੌਰ ਤੇ ਸ਼ਾਮਿਲ ਹੋਏ ਇਹ ਜਾਣਕਾਰੀ ਪ੍ਰੈਸ ਦੇ ਨਾ ਜਾਰੀ ਕਰਦਿਆ ਸੂਬੇਦਾਰ ਕਮਲਜੀਤ ਸ਼ਰਮਾ ਨੇ ਦੱਸਿਆ ਕਿ ਸਰਬਸੰਮਤੀ ਨਾਲ ਜਿਲ੍ਹਾ ਬਰਨਾਲਾ ਸੈਨਿਕ ਵਿੰਗ ਦੀ ਟੀਮ ਦੀ ਚੋਣ ਕੀਤੀ ਗਈ ਜਿਸ ਵੀ ਸੂਬੇਦਾਰ ਮੇਜਰ ਰਾਜ ਸਿੰਘ ਜਿਲ੍ਹਾ ਪ੍ਰਧਾਨ ਕੈਪਟਨ ਵਿਕਰਮ ਸਿੰਘ ਅਤੇ ਸੂਬੇਦਾਰ ਸੌਦਾਗਰ ਸਿੰਘ ਦੋਵਾ ਨੂੰ ਸਰਪ੍ਰਸਤ ਕੈਪਟਨ ਪਰਮਜੀਤ ਸਿੰਘ ਕੱਟੂ ਅਤੇ ਵਾਰੰਟ ਅਫ਼ਸਰ ਬਲਵਿੰਦਰ ਸਿੰਘ ਢੀਂਡਸਾ ਮੁੱਖ ਸਲਾਹਕਾਰ ਸੂਬੇਦਾਰ ਧੰਨਾ ਸਿੰਘ ਧੌਲਾ ਹੋਣਗੇ ਜਰਨਲ ਸਕੱਤਰ ਸੂਬੇਦਾਰ ਕਮਲਜੀਤ ਸ਼ਰਮਾ ਅਤੇ ਕੈਪਟਨ ਬਿੱਕਰ ਸਿੰਘ ਹੋਣਗੇ ਸੀਨੀਅਰ ਵਾਈਸ ਪ੍ਰਧਾਨ ਸੂਬੇਦਾਰ ਜਗਸੀਰ ਸਿੰਘ ਭੈਣੀ ਅਤੇ ਸੂਬੇਦਾਰ ਗੁਰਮੇਲ ਸਿੰਘ ਝਲੂਰ,ਵਾਰੰਟ ਅਫ਼ਸਰ ਸਮਸ਼ੇਰ ਸਿੰਘ ਸੇਖੋਂ ਅਤੇ ਹੌਲਦਾਰ ਬਸੰਤ ਸਿੰਘ ਉਗੋ ਵਾਈਸ ਪ੍ਰਧਾਨ ਹੌਲਦਾਰ ਬਲਦੇਵ ਸਿੰਘ ਹਮੀਦੀ ਹੌਲਦਾਰ ਹਰਪਾਲ ਸਿੰਘ ਜਥੇਬੰਦਕ ਸਕੱਤਰ ਸੂਬੇਦਾਰ ਹਰਵਿੰਦਰ ਸਿੰਘ ਹੌਲਦਾਰ ਨਿਰਭੈ ਸਿੰਘ ,ਸਾਰਜੈਂਟ ਮਹਿੰਦਰ ਸਿੰਘ ਮੌਜੀ ਅਤੇ ਸੂਬੇਦਾਰ ਨਾਇਬ ਸਿੰਘ ਹੋਣਗੇ ਸਕੱਤਰ ਹੌਲਦਾਰ ਰੂਪ ਸਿੰਘ ਮਹਿਤਾ ਹੋਣਗੇ ਕੈਸ਼ੀਅਰ ਅਤੇ ਵਰਕਿੰਗ ਕਮੇਟੀ ਵਿੱਚ ਦਸ ਮੈਂਬਰ ਹੋਣਗੇ। ਇਸ ਮੌਕੇ ਬੋਲਦਿਆਂ ਇੰਜ ਸਿੱਧੂ ਨੇ ਕਿਹਾ ਕਿ ਪੰਜਾਬ ਵਿੱਚ ਚਾਰ ਲੱਖ ਸੱਤਰ ਹਜਾਰ ਸਾਬਕਾ ਸੈਨਿਕਾਂ ਅਤੇ ਸੈਨਿਕ ਵਿਧਵਾਵਾਂ ਦੇ ਪਰਿਵਾਰ ਹਨ ਅਫਸੋਸ ਦੀ ਗੱਲ ਹੈ ਕਿ ਸਾਡੇ ਛੋਟੇ ਗਰੁੱਪਾਂ ਵਿੱਚ ਵੰਡੇ ਹੋਣ ਕਰਕੇ ਹਰ ਇਕ ਸਰਕਾਰ ਨੇ ਸਾਨੂੰ ਅਣਗੌਲਿਆ ਕੀਤਾ ਹੈ ਇਥੋਂ ਤੱਕ ਕੇ ਕਿਸੇ ਭੀ ਸਰਕਾਰ ਨੇ ਜਿਲ੍ਹੇ ਨਾਲ ਸਬੰਧਤ ਦੇਸ ਲਈ ਜਾਨਾਂ ਕੁਰਬਾਨ ਕਰਨ ਵਾਲੇ ਮਹਾਨ ਸਹਿਦਾ ਦੀਆ ਯਾਦਗਾਰਾਂ ਤੱਕ ਨਹੀਂ ਬਣਾਈਆ 15 ਅਗਸਤ 26 ਜਨਵਰੀ ਵਾਲੇ ਦਿਨਾਂ ਤੇ ਇਹਨਾਂ ਪਰਵਾਰਾਂ ਨੂੰ ਕੋਈ ਬਲਾਉਂਦਾ ਤੱਕ ਨਹੀਂ ਅਸੀਂ ਆਪ ਸ਼ਹੀਦੀ ਸਮਾਗਮ ਕਰਕੇ ਸ਼ਹੀਦਾ ਨੂੰ ਸਰਧਾਂਜਲੀਆਂ ਭੇਟ ਕਰਦੇ ਹਾਂ ਸ਼ਹੀਦ ਭੀ ਅਸੀਂ ਹੋਈਏ ਤੇ ਸ਼ਹੀਦੀ ਦਿਹਾੜੇ ਭੀ ਆਦਿ ਖੁਦ ਮਨਾਈਏ ਅੱਜ ਤੱਕ ਕਿਸੇ ਭੀ ਸਰਕਾਰ ਨੇ ਸਾਬਕਾ ਫੌਜੀ ਨੂੰ ਸਕਿਲਡ ਵਰਕਰ ਦਾ ਦਰਜਾ ਨਹੀਂ ਦਿੱਤਾ ਉਹਨਾਂ ਸਾਬਕਾ ਫੌਜੀਆ ਨੂੰ ਛੋਟੇ ਛੋਟੇ ਗਰੁੱਪ ਛੱਡ ਕੇ ਪੰਜਾਬ ਪੱਧਰ ਤੇ ਲਾਮਵੰਦ ਹੋਣਾ ਚਾਹੀਦਾ ਹੈ ਆਖੀਰ ਵਿੱਚ ਉਹਨਾਂ ਜਿਲ੍ਹਾ ਪ੍ਰਧਾਨ ਅਤੇ ਉਹਨਾਂ ਦੀ ਸਮੁੱਚੀ ਟੀਮ ਨੂੰ ਨਿੱਘੀ ਵਧਾਈ ਦਿੰਦਿਆ ਵੱਡਾ ਵਿਸਥਾਰ ਕਰਨ ਦੀ ਰਾਇ ਦਿੱਤੀ। ਦੋ ਮਤੇ ਭੀ ਸਰਬਸੰਮਤੀ ਨਾਲ ਪਾਸ ਕੀਤੇ ਮਤਾ ਇਕ ਵਿੰਗ ਦਾ ਵਿਸਥਾਰ ਕੀਤਾ ਜਾਵੇ ਅਤੇ ਸਾਬਕਾ ਫੌਜੀਆਂ ਨੂੰ ਲਾਮਵੰਦ ਕੀਤਾ ਜਾਵੇ ਦੂਸਰੇ ਮਤੇ ਰਾਹੀਂ ਫੈਸਲਾ ਕੀਤਾ ਕੇ ਸਾਬਕਾ ਫੌਜੀਆ ਵੱਲੋ ਕਲਕੱਤਾ ਵਿੱਚ ਡਾਕਟਰ ਕੁੜੀ ਦੇ ਕਾਤਲਾ ਨੂੰ ਢੁੱਕਵੀਂ ਸਜਾ ਦਿਵਾਉਣ ਲਈ ਡਿਪਟੀ ਕਮਿਸ਼ਨਰ ਰਾਹੀਂ ਮਾਣਯੋਗ ਰਾਸ਼ਟਰਪਤੀ ਜੀ ਨੂੰ ਮੈਮੋਰੰਡਮ ਭੇਜਿਆ ਜਾਵੇ।

# ਸਰਕਾਰ ਖਾਲੀ ਪਈਆਂ ਅਸਾਮੀਆਂ ਨੂੰ ਜਲਦ ਭਰੇ: ਪੰਡਿਤ ਰਾਕੇਸ਼ ਸ਼ਰਮਾ, ਕਮਲਜੀਤ ਕੌਰ



**ਚੌਕ ਮਹਿਤਾ, 29 ਅਗਸਤ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸਿਵਲ ਹਸਪਤਾਲ, ਅੰਮ੍ਰਿਤਸਰ ਇਲਾਕੇ 'ਚ ਵਧੀਆ ਸਿਹਤ ਸਹੂਲਤਾਂ ਦੇਣ ਵਿਚ ਮੋਹਰੀ ਰਿਹਾ ਹੈ ਅਤੇ ਮਰੀਜ਼ਾ ਨੂੰ ਲਗਾਤਾਰ ਵਧੀਆ ਸਿਹਤ ਸਹੂਲਤਾਂ ਦਿੱਤੀਆ ਜਾ ਸਕਦੀਆਂ ਹਨ ਜੇਕਰ ਡਾਕਟਰ ਅਤੇ ਨਰਸਿਗ ਸਟਾਫ ਨਾਲ ਮਿਲ ਕੇ ਕੰਮ ਕਰਨ ਇਹਨਾਂ ਸ਼ਬਦਾ ਦਾ ਪ੍ਰਗਟਾਵਾ ਯੂਨਾਈਟਿਡ ਨਰਸਿੰਗ ਐਸੋਸੀਏਸ਼ਨ ਦੇ ਜਿਲ੍ਹਾ ਪ੍ਰਧਾਨ ਸ੍ਰੀ ਕਮਲਜੀਤ ਕੌਰ ਮੈਟਰਨ ਅਤੇ ਇੰਪਲਾਈਜ਼ ਵੈਲਫੇਅਰ ਐਸੋਸੀਏਸ਼ਨ ਦੇ ਚੇਅਰਮੈਨ ਪੰਡਿਤ ਰਾਕੇਸ਼ ਸ਼ਰਮਾ ਜੀ ਵਲੋ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਸਾਂਝਾ ਕੀਤਾ ਉਹਨਾਂ ਕਿਹਾ ਕਿ ਜਿਲਾ ਪੱਧਰੀ ਹਸਪਤਾਲ ਵਿਚ ਸਟਾਫ ਨਰਸਾ ਦੀ ਬਹੁਤ ਕਮੀ ਆ ਰਹੀ ਹੈ ਕਿਉਕਿ ਪੰਜ ਸਟਾਫ ਨਰਸਾਂ ਦੀ ਟ੍ਰਾਂਸਫਰ ਹੋ ਗਈ ਹੈ ਅਤੇ 2 ਸਟਾਫ ਦੀ ਪ੍ਰਸੂਤਾ ਛੁੱਟੀ ਚੱਲ ਰਹੀ ਹੈ ਅਤੇ ਕੁਝ ਸਟਾਫ ਡੇਪੂਟੇਸ਼ਨ ਤੇ ਚੱਲ ਰਿਹਾ ਹੈ ਪੰਜਾਬ ਸਰਕਾਰ ਖਾਲੀ ਪਈਆਂ ਆਸਾਮੀਆ ਨੂੰ ਭਰ ਕੇ ਸਟਾਫ ਦੀ ਕਮੀ ਨੂੰ ਪੂਰਾ ਕਰਨਾ ਚਾਹੀਦਾ ਹੈ ਤਾ ਕਿ ਜਿਲਾ ਹਸਪਤਾਲ ਦਾ ਕੰਮ ਤਸੱਲੀ ਬਖਸ਼ ਕੀਤਾ ਜਾ ਸਕੇ।

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243
ਆਵਾਜ਼ਿ ਕੌਮ AWAZE QAUM
International Newspaper & WEB TV

‘ਬਾਲ ਲੇਖਕਾਂ ਦੀ ਕਿਤਾਬ ‘ਨਵੀਆਂ ਕਲਮਾਂ ਨਵੀਂ ਉਡਾਣ’ ਭਾਗ-19 ਸੁੱਖੀ ਬਾਠ ਵੱਲੋਂ ਲੋਕ ਅਰਪਿਤ

# ਉਪਰਾਲਾ ਬੱਚਿਆਂ ਨੂੰ ਪੰਜਾਬੀ ਸਾਹਿਤ ਨਾਲ ਜੋੜਨ ’ਚ ਵੱਡੇ ਪੱਧਰ ’ਤੇ ਸਹਾਈ ਸਿੱਧ ਹੋਵੇਗਾ - ਬਾਠ




**ਫ਼ਿਰੋਜ਼ਪੁਰ, 29 ਅਗਸਤ:( ਸੁਖਮੰਦਰ ਸਿੰਘ ਸ਼ਾਤ )**-ਪੰਜਾਬ ਭਵਨ ਸਰੀ ਕੈਨੇਡਾ ਦੇ ਸੰਸਥਾਪਕ ਸ੍ਰੀ ਸੁੱਖੀ ਬਾਠ ਅਤੇ ਪੰਜਾਬ ਭਵਨ ਜਲੰਧਰ ਦੇ ਉਪਰਾਲੇ ਸਦਕਾ ਜ਼ਿਲ੍ਹਾ ਫ਼ਿਰੋਜ਼ਪੁਰ ਦੇ ਬਾਲ ਲੇਖਕਾਂ ਦੀ ਨਵੀਂ ਕਿਤਾਬ ‘ਨਵੀਆਂ ਕਲਮਾਂ ਨਵੀਂ ਉਡਾਣ’ ਦੇ ਭਾਗ – 19 ਨੂੰ ਸਥਾਨਕ ਦੇਵ ਸਮਾਜ ਮਾਡਲ ਸੀਨੀਅਰ ਸੈਕੰਡਰੀ ਸਕੂਲ ਵਿਖੇ ਲੋਕ ਅਰਪਿਤ ਕੀਤਾ ਗਿਆ, ਜਿਸ ਦੀ ਸੰਪਾਦਨਾ ਡਾ. ਅਮਰਜੋਤੀ ਮਾਂਗਟ ਵੱਲੋਂ ਕੀਤੀ ਗਈ। ਇਸ ਪੁਸਤਕ ਦੇ ਲੋਕ ਅਰਪਣ ਸਮਾਰੋਹ ਮੌਕੇ ਨਾਮਵਰ ਸਮਾਜ ਸੇਵੀ ਸ੍ਰੀ ਸੁੱਖੀ ਬਾਠ(ਕਨੇਡਾ) ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।



ਇਸ ਮੌਕੇ ਸ੍ਰੀ ਸੁੱਖੀ ਬਾਠ ਨੇ ਉਕਤ ਪ੍ਰੋਜੈਕਟ ਨਾਲ ਜੁੜੀ ਸਮੁੱਚੀ ਟੀਮ ਨੂੰ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਇਹ ਉਪਰਾਲਾ ਪੰਜਾਬੀ ਭਾਸ਼ਾ ਦੀ ਸਲਾਮਤੀ ਅਤੇ ਪਾਸਾਰ ਨਾਲ ਜੁੜਿਆ ਹੋਇਆ ਹੈ। ਉਨ੍ਹਾਂ ਕਿਹਾ ਕਿ ਮੇਰਾ ਇਹ ਯਤਨ ਸਾਡੀ ਨਵੀਂ ਪੀੜ੍ਹੀ ਨੂੰ ਪ੍ਰਚਲਿਤ ਅਲਾਮਤਾਂ ਤੋਂ ਬਚਾਅ ਕੇ ਸਹੀ ਮਾਰਗ ‘ਤੇ ਤੋਰਨ ਅਤੇ ਉਨ੍ਹਾਂ ਨੂੰ ਪੰਜਾਬੀ ਸਾਹਿਤ ਨਾਲ ਜੋੜਨ ਵਿਚ ਵੱਡੇ ਪੱਧਰ ’ਤੇ ਸਹਾਈ ਸਿੱਧ ਹੋਵੇਗਾ। ਉਨ੍ਹਾਂ ਕਿਹਾ ਕਿ ਇਸ ਪੁਸਤਕ ਵਿੱਚ ਫ਼ਿਰੋਜ਼ਪੁਰ ਜ਼ਿਲ੍ਹੇ ਦੇ 67 ਸਕੂਲਾਂ ਦੇ 99 ਬੱਚਿਆਂ ਵੱਲੋਂ ਆਪਣੀਆਂ ਰਚਨਾਵਾਂ ਲਿਖੀਆਂ ਗਈਆਂ ਹਨ।

ਇਸ ਸਮਾਰੋਹ ਦੀ ਪ੍ਰਧਾਨਗੀ ਮੁਨੀਲਾ ਅਰੋੜਾ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿੱ.), ਸੁਨੀਤਾ ਰਾਣੀ ਜ਼ਿਲ੍ਹਾ ਸਿੱਖਿਆ ਅਫ਼ਸਰ (ਐ.ਸਿੱ.), ਅਮਰੀਕ ਸਿੰਘ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਪ੍ਰਿੰਸੀਪਲ ਡਾ. ਸਤਿੰਦਰ ਸਿੰਘ ਨੈਸ਼ਨਲ ਐਵਾਰਡੀ, ਡਾ. ਜਗਦੀਪ ਸਿੰਘ ਸੰਧੂ ਜ਼ਿਲ੍ਹਾ ਭਾਸ਼ਾ ਅਫ਼ਸਰ ਅਤੇ ਐਡਵੋਕੇਟ ਅਜੇ ਬੱਤਾ ਵੱਲੋਂ ਕੀਤੀ ਗਈ। ਉਨ੍ਹਾਂ ਸ੍ਰੀ ਬਾਠ ਤੇ ਉਨ੍ਹਾਂ ਦੀ ਸੰਸਥਾ ਦੇ ਪੰਜਾਬੀ ਭਾਸ਼ਾ ਤੇ ਸਕੂਲੀ ਵਿਦਿਆਰਥੀਆਂ ਲਈ ਕੀਤੇ ਇਸ ਵਿਸ਼ੇਸ਼ ਉਪਰਾਲੇ ਲਈ ਸ਼ਲਾਘਾ ਕੀਤੀ ਅਤੇ ਉਕਤ ਪ੍ਰੋਜੈਕਟ ਨਾਲ ਜੁੜੀ ਸਮੁੱਚੀ ਟੀਮ ਨੂੰ ਵੀ ਮੁਬਾਰਕਬਾਦ ਦਿੱਤੀ।

ਇਸ ਮੌਕੇ ਪੁਸਤਕ ਦੇ ਸੰਪਾਦਕ ਅਮਰਜੋਤੀ ਮਾਂਗਟ ਨੇ ਦੱਸਿਆ ਕਿ ਇਸ ਪੁਸਤਕ ਵਿੱਚ ਜ਼ਿਲ੍ਹੇ ਨਾਲ ਸਬੰਧਿਤ ਵੱਖ-ਵੱਖ ਸਕੂਲਾਂ ਦੇ ਵਿਦਿਆਰਥੀਆਂ ਦੀਆਂ ਰਚਨਾਵਾਂ ਨੂੰ ਸ਼ਾਮਿਲ ਕੀਤਾ ਗਿਆ ਹੈ। ਉਨ੍ਹਾਂ ਸੁੱਖੀ ਬਾਠ ਹੋਰਾਂ ਦੇ ਇਸ ਉਪਰਾਲੇ ਦੀ ਪ੍ਰਸ਼ੰਸਾ ਕੀਤੀ। ਇਸਦੇ ਨਾਲ ਹੀ ਉਨ੍ਹਾਂ ਪਹੁੰਚੇ ਹੋਏ ਸਮੂਹ ਮਹਿਮਾਨਾਂ ‘ਤੇ ਅਧਿਆਪਕਾਂ ਅਤੇ ਵਿਦਿਆਰਥੀਆਂ ਦਾ ਧੰਨਵਾਦ ਕੀਤਾ।

ਸਮਾਗਮ ਦੌਰਾਨ ਪੁਸਤਕ ‘ਚ ਪ੍ਰਕਾਸ਼ਿਤ ਰਚਨਾਵਾਂ ਨੂੰ ਹਾਜ਼ਰ ਵਿਦਿਆਰਥੀਆਂ ਵੱਲੋਂ ਬੜੇ ਹੀ ਸੁੰਦਰ ਤੇ ਆਕਰਸ਼ਕ ਢੰਗ ਨਾਲ ਸਰੋਤਿਆਂ ਸਾਹਮਣੇ ਪੇਸ਼ ਕੀਤਾ ਗਿਆ। ਇਸ ਮੌਕੇ ਬੱਚਿਆਂ ਨੂੰ ਮੈਡਲ ਅਤੇ ਪ੍ਰਮਾਣ ਪੱਤਰ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਅਸ਼ੋਕ ਬਹਿਲ ਸਕੱਤਰ ਜ਼ਿਲ੍ਹਾ ਰੈੱਡ ਕਰਾਸ, ਡਾ. ਸੁਨੀਤਾ ਰੰਗਬੁਲਾ ਮੈਨੇਜਰ ਦੇਵ ਸਮਾਜ ਮਾਡਲ ਸਕੂਲ, ਡਾ. ਸੰਗੀਤਾ ਪ੍ਰਿੰਸੀਪਲ ਦੇਵ ਸਮਾਜ ਕਾਲਜ ਫ਼ਾਰ ਵੂਮੈਨ, ਡਾ. ਰਾਜਵਿੰਦਰ ਕੌਰ ਪ੍ਰਿੰਸੀਪਲ ਦੇਵ ਸਮਾਜ ਕਾਲਜ ਆਫ਼ ਐਜੂਕੇਸ਼ਨ, ਵਿਪੁਲ ਨਾਰੰਗ ਸਮਾਜ ਸੇਵੀ, ਡਾ. ਸਵਰਨ ਕੌਰ ਸਿਓਨਾ ਸਮਾਜ ਸੇਵਿਕਾ, ਪ੍ਰੋ: ਜੇ.ਐਸ. ਮਾਂਗਟ, ਸ. ਉਂਕਾਰ ਸਿੰਘ ਤੇਜੇ ਪ੍ਰੋਜੈਕਟ ਇੰਚਾਰਜ, ਸੁਮਨਦੀਪ ਕੌਰ ਬੀ.ਪੀ.ਈ.ਓ ਫਿਰੋਜ਼ਪੁਰ 1, ਸੁਖਵਿੰਦਰ ਕੌਰ ਬੀ.ਪੀ.ਈ.ਓ ਮੱਖੂ, ਹਰਜੀਤ ਕੌਰ ਬੀ.ਪੀ.ਈ.ਓ ਮੱਲਾਂਵਾਲਾ, ਸੁਰਿੰਦਰ ਸਿੰਘ ਬੀ.ਪੀ.ਈ.ਓ ਗੁਰੂਹਰਸਹਾਏ 2, ਜਸਵਿੰਦਰ ਸਿੰਘ ਬੀ.ਪੀ.ਈ.ਓ ਮਮਦੋਟ, ਹਰਪਿੰਦਰ ਸਿੰਘ ਖਾਲਸਾ ਗੁਰਦੁਆਰਾ ਛੱਪੜੀ ਸਾਹਿਬ ਤੂਤ, ਰਾਜਿੰਦਰ ਸਿੰਘ ਰਾਜਾ ਸਮੇਤ ਵੱਡੀ ਗਿਣਤੀ ਵਿੱਚ ਅਧਿਆਪਕ ਤੇ ਵਿਦਿਆਰਥੀ ਹਾਜ਼ਰ ਸਨ।

ਸਤਲੁਜ਼ ਪ੍ਰੈਸ ਕਲੱਬ ਫ਼ਿਰੋਜ਼ਪੁਰ ਵਿਖੇ

# ਹੋਇਆ ਵਾਧਾ, 3 ਮੈਂਬਰ ਕੀਤੇ ਸ਼ਾਮਲ




**ਫ਼ਿਰੋਜ਼ਪੁਰ, 29 ਅਗਸਤ (ਮਨੋਹਰ ਲਾਲ)** :— ਅੱਜ ਪ੍ਰੈਸ ਕਲੱਬ ਫ਼ਿਰੋਜ਼ਪੁਰ ਦੀ ਹੰਗਾਮੀ ਮੀਟਿੰਗ ਹੋਈ, ਜਿਸ ਵਿਚ ਤਿੰਨ ਨਵੇਂ ਮੈਂਬਰ ਸ਼ਾਮਲ ਕੀਤੇ ਗਏ, ਜਿਸ ਵਿਚ ਸਰਬਸੰਮਤੀ ਨਾਲ ਸਾਰਿਆਂ ਦੀ ਸਹਿਮਤੀ ਨਾਲ ਰਮਨਦੀਪ ਸਿੰਘ ਸੰਧੂ ਕੁਲਗੜ੍ਹੀ ਆਜ਼ਾਦ ਸੋਚ, ਲਖਵਿੰਦਰ ਸਿੰਘ ਅਜੀਤ, ਅਵਤਾਰ ਸਿੰਘ ਗਿੱਲ ਪਹਿਰੇਦਾਰ ਸ਼ਾਮਲ ਹੋਏ। ਇਸ ਮੌਕੇ ਤੇ ਸਤਲੁਜ਼ ਪ੍ਰੈਸ ਕਲੱਬ ਦੇ ਪ੍ਰਧਾਨ ਗੁਰਨਾਮ ਸਿੰਘ ਗਾਮਾ ਸੰਧੂ ਅਤੇ ਚੇਅਰਮੈਨ ਵਿਜੈ ਸ਼ਰਮਾ ਨੇ ਤਿੰਨ ਮੈਂਬਰਾਂ ਨੂੰ ਹਾਰ ਪਾ ਕੇ ਜੀ ਆਇਆਂ ਆਖਿਆ। ਇਸ ਮੌਕੇ ਤੇ ਗੁਰਨਾਮ ਸਿੰਘ ਗਾਮਾ ਸਿੱਧੂ ਨੇ ਬੋਲਦਿਆਂ ਕਿਹਾ ਕਿ ਅਸੀਂ ਇਨ੍ਹਾਂ ਮੈਂਬਰਾਂ ਨੂੰ ਜੀ ਆਇਆਂ ਆਖਦੇ ਹਾਂ। ਇਸ ਤੋਂ ਇਲਾਵਾ ਇਕ ਹੋਰ ਮਤੇ ਰਾਹੀਂ ਸਾਰੇ ਮੈਂਬਰਾਂ ਨੂੰ ਅਪੀਲ ਕੀਤੀ ਕਿ ਉਹ 30 ਸਤੰਬਰ 2024 ਤੱਕ ਆਪਣੇ ਚੈਨਲ ਅਖਬਾਰ ਦੀਆਂ ਅਥਾਰਟੀਆਂ ਸ਼ਨਾਖਤੀ ਕਾਰਡ ਜਮ੍ਹਾਂ ਕਰਵਾਉਣੇ ਲਾਜ਼ਮੀ ਹਨ। ਇਸ ਮੌਕੇ ਤੇ ਲਖਵਿੰਦਰ ਸਿੰਘ, ਰਮਨਦੀਪ ਸਿੰਘ ਸੰਧੂ ਕੁਲਗੜ੍ਹੀ ਅਤੇ ਅਵਤਾਰ ਸਿੰਘ ਗਿੱਲ ਨੇ ਸਤਲੁਜ਼ ਪ੍ਰੈਸ ਕਲੱਬ ਨੂੰ ਭਰੋਸਾ ਦਿੱਤਾ ਕਿ ਅਸੀਂ ਸਤਲੁਜ਼ ਪ੍ਰੈਸ ਕਲੱਬ ਦੇ ਨਾਲ ਮੋਢੇ ਨਾਲ ਮੋਢਾ ਲਾ ਕੇ ਚੱਲਾਂਗੇ ਅਤੇ ਕਦੇ ਵੀ ਪ੍ਰੈਸ ਕਲੱਬ ਨੂੰ ਸ਼ਿਕਾਇਤ ਦਾ ਮੌਕਾ ਨਹੀਂ ਦੇਵਾਂਗੇ। ਇਸ ਮੌਕੇ ਤੇ ਸਾਥੀ ਅਵਤਾਰ ਸਿੰਘ ਗਿੱਲ ਵੱਲੋਂ ਕਲੱਬ ਨੂੰ 11 ਹਜ਼ਾਰ ਫੰਡ ਵੀ ਭੇਂਟ ਕੀਤਾ ਗਿਆ। ਜਿਸ ਤੇ ਕਲੱਬ ਵੱਲੋਂ ਧੰਨਵਾਦ ਕੀਤਾ ਗਿਆ। ਇਸ ਮੌਕੇ ਤੇ ਸਤਲੁਜ਼ ਪ੍ਰੈਸ ਕਲੱਬ ਦੇ ਗੁਰਨਾਮ ਸਿੰਘ ਗਾਮਾ ਸਿੱਧੂ ਪ੍ਰਧਾਨ, ਵਿਜੈ ਸ਼ਰਮਾ ਚੇਅਰਮੈਨ, ਗੁਰਦਰਸ਼ਨ ਸਿੰਘ ਸੰਧੂ, ਜ਼ਸਵਿੰਦਰ ਸਿੰਘ ਸੰਧੂ, ਕਪਿਲ ਸੇਠੀ, ਅਸ਼ੋਕ ਕੁਮਾਰ, ਜ਼ਸਮਿੰਦਰ ਸਿੰਘ, ਜਤਿੰਦਰ ਪਿੰਕਲ, ਤਰੁਣ ਜੈਨ, ਮਨੋਹਰ ਲਾਲ, ਸੁਖਜਿੰਦਰ ਸਿੰਘ ਸੰਧੂ, ਰਕੇਸ਼ ਕਪੂਰ, ਕੰਵਰਜੀਤ ਸਿੰਘ ਸੰਧੂ, ਅਮਨ ਅਰੋੜਾ, ਨਰਿੰਦਰ ਕੇਸਰ ਅਤੇ ਨਵੇਂ ਮੈਂਬਰ ਰਮਨਦੀਪ ਸਿੰਘ ਸੰਧੂ, ਲਖਵਿੰਦਰ ਸਿੰਘ, ਅਵਤਾਰ ਸਿੰਘ ਗਿੱਲ ਹਾਜ਼ਰ ਸਨ।

# ਕੁੜੀਆਂ ਨੂੰ ਛੁੱਟੀ ਦੇ ਟਾਈਮ ਤੰਗ ਕਰਦੇ ਮੋਟਰਸਾਈਕਲ ਸਵਾਰ ਭੂੰਡ ਆਸ਼ਕਾਂ ਦੇ ਕੱਟੇ ਚਲਾਨ

## 18 ਸਾਲ ਤੋਂ ਘੱਟ ਉਮਰ ਦੇ ਬੱਚਿਆਂ ਨੂੰ ਮਾਪੇ ਦੋ ਪਹੀਆ ਵਾਹਨ ਨਾ ਚਲਾਉਣ ਦੇਣ ਨਹੀਂ ਤਾਂ ਹੋਵੇਗੀ ਸਖ਼ਤ ਕਾਰਵਾਈ ਗਗਨਜੀਤ ਸਿੰਘ







**ਜੰਡਿਆਲਾ ਗੁਰੂ, 29 ਅਗਸਤ ( ਕੁਲਵੰਤ ਸਿੰਘ ਵਿਰਦੀ)**-ਟ੍ਰੈਫਿਕ ਸਮੱਸਿਆ ਨੂੰ ਲੈ ਕਿ ਆਏ ਦਿਨ ਸਰਕਾਰਾਂ ਵੱਲੋਂ ਜੰਤਾਂ ਦੀ ਭਲਾਈ ਲਈ ਕਾਨੂੰਨ ਬਣਾਏ ਜਾਂਦੇ ਹਨ ਪਰ ਬੇਪਰਵਾਹ ਲੋਕ ਬੱਚਿਆਂ ਦੀ ਅਨਮੋਲ ਜ਼ਿੰਦਗੀ ਦੀ ਪ੍ਰਵਾਹ ਕੀਤੇ ਬਿਨਾਂ ਛੋਟੀ ਉਮਰ ਵਿੱਚ ਆਪਣੇ ਬੱਚਿਆਂ ਨੂੰ ਵਾਹਨ ਫੜਾ ਦਿੰਦੇ ਹਨ ਜਦੋਂ ਕੋਈ ਹਾਦਸਾ ਵਾਪਰ ਜਾਂਦਾ ਹੈ ਤਾਂ ਫਿਰ ਪ੍ਰਮਾਤਮਾ ਨੂੰ ਕੋਸਦੇ ਹੋਏ ਦਿਖਾਈ ਦਿੰਦੇ ਹਨ ਅਤੇ ਸਰਕਾਰ ਦੇ ਬਣਾਏ ਗਏ ਕਾਨੂੰਨਾਂ ਦੀਆਂ ਧੱਜੀਆਂ ਉਡਾਉਂਦੇ ਹੋਏ ਆਮ ਦੇਖੇ ਜਾ ਸਕਦੇ ਹਨ ਜਿਸ ਦੇ ਚੱਲਦਿਆਂ ਅੱਜ ਜੰਡਿਆਲਾ ਗੁਰੂ ਵਿਖੇ ਸਥਿਤ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਦੇ ਗੇਟ ਦੇ ਬਾਹਰ ਟਰੈਫਿਕ ਪੁਲਿਸ ਜੰਡਿਆਲਾ ਗੁਰੂ ਵੱਲੋਂ ਵਿਸ਼ੇਸ਼ ਨਾਕਾ ਲਾ ਕੇ ਚਲਾਨ ਕੱਟੇ ਗਏ। ਪ੍ਰਿੰਸੀਪਲ ਮੈਡਮ ਸਰਕਾਰੀ ਸੀਨੀਅਰ ਸੈਕੈਂਡਰੀ ਸਕੂਲ ਵੱਲੋਂ ਦਿੱਤੀਆਂ ਗਈਆਂ ਸ਼ਿਕਾਇਤਾਂ ਨੂੰ ਵੇਖਦੇ ਹੋਏ ਭੂੰਡ ਆਸ਼ਕ ਜਦੋਂ ਕੰਨਿਆ ਸਕੂਲ ਚ ਛੁੱਟੀ ਹੁੰਦੀ ਤਾਂ ਉਹਨਾਂ ਸ਼ਰਾਰਤੀ ਅਨਸਰਾਂ ਵੱਲੋਂ ਲੜਕੀਆਂ ਨੂੰ ਤੰਗ ਕਰਦੇ ਸੀ। ਜਿਸ ਕਾਰਨ ਕਈ ਵਾਰ ਲੜਕੀਆਂ ਦੇ ਮਾਂ ਬਾਪ ਨੇ ਵੀ ਪ੍ਰਿੰਸੀਪਲ ਮੈਡਮ ਨੂੰ ਸ਼ਿਕਾਇਤ ਕੀਤੀ ਜਿਸ ਉਪਰੰਤ ਅੱਜ ਟਰੈਫਿਕ ਪੁਲਿਸ ਨੇ ਵੱਡੀ ਕਾਰਵਾਈ ਕਰਦਿਆਂ ਹੋਇਆਂ ਨਾਕਾ ਲਗਾ ਕੇ ਮੌਕੇ ਉੱਪਰ ਤਕਰੀਬਨ 10 ਚਲਾਨ ਕੱਟੇ। ਇਸ ਮੌਕੇ ਇੰਸਪੈਕਟਰ ਗਗਨਜੀਤ ਸਿੰਘ ਟਰੈਫਿਕ ਪੁਲਿਸ ਨੇ ਕਿਹਾ ਜੋ 18 ਸਾਲ ਤੋਂ ਘੱਟ ਉਮਰ ਵਾਲਿਆਂ ਨੂੰ ਟੂ ਵੀਲਰ ਚਲਾਉਂਦਾ ਫੜਿਆ ਗਿਆ ਤਾਂ ਉਨ੍ਹਾਂ ਦਾ ਬਿਨਾਂ ਕੋਈ ਦਲੀਲ ਅਪੀਲ ਸੁਣਨ ਤੇ ਵੀ ਉਸਦਾ ਚਲਾਨ ਕੀਤਾ ਜਾਵੇਗਾ। ਉਹਨਾਂ ਨੇ ਬੱਚਿਆਂ ਦੇ ਮਾਂ ਬਾਪ ਨੂੰ ਅਪੀਲ ਕੀਤੀ ਕਿ 18 ਸਾਲ ਤੋਂ ਘੱਟ ਵਾਲੇ ਬੱਚਿਆਂ ਨੂੰ ਟੂ ਵੀਲਰ ਨਾ ਚਲਾਨ ਦਿਓ । ਅੱਗੇ ਉਨ੍ਹਾ ਕਿਹਾ ਕਿ ਕੰਨਿਆਂ ਸਕੂਲ ਦੀ ਛੁੱਟੀ ਟਾਈਮ ਜੋ ਵੀ ਨਜਾਇਜ਼ ਗੇੜੀਆਂ ਮਾਰਦਿਆਂ ਹੋਏ ਭੂੰਡ ਆਸ਼ਕ ਫੜੇ ਗਏ ਉਹਨਾਂ ਉਪਰ ਸਖ਼ਤ ਤੋਂ ਸਖ਼ਤ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

# ਦਸ਼ਮੇਸ਼ ਹੈਰੀਟੇਜ਼ ਸਕੂਲ ਦੇ ਵਿਦਿਆਰਥੀਆਂ ਦਾ ਸਾਇੰਸ ਪ੍ਰਤੀਯੋਗਤਾ ਵਿੱਚ ਸ਼ਾਨਦਾਰ ਪ੍ਰਦਰਸ਼ਨ



**ਚੌਕ ਮਹਿਤਾ, 29 ਅਗਸਤ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਦਸ਼ਮੇਸ਼ ਹੈਰੀਟੇਜ਼ ਪਬਲਿਕ ਸਕੂਲ, ਮਹਿਤਾ ਚੌਂਕ ਦੇ ਵਿਦਿਆਰਥੀਆਂ ਵੱਲੋਂ ਬਟਾਲਾ ਜ਼ੋਨ ਇੰਟਰ ਸਕੂਲ ਸਾਇੰਸ ਮਾਡਲ ਪ੍ਰਤੀਯੋਗਤਾ ਵਿੱਚ ਹਿੱਸਾ ਲਿਆ ਗਿਆ ਹੈ। ਇਹ ਪ੍ਰਤਿਯੋਗਤਾ ਕਾਦੀਆ ਵਿਖੇ ਸਥਿਤ ਸੇਂਟ ਵਾਰੀਅਰਜ਼ ਸਕੂਲ ਵਿਖੇ ਕਰਵਾਈ ਗਈ। ਇਸ ਪ੍ਰਤੀਯੋਗਤਾ ਵਿੱਚ ਵਿਦਿਆਰਥੀਆਂ ਵੱਲੋਂ ਵੱਖਰੇ - ਵੱਖਰੇ ਵਿਸ਼ਿਆਂ ਉੱਪਰ ਤਿਆਰ ਕੀਤੇ ਗਏ ਸਾਇੰਸ ਮਾਡਲਾਂ ਦੀ ਪ੍ਰਦਰਸ਼ਨੀ ਲਗਾਈ ਗਈ। ਜਿਸ ਵਿੱਚ ਲਗਭਗ ਦਸ ਸਕੂਲਾਂ ਨੇ ਭਾਗ ਲਿਆ। ਦਸ਼ਮੇਸ਼ ਹੈਰੀਟੇਜ਼ ਪਬਲਿਕ ਸਕੂਲ, ਦੇ ਵਿਦਿਆਰਥੀਆਂ ਵੱਲੋਂ ਵੀ ਇਸ ਪ੍ਰਤੀਯੋਗਤਾ ਵਿੱਚ ਭਾਗ ਲਿਆ ਗਿਆ। ਜਿਸ ਵਿੱਚ ਜਨਰੇਸ਼ਨ ਆਫ ਇਲੈਕਟਰਸਿਟੀ ਫਰਮ ਵੇਸਟ ਦਾ ਮਾਡਲ ਤਿਆਰ ਕੀਤਾ ਗਿਆ। ਪ੍ਰਤੀਯੋਗਤਾ ਵਿੱਚ ਦਸਵੀਂ ਜਮਾਤ ਦੇ ਵਿਦਿਆਰਥੀ ਪ੍ਰਭਜੋਤ ਸਿੰਘ ਤੇ ਅਮਨਦੀਪ ਸਿੰਘ ਨੇ ਤੀਸਰਾ ਸਥਾਨ ਹਾਸਿਲ ਕਰਕੇ ਸਕੂਲ ਦਾ ਨਾਮ ਰੌਸ਼ਨ ਕੀਤਾ। ਸਕੂਲ ਦੇ ਚੇਅਰਮੈਨ ਪ੍ਰਿੰਸੀਪਲ ਗੁਰਦੀਪ ਸਿੰਘ ਰੰਧਾਵਾ , ਡਾਇਰੈਕਟਰ ਮਨਪ੍ਰੀਤ ਸਿੰਘ ਟੱਕਰ ਅਤੇ ਪ੍ਰਿੰਸੀਪਲ ਮੈਡਮ ਸੰਦੀਪ ਕੌਰ ਨੇ ਬੱਚਿਆਂ ਨੂੰ ਵਧਾਈ ਦਿੱਤੀ ਅਤੇ ਉਹਨਾਂ ਦੀ ਪ੍ਰਸ਼ੰਸਾ ਵੀ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਸਰਦਾਰ ਹਰਪਾਲ ਸਿੰਘ ਭੁੱਲਰ ਦੀ ਅੰਤਿਮ ਅਰਦਾਸ ਅਤੇ ਪਾਠ ਦੇ ਭੋਗ ਤੇ ਭਾਰੀ ਗਿਣਤੀ ਵਿਚ ਸੰਤਾਂ, ਮਹਾਂਪੁਰਸ਼ਾਂ, ਵਕੀਲ, ਪੱਤਰਕਾਰ, ਰਾਜਨੀਤਕ ਪਾਰਟੀ ਦੇ ਆਗੂਆਂ ਤੋਂ ਇਲਾਵਾ

# ਭਾਰੀ ਗਿਣਤੀ ਵਿਚ ਸੰਗਤਾਂ ਨੇ ਭਰੀ ਹਾਜ਼ਰੀ



ਫ਼ਿਰੋਜ਼ਪੁਰ, 29 ਅਗਸਤ (ਮਨੋਹਰ ਲਾਲ) :— ਸਰਦਾਰ ਹਰਪਾਲ ਸਿੰਘ ਭੁੱਲਰ ਦੀ ਅੰਤਿਮ ਅਰਦਾਸ ਅਤੇ ਪਾਠ ਦੇ ਭੋਗ ਤੇ ਭਾਰੀ ਗਿਣਤੀ ਵਿਚ ਸੰਤਾਂ, ਮਹਾਂਪੁਰਸ਼ਾਂ, ਵਕੀਲਾਂ, ਪੱਤਰਕਾਰਾਂ, ਰਾਜਨੀਤਕ ਪਾਰਟੀਆਂ ਦੇ ਆਗੂਆਂ ਤੋਂ ਇਲਾਵਾ ਭਾਰੀ ਗਿਣਤੀ ਵਿਚ ਸੰਗਤਾਂ ਨੇ ਹਾਜ਼ਰੀ ਭਰੀ। ਇਸ ਮੌਕੇ ਤੇ ਵਿਸ਼ਵ ਭਾਈ ਮਰਦਾਨਾ ਯਾਦਗਾਰੀ ਕੀਰਤਨ ਦਰਬਾਰ ਸੁਸਾਇਟੀ ਦੇ ਹਾਲ ਵਿਚ ਖਚਾ—ਖਚ ਭਰੇ ਹਾਲ ਵਿਚ ਅੰਤਿਮ ਅਰਦਾਸ ਵਿਚ ਸ਼ਾਮਲ ਹੋਏ। ਇਸ ਮੌਕੇ ਤੇ ਸੰਤ ਬਾਬਾ ਬੋਹੜ ਸਿੰਘ ਤੂਤਾਂ ਵਾਲੇ, ਜ਼ਸਪਾਲ ਸਿੰਘ ਫੈਡਰੇਸ਼ਨ, ਪਰਮਜੀਤ ਸਿੰਘ ਕਲਸੀ, ਗੁਰਦਿਆਲ ਸਿੰਘ ਵਿਰਕ, ਅਸ਼ਵਨੀ ਮਹਿਤਾ ਪ੍ਰਧਾਨ ਵਿਉਪਾਰ ਮੰਡਲ, ਦਵਿੰਦਰ ਬਜਾਜ ਭਾਜਪਾ ਨੇਤਾ, ਰਮੇਸ਼ ਇੰਦਰ ਸਿੰਘ, ਰਣਬੀਰ ਸਿੰਘ ਭੁੱਲਰ ਵਿਧਾਇਕ ਫ਼ਿਰੋਜ਼ਪੁਰ ਸ਼ਹਿਰੀ, ਰਜਨੀਸ਼ ਦਹੀਆ ਹਲਕਾ ਵਿਧਾਇਕ ਦਿਹਾਤੀ ਫ਼ਿਰੋਜ਼ਪੁਰ, ਗੁਰਚਰਨ ਸਿੰਘ ਗਰੇਵਾਲ, ਦਿਲਬਾਗ ਸਿੰਘ ਵਿਰਕ, ਸਤਿੰਦਰਜੀਤ ਸਿੰਘ ਪ੍ਰਧਾਨ ਖਾਲਸਾ ਗੁਰਦੁਆਰਾ, ਬਾਬਾ ਕਪੂਰ ਸਿੰਘ ਸਨੇਰ, ਬਲਬੀਰ ਸਿੰਘ ਰਾਮੂਵਾਲੀਆ, ਸੁਖਪਾਲ ਸਿੰਘ ਨੰਨੂ ਸਾਬਕਾ ਵਿਧਾਇਕ, ਸ਼ੇਰ ਸਿੰਘ ਘੁਬਾਇਆ ਮੈਂਬਰ ਪਾਰਲੀਮੈਂਟ ਫ਼ਿਰੋਜ਼ਪੁਰ, ਪਰਮਿੰਦਰ ਸਿੰਘ ਪਿੰਕੀ ਸਾਬਕਾ ਵਿਧਾਇਕ, ਜ਼ਸਵਿੰਦਰ ਸਿੰਘ ਕਾਲਾ ਯੂ.ਕੇ, ਮਨਜੀਤ ਸਿੰਘ ਭੋਗਲ ਐਡਵੋਕੇਟ ਯੂ.ਕੇ, ਬਲਵਿੰਦਰ ਸਿੰਘ ਕੈਨੇਡਾ, ਬਲਵੀਰ ਸਿੰਘ ਸੀਚੇਵਾਲ ਮੈਂਬਰ ਰਾਜ ਸਭਾ, ਬਿਸ਼ਨ ਸਿੰਘ ਪਾਕਿਸਤਾਨ, ਰਮੇਸ਼ ਸਿੰਘ ਅਰੋੜਾ ਪਾਕਿਸਤਾਨ, ਡਾ: ਗਗਨਦੀਪ ਸਿੰਘ ਫਰੀਦਕੋਟ, ਪਰਮਪਾਲ ਸਿੰਘ ਉਮਰਾਨੰਗਲ, ਦਰਸ਼ਨ ਸਿੰਘ ਸ਼ੇਰਖਾਂ, ਅਸੀਸ਼ਪ੍ਰੀਤ ਸਿੰਘ ਸਾਈਆਂ ਵਾਲਾ, ਮੋਟੂ ਵੋਹਰਾ ਸ਼੍ਰੋਮਣੀ ਅਕਾਲੀ ਦਲ ਬਾਦਲ, ਨਸੀਬ ਸਿੰਘ ਪੀ.ਏ ਰਾਣਾ ਸੋਢੀ, ਗੁਰਭੇਜ਼ ਸਿੰਘ ਟਿੱਬੀ, ਬਾਬਾ ਅਜਮੇਰ ਸਿੰਘ ਰੱਬ ਸਤਲੁਜ਼ ਪ੍ਰੈਸ ਕਲੱਬ ਦੇ ਅਹੁਦੇਦਾਰ ਅਤੇ ਮੈਂਬਰ ਗੁਰਨਾਮ ਸਿੰਘ ਸਿੱਧੂ, ਜ਼ਸਵਿੰਦਰ ਸਿੰਘ ਸੰਧੂ, ਨਰਿੰਦਰ ਕੇਸਰ, ਮਨੋਹਰ ਲਾਲ ਹਾਜ਼ਰ ਸਨ। ਇਸ ਮੌਕੇ ਤੇ ਵਿਸ਼ਵ ਭਾਈ ਮਰਦਾਨਾ ਯਾਦਗਾਰੀ ਕੀਰਤਨ ਦਰਬਾਰ ਸੁਸਾਇਟੀ ਦੇ ਅਹੁਦੇਦਾਰ ਜਿਨ੍ਹਾਂ ਵਿਚ ਗੁਰਵਿੰਦਰ ਸਿੰਘ ਵਿਰਕ, ਸਰਬਜੀਤ ਸਿੰਘ ਛਾਬੜਾ, ਜਤਿੰਦਰ ਸਿੰਘ, ਸੋਹਨ ਸਿੰਘ, ਹਰਜੀਤ ਸਿੰਘ, ਹਰਜੀਤ ਸਿੰਘ ਧਾਲੀਵਾਲ, ਮੋਹਨ ਸਿੰਘ, ਹਰਦੀਪ ਸਿੰਘ ਰੱਜੀਵਾਲਾ, ਸਵਰਨ ਸਿੰਘ ਸੁਹਾਨਾ ਆਦਿ ਹਾਜ਼ਰ ਸਨ। ਇਸ ਮੌਕੇ ਤੇ ਸਟੇਜ਼ ਦੀ ਸੇਵਾ ਸਵਰਨ ਸਿੰਘ ਸੁਹਾਨਾ ਨੇ ਬਹੁਤ ਹੀ ਸੁਚੱਜੇ ਢੰਗ ਨਾਲ ਨਿਭਾਈ। ਇਸ ਮੌਕੇ ਤੇ ਬਹੁਤ ਸਾਰੇ ਸੰਦੇਸ਼ ਪੜ੍ਹ ਕੇ ਸੁਣਾਏ ਗਏ।

ਕੰਗਣਾ ਰਨੌਤ ਸਿੱਖਾਂ ਖਿਲਾਫ ਜਾਣ ਬੁੱਝ ਕੇ ਉਗਲ ਰਹੀ ਹੈ ਜ਼ਹਿਰ : ਹਰਮੀਤ ਸੋਢੀ

# ਰਿਲੀਜ਼ ਹੋਣ ਤੋਂ ਪਹਿਲਾਂ ਹੀ ਵਿਵਾਦਾਂ 'ਚ ਘਿਰੀ ਕੰਗਣਾ ਰਨੌਤ ਦੀ ਫਿਲਮ 'ਐਮਰਜੈਂਸੀ'



ਪਟਿਆਲਾ, 6 ਸਤੰਬਰ (ਆਵਾਜ਼ਿ ਕੌਮ ਬਿਊਰੋ)-ਦੁਨੀਆਂ ਭਰ ਵਿੱਚ ਰਿਲੀਜ਼ ਹੋਣ ਵਾਲੀ ਕੰਗਣਾ ਰਨੌਤ ਦੀ ਫਿਲਮ ਐਮਰਜੈਂਸੀ ਰਿਲੀਜ਼ ਤੋਂ ਪਹਿਲਾਂ ਹੀ ਲਗਾਤਾਰ ਵਿਵਾਦਾਂ ਵਿੱਚ ਘਿਰਦੀ ਜਾ ਰਹੀ ਹੈ । ਇਸ ਫਿਲਮ ਦੇ ਵਿਰੋਧ ਵਿੱਚ ਅੱਜ ਪਟਿਆਲਾ ਵਿਖੇ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਤੇ ਦਲ ਪੰਥ ਸੇਵਾਵਾਂ ਅਤੇ ਸਿੱਖ ਜਥੇਬੰਦੀਆਂ ਵੱਲੋਂ ਫਿਲਮ ਦੇ ਵਿਰੋਧ ਵਿੱਚ ਡਿਪਟੀ

**☛ ਫਿਲਮ ਦਾ ਸਿੱਖ ਜਥੇਬੰਦੀਆਂ ਵੱਲੋਂ ਜ਼ਬਰਦਸਤ ਵਿਰੋਧ ☛ ਜਥੇਬੰਦੀ ਵੱਲੋਂ ਪਟਿਆਲਾ ਪ੍ਰਸ਼ਾਸਨ ਨੂੰ ਦਿੱਤੇ ਗਏ ਫਿਲਮ ਤੇ ਰੋਕ ਲਗਾਉਣ ਦੇ ਮੰਗ ਪੱਤਰ**



ਕਮਿਸ਼ਨਰ ਸ਼ੌਕਤ ਅਹਿਮਦ ਅਤੇ ਐਸਐਸਪੀ ਨਾਨਕ ਸਿੰਘ ਅਤੇ ਹੋਰ ਵੀ ਪ੍ਰਸਾਸਨਿਕ ਅਧਿਕਾਰੀਆ ਨੂੰ ਮੰਗ ਪੱਤਰ ਦਿੱਤੇ ਗਏ । ਪਟਿਆਲਾ ਵਿੱਚ ਵੱਡੀ ਗਿਣਤੀ ਵਿੱਚ ਇਕੱਠੇ ਹੋਏ ਸਿੱਖ ਜਥੇਬੰਦੀਆਂ ਵੱਲੋਂ ਇਸ ਫਿਲਮ ਦਾ ਵਿਰੋਧ ਕੀਤਾ ਗਿਆ ਅਤੇ ਨਾਲ ਹੀ ਓਹਨਾਂ ਕਿਹਾ ਕਿ ਸਿਨੇਮਾ ਘਰਾ 'ਚ ਇਹ ਫਿਲਮ ਲੱਗਣ ਨਹੀਂ ਦਿੱਤੀ ਜਾਵੇਗੀ । ਫਿਲਮ ਦਾ ਜ਼ਬਰਦਸਤ ਵਿਰੋਧ ਕਰਨ । ਅਗਰ ਜੇ ਕੋਈ ਸਿਨੇਮਾ ਮਾਲਕ ਇਸ ਫਿਲਮ ਨੂੰ ਲਗਾਉਂਦਾ ਹੈ ਤਾਂ ਉਸ ਦਾ ਵੀ ਜ਼ੋਰਦਾਰ ਵਿਰੋਧ ਕੀਤਾ ਜਾਵੇਗਾ ।

ਇਸ ਮੌਕੇ 'ਤੇ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਜਿਲ੍ਹਾ ਯੂਥ ਪ੍ਰਧਾਨ ਹਰਮੀਤ ਸਿੰਘ ਸੋਢੀ ਨੇ ਕਿਹਾ ਕਿ ਕੰਗਣਾ ਰਨੌਤ ਵੱਲੋਂ ਲਗਾਤਾਰ ਸਿੱਖਾਂ ਨੂੰ ਟਾਰਗੇਟ ਕੀਤਾ ਜਾ ਰਿਹਾ ਹੈ ਅਤੇ ਸਿੱਖ ਵਿਰੋਧੀ ਬਿਆਨ ਦਿੱਤੇ ਜਾ ਰਹੇ ਹਨ ਅਤੇ ਪਿਛਲੇ ਦਿਨੀ ਵੀ ਕੰਗਨਾ ਰਨੌਤ ਵੱਲੋਂ ਇੱਕ ਇੰਟਰਵਿਊ ਦੌਰਾਨ ਪੰਜਾਬ ਪੰਜਾਬੀਅਤ ਅਤੇ ਸਿੱਖਾਂ ਖਿਲਾਫ ਜ਼ਿਹਰ ਉਗਲਿਆ ਗਿਆ ਹੈ ਜਿਸ ਨੂੰ ਹਰਗਿਜ਼ ਬਰਦਾਸ਼ਤ ਨਹੀਂ ਕੀਤਾ ਜਾਵੇਗਾ । ਇਸੇ ਤਰ੍ਹਾਂ ਛੇ ਤਰੀਕ ਨੂੰ ਦੁਨੀਆਂ ਭਰ ਵਿੱਚ ਰਿਲੀਜ਼ ਕੀਤੀ ਜਾ ਰਹੀ ਫਿਲਮ ਐਮਰਜੈਂਸੀ ਦੀ ਪ੍ਰੋਡਿਊਸਰ ਡਾਇਰੈਕਟਰ ਅਤੇ ਅਦਾਕਾਰ ਕੰਗਣਾ ਰਨੌਤ ਹੈ । ਜਿਸ ਵੱਲੋਂ ਸਿੱਖਾਂ ਦੇ ਕਿਰਦਾਰ ਨੂੰ ਗਲਤ ਢੰਗ ਨਾਲ ਪੇਸ਼ ਕੀਤਾ ਗਿਆ ਹੈ । ਜਿਸ ਨੂੰ ਸਿੱਖ ਕਦੇ ਵੀ ਬਰਦਾਸ਼ਤ ਨਹੀਂ ਕਰਨਗੇ ਉਹਨਾਂ ਨੇ ਫਿਲਮ ਐਮਰਜੈਂਸੀ ਨੂੰ ਬੈਨ ਕਰਨ ਦੀ ਮੰਗ ਕਰਦੇ ਹੋਏ ਲੋਕਾਂ ਨੂੰ ਅਪੀਲ ਕੀਤੀ ਕਿ ਇਹ ਉਹਨਾਂ ਕਿਹਾ ਕਿ ਕੰਗਣਾ ਰਨੌਤ ਵੱਲੋਂ ਲਗਾਤਾਰ ਅਜਿਹੇ ਬਿਆਨ ਦਿੱਤੇ ਜਾ ਰਹੇ ਹਨ । ਜਿਸ ਨਾਲ ਆਪਸੀ ਭਾਈਚਾਰੇ ਨੂੰ ਖਰਾਬ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ । ਉਹਨਾਂ ਕਿਹਾ ਕਿ ਇਸ ਫਿਲਮ ਤੇ ਬੈਨ ਲਗਾਉਣ ਦੇ ਨਾਲ ਨਾਲ ਕੰਗਣਾ ਰਨੌਤ ਖਿਲਾਫ ਵੀ ਕਾਨੂੰਨੀ ਕਾਰਵਾਈ ਕੀਤੀ ਜਾਣੀ ਚਾਹੀਦੀ ਹੈ । ਇਸ ਮੌਕੇ ਤੇ ਪ੍ਰਸ਼ਾਸਨਿਕ ਅਧਿਕਾਰੀਆਂ ਨੇ ਵਿਸ਼ਵਾਸ ਦਿਵਾਇਆ ਹੈ ਕਿ ਇਸ ਤੇ ਅਮਲ ਕਰਕੇ ਹਾਈਕਮਾਨ ਤੱਕ ਇਹ ਮੰਗ ਪੱਤਰ ਪਹੁੰਚਾ ਦਿੱਤਾ ਜਾਵੇਗਾ । ਇਸ ਮੌਕੇ ਤੇ ਹਰਭਜਨ ਸਿੰਘ ਕਸ਼ਮੀਰੀ, ਸ਼ਹਿਰੀ ਪ੍ਰਧਾਨ ਅਕਾਲੀ ਦਲ ਅੰਮ੍ਰਿਤਸਰ, ਸੁੱਖਾ ਸਿੰਘ ਨੌ ਨਿਹਾਲ ਸਿੰਘ, ਹਰਪ੍ਰੀਤ ਸਿੰਘ, ਰਣਜੀਤ ਸਿੰਘ, ਚੰਦਨ ਬੇਦੀ, ਗਗਨਦੀਪ ਸਿੰਘ, ਬਲਵਿੰਦਰ ਸਿੰਘ, ਕਵਲਦੀਪ ਸਿੰਘ, ਦਮਨਦੀਪ ਸਿੰਘ, ਸ਼ੁਭਨੀਤ ਸਿੰਘ ਤੋਂ ਇਲਾਵਾ ਸੰਗਤਾਂ ਹਾਜ਼ਰ ਸਨ।

# ਮਾਂ ਦੇ ਨਾਂ ਇਕ ਰੁੱਖ ਲਗਾਉਣ ਦਾ ਪ੍ਰਣ ਲਿਆ : ਪੀ.ਸੀ ਕੁਮਾਰ



ਫ਼ਿਰੋਜ਼ਪੁਰ, 29 ਅਗਸਤ (ਮਨੋਹਰ ਲਾਲ) :— ਅੱਜ ਸਕੂਲ ਵਿਚ ਪਹਿਲਾਂ ਦੀ ਤਰ੍ਹਾਂ ਸ੍ਰੀ ਪੀ.ਸੀ ਕੁਮਾਰ ਸੇਵਾ ਮੁਕਤ ਮਾਸ ਮੀਡੀਆ ਅਫਸਰ, ਸਿਹਤ ਵਿਭਾਗ ਜ਼ਿਲ੍ਹਾ ਫ਼ਿਰੋਜ਼ਪੁਰ, ਐਨ.ਜੀ.ਓ ਕੋਆਰਡੀਨੇਸ਼ਨ ਕਮੇਟੀ ਸਦਾਵਰਤ ਪੰਚਾਇਤੀ, ਸਮਾਜ ਸੁਧਾਰਕ ਐਕਸ ਵਾਈਸ ਪ੍ਰਧਾਨ ਨਗਰ ਕੌਂਸਲ ਫ਼ਿਰੋਜ਼ਪੁਰ ਪਹੁੰਚੇ, ਜਿਨ੍ਹਾਂ ਬੱਚਿਆਂ, ਅਧਿਆਪਕਾਂ ਅਤੇ ਮਾਪਿਆਂ ਨੂੰ ਸੰਬੋਧਨ ਕਰਦਿਆਂ ਇਸ ਗੱਲ ਤੇ ਜ਼ੋਰ ਦਿੱਤਾ ਕਿ ਜਿਸ ਤੇਜ਼ੀ ਨਾਲ ਸਰੀਰਕ, ਮਾਨਸਿਕ, ਸਮਾਜਿਕ ਕੁਰੀਤੀਆਂ, ਬਿਮਾਰੀਆਂ, ਨਸ਼ੇ, ਭਰੂਣ ਹੱਤਿਆ, ਏਡਜ ਆਦਿ ਬਿਮਾਰੀਆਂ ਵੱਧ ਰਹੀਆਂ ਹਨ, ਉਨ੍ਹਾਂ ਦਾ ਇਕੋ—ਇਕ ਕਾਰਨ ਕਿ ਸਾਡਾ ਖਾਣ—ਪੀਣ, ਰਹਿਣ—ਸਹਿਣ, ਆਦਤਾਂ, ਕੰਮ ਚੰਗੇ ਨਹੀਂ, ਜਿਸ ਸਦਕਾ ਘਰ ਸਕੂਲ, ਸਮਾਜ, ਦੇਸ਼, ਦੁਨਿਆਂ, ਨਰਕ ਰੂਪ ਧਾਰਨ ਕਰ ਰਹੀ ਹੈ, ਜਿਸ ਦਾ ਕਿਸੇ ਵੀ ਸਰਕਾਰ ਕੋਲ ਹੱਲ ਨਹੀਂ, ਇਕੋ—ਇਕ ਹੱਲ ਜਨਤਾ, ਜਨਾਰਦਨ ਖੁਦ ਸੁਧਰੇ ਪਰਿਵਾਰ, ਸਮਾਜ, ਦੇਸ਼ ਆਪਣੇ ਆਪ ਸੁਧਰ ਜਾਏਗਾ, ਜਿਸ ਤਰ੍ਹਾਂ ਅੱਜ ਵਾਤਾਵਰਣ ਪ੍ਰਦੂਸ਼ਣ ਪਲਾਸਟਿਕ ਦੀ ਵਰਤੋਂ ਤੇ ਦੂਜਾ ਪ੍ਰਦੂਸ਼ਣ ਵੱਧ ਗਿਆ ਹੈ, ਉਸੇ ਤਰ੍ਹਾਂ ਕਦੇ ਵੀ ਭਾਰਤ ਸਵੱਛਤ ਤਾਂ ਕਿ ਘਰ ਵੀ ਸਵੱਚਛ ਨਹੀਂ ਬਣ ਸਕਦਾ। ਅੱਜ ਮਾਂ ਦੇ ਨਾਂ ਇਕ ਰੁੱਖ ਦੀ ਮੁਹਿੰਮ ਨੂੰ ਸ਼ੁਰੂ ਕਰਦੇ ਹੋਏ ਇਕ—ਇਕ ਰੁੱਖ ਲਗਾ ਕੇ ਹਰ ਮਨੁੱਖ ਲਾਏ ਇਕ ਰੁੱਖ, ਵਾਤਾਵਰਣ ਹੈ, ਜ਼ੋ ਸਵੱਚੜ। ਸੁਰੂਆਤ ਕਰਕੇ ਬੇਟੀ ਬਚਾਓ ਬੇਟੀ ਪੜ੍ਹਾਓ, ਪਾਣੀ ਬਚਾਓ ਵਾਤਾਵਰਣ ਸ਼ੁੱਧ ਬਣਾਉ ਦਾ ਸਾਰੇ ਬੱਚਿਆਂ ਨੇ ਪ੍ਰਣ ਲਿਆ। ਮਾਂ ਦੇ ਨਾਂ ਤੇ ਇਕ ਰੁੱਖ ਸਕੀਮ ਅੰਮੜੀ ਜਾਮਾ ਅਪਣਾਉਣ ਲਈ ਅਧਿਆਪਕਾਂ, ਬੱਚਿਆਂ, ਮਾਪਿਆਂ ਨੇ ਰੁੱਖ ਲਾ ਕੇ ਸ਼ੁਰੂਆਤ ਕੀਤੀ। ਅਖੀਰ ਵਿਚ ਇਸ ਮੌਕੇ ਤੇ ਇਸ ਸੰਸਥਾ ਦੇ ਮੈਂਬਰ ਅਸ਼ਵਨੀ ਕੁਮਾਰ, ਉਮ ਪ੍ਰਕਾਸ਼, ਡੀ.ਕੇ, ਰਜਨੀਸ਼ ਕਪੂਰ, ਮਦਨ ਲਾਲ ਆਦਿ ਵੱਲੋਂ ਇਸ ਮੁਹਿੰਮ ਦਾ ਹਿੱਸਾ ਬਣ ਕੇ ਇਸ ਨੂੰ ਕਾਮਯਾਬ ਕਰਨ ਵਿਚ ਹਿੱਸਾ ਬਣੇ। ਅੰਤ ਵਿਚ ਸਾਰੇ ਅਧਿਆਪਕਾਂ ਦਾ ਧੰਨਵਾਦ ਕੀਤਾ ਗਿਆ।

# ਜੰਗਲਾਤ ਵਿਭਾਗ ਦੇ ਵਰਕਰਾਂ ਵੱਲੋਂ 3 ਸਤੰਬਰ ਦੀ ਮੁਹਾਲੀ ਰੈਲੀ ਦੀਆਂ ਤਿਆਰੀਆਂ ਸਬੰਧੀ ਮੀਟਿੰਗ



ਫ਼ਿਰੋਜ਼ਪੁਰ, 29 ਅਗਸਤ (ਮਨੋਹਰ ਲਾਲ) :— ਜੰਗਲਾਤ ਵਰਕਰਜ ਯੂਨੀਅਨ ਪੰਜਾਬ ਰੇਂਜ ਫਿਰੋਜ਼ਪੁਰ ਦੀ ਮੀਟਿੰਗ ਮੁਖਤਿਆਰ ਸਿੰਘ ਰੇਂਜ ਪ੍ਰਧਾਨ ਦੀ ਪ੍ਰਧਾਨਗੀ ਹੇਠ ਚੱਕ ਸਰਕਾਰ ਜੰਗਲ ਵਿਖੇ ਹੋਈ। ਮੀਟਿੰਗ ਵਿੱਚ ਜਿਲ੍ਹਾ ਜਨਰਲ ਸਕੱਤਰ ਮਿਹਰ ਸਿੰਘ, ਸੀਨੀਅਰ ਮੀਤ ਪ੍ਰਧਾਨ ਬਲਵੀਰ ਸਿੰਘ ਗੋਖੀਵਾਲਾ ਤੋ ਇਲਾਵਾ ਜੱਥੇਬੰਦੀ ਦੇ ਸਲਾਹਕਾਰ ਕਿਸ਼ਨ ਚੰਦ ਜਾਗੋਵਾਲੀਆ ਸ਼ਾਮਲ ਹੋਏ। ਮੀਟਿੰਗ ਵਿਚ ਵਰਕਰਾਂ ਨੂੰ ਦਰਪੇਸ਼ ਆ ਰਹੀਆਂ ਸਮਸਿਆਵਾਂ, ਮੁਸ਼ਿਕਲਾਂ ਬਾਰੇ ਵਿਚਾਰ ਵਟਾਂਦਰਾ ਕੀਤਾ ਗਿਆ ਤੇ ਰੇਂਜ ਫਿਰੋਜਪੁਰ ਨੂੰ ਵਰਕਰਾਂ ਦੇ ਲਟਕਦੇ ਮਸਲਿਆਂ ਬਾਰੇ ਜਲਦੀ ਮਿਲਣ ਦਾ ਪ੍ਰੋਗਰਾਮ ਬਣਾਉਣ ਬਾਰੇ ਵਿਚਾਰਾਂ ਕੀਤੀਆਂ ਗਈਆਂ। ਇਸ ਸਮੇਂ ਜੱਥੇਬੰਦੀ ਦੇ ਸਲਾਹਕਾਰ ਕਿਸ਼ਨ ਚੰਦ ਜਾਗੋਵਾਲੀਆ ਨੇ ਦੱਸਿਆ ਕਿ ਪੰਜਾਬ ਸਰਕਾਰ ਮੁਲਾਜ਼ਮ ਤੇ ਪੈਨਸ਼ਨਰਾਂ ਦੀਆਂ ਮੰਗਾਂ ਮੰਨਣ ਤੋਂ ਇਨਕਾਰੀ ਹੋ ਗਈ, ਮੁਲਾਜ਼ਮਾਂ ਤੇ ਪੈਨਸ਼ਨਰਾਂ ਦੇ ਜਾਇੰਟ ਫਰੰਟ ਨੂੰ ਮੀਟਿੰਗਾਂ ਦਾ ਵਾਰ—ਵਾਰ ਸਮਾਂ ਦੇ ਕੇ ਟਾਲਿਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਜੇਕਰ ਪੰਜਾਬ ਸਰਕਾਰ ਨੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਮੰਗਾਂ ਦਾ ਜਲਦੀ ਹੱਲ ਨਾ ਕੀਤਾ ਤਾਂ 3 ਸਤੰਬਰ ਦੀ ਮੁਹਾਲੀ ਰੈਲੀ ਵਿੱਚ ਜੰਗਲਾਤ ਕਾਮੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਨਗੇ। ਇਸ ਮੀਟਿੰਗ ਵਿੱਚ ਜੀਤ ਸਿੰਘ, ਕਰਨੈਲ ਸਿੰਘ, ਕੁਲਵੰਤ ਸਿੰਘ, ਰਾਮਾ, ਗਾਮੂ ਚਮਨ ਤੇ ਗੁਰਬਚਨ ਸਿੰਘ ਆਦਿ ਹਾਜ਼ਰ ਸਨ।

# ਨੈੱਟਬਾਲ ਅੰਡਰ 19 ਸਾਲ 'ਚ ਖੁੱਡੀਕਲਾਂ ਦੇ ਮੁੰਡੇ ਜੇਤੂ, ਹੰਡਿਆਇਆ ਦੂਜੇ ਸਥਾਨ 'ਤੇ

ਬਰਨਾਲਾ, 29 ਅਗਸਤ (ਆਵਾਜ਼ਿ ਕੌਮ ਬਿਊਰੋ )-ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿੱ.) ਬਰਨਾਲਾ ਮਲਕਾ ਰਾਣੀ ਅਤੇ ਉੱਪ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿੱ.) ਬਰਨਾਲਾ ਡਾ. ਬਰਜਿੰਦਰਪਾਲ ਸਿੰਘ ਦੀ ਅਗਵਾਈ ਹੇਠ ਵੱਖ-ਵੱਖ ਸਕੂਲਾਂ ਵਿੱਚ ਚੱਲ ਰਹੀਆਂ 68ਵੀਆਂ ਗਰਮ ਰੁੱਤ ਪੰਜਾਬ ਰਾਜ ਜ਼ਿਲ੍ਹਾ ਪੱਧਰੀ ਸਕੂਲ ਖੇਡਾਂ ਵਿੱਚ ਖਿਡਾਰੀਆਂ ਵੱਲੋਂ ਸ਼ਾਨਦਾਰ ਕਾਰਗੁਜ਼ਾਰੀ ਵਿਖਾਈ ਜਾ ਰਹੀ ਹੈ। ਸਰਵਹਿੱਤਕਾਰੀ ਵਿੱਦਿਆ ਮੰਦਰ ਬਰਨਾਲਾ ਵਿਖੇ ਚੱਲ ਰਹੀਆਂ ਨੈੱਟਬਾਲ ਖੇਡਾਂ ਮੌਕੇ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿੱ.) ਬਰਨਾਲਾ ਮਲਕਾ ਰਾਣੀ ਅਤੇ ਡੀ.ਐਮ. ਸਪੋਰਟਸ ਬਰਨਾਲਾ ਸਿਮਰਦੀਪ ਸਿੰਘ ਨੇ ਖਿਡਾਰੀਆਂ ਨੂੰ ਆਸ਼ੀਰਵਾਦ ਦੇਣ ਲਈ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ ਅਤੇ ਖੇਡ ਪ੍ਰਬੰਧਾਂ ਦਾ ਜਾਇਜ਼ਾ ਲਿਆ। ਖਿਡਾਰੀਆਂ ਦੀ ਹੌਂਸਲਾ ਅਫਜ਼ਾਈ ਕਰਦਿਆਂ ਡੀ.ਈ.ਓ. ਮਲਕਾ ਰਾਣੀ ਨੇ ਕਿਹਾ ਕਿ ਖੇਡਾਂ ਵਿਅਕਤੀ ਦੀ ਸਖਸ਼ੀਅਤ ਉਸਾਰੀ ਤੇ ਚਰਿੱਤਰ ਨਿਰਮਾਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀਆਂ ਹਨ। ਉਹਨਾਂ ਨੇ ਖਿਡਾਰੀਆਂ ਨੂੰ ਖੇਡ ਭਾਵਨਾ ਨਾਲ ਖੇਡਣ ਲਈ ਪ੍ਰੇਰਿਤ ਕੀਤਾ। ਸਕੂਲ ਪ੍ਰਿੰਸੀਪਲ ਐਸ.ਕੇ. ਮਲਿਕ ਨੇ ਆਏ ਮਹਿਮਾਨਾਂ ਅਤੇ ਖਿਡਾਰੀਆਂ ਦਾ ਸਵਾਗਤ ਕੀਤਾ। ਨੈੱਟਬਾਲ 'ਚ ਲੜਕਿਆਂ ਦੇ ਅੰਡਰ 19 ਸਾਲ ਵਿੱਚ ਸਸਸਸ ਖੁੱਡੀ ਕਲਾਂ ਨੇ ਪਹਿਲਾ, ਸਸਸਸ ਹੰਡਿਆਇਆ ਨੇ ਦੂਜਾ ਤੇ ਸਰਵਹਿੱਤਕਾਰੀ ਵਿੱਦਿਆ ਮੰਦਰ ਬਰਨਾਲਾ ਨੇ ਤੀਜਾ, ਅੰਡਰ 17 ਸਾਲ (ਲੜਕੇ) ਵਿੱਚ ਸਰਵਹਿੱਤਕਾਰੀ ਵਿੱਦਿਆ ਮੰਦਰ ਬਰਨਾਲਾ ਨੇ ਪਹਿਲਾ, ਸਸਸਸ ਖੁੱਡੀ ਕਲਾਂ ਨੇ ਦੂਜਾ ਤੇ ਸਸਸਸ ਹੰਡਿਆਇਆ ਨੇ ਤੀਜਾ ਸਥਾਨ ਹਾਸਲ ਕੀਤਾ। ਇਸ ਮੌਕੇ ਮਨਜੀਤ ਸਿੰਘ, ਭੁਪਿੰਦਰ ਸਿੰਘ, ਗੁਰਜੀਤ ਸਿੰਘ, ਗੁਰਲਾਲ ਸਿੰਘ, ਰਮਨਦੀਪ, ਤੇਜਿੰਦਰ ਸਿੰਘ, ਅਰਵਿੰਦ ਕੁਮਾਰ; ਅਮਰੀਕ ਖਾਨ, ਜਸਪਿੰਦਰ ਕੌਰ ਸਮੇਤ ਵੱਖ-ਵੱਖ ਸਕੂਲਾਂ ਦੇ ਸਰੀਰਕ ਸਿੱਖਿਆ ਅਧਿਆਪਕ ਅਤੇ ਖਿਡਾਰੀ ਮੌਜੂਦ ਸਨ।

## ਦੋਹਾ ਕਤਰ ਪੁਲਿਸ ਵੱਲੋਂ ਵਾਪਸ ਕੀਤੇ

# ਪਾਵਨ ਸਵਰੂਪ ਸ਼੍ਰੋਮਣੀ ਕਮੇਟੀ ਨੇ ਆਪਣੇ ਪਾਸ ਲਏ



**ਨਵੀਂ ਦਿੱਲੀ, 29 ਅਗਸਤ (ਮਨਪ੍ਰੀਤ ਸਿੰਘ ਖਾਲਸਾ):-** ਦੋਹਾ ਕਤਰ ਅੰਦਰ ਸਥਾਨਕ ਪੁਲਿਸ ਵੱਲੋਂ ਵਾਪਸ ਕੀਤੇ ਗਏ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਆਪਣੇ ਪਾਸ ਲੈ ਕੇ ਸ੍ਰੀ ਦਰਬਾਰ ਸਾਹਿਬ ਸਮੂਹ 'ਚ ਸਥਿਤ ਗੁਰਦੁਆਰਾ ਬਾਬਾ ਗੁਰਬਖਸ਼ ਸਿੰਘ ਜੀ ਵਿਖੇ ਸੁਸ਼ੋਭਿਤ ਕਰ ਦਿੱਤੇ ਹਨ। ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਪ੍ਰਤਾਪ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਲੰਘੀ ਰਾਤ ਇਹ ਸੂਚਨਾ ਮਿਲੀ ਸੀ ਕਿ ਦੋਹਾ ਪੁਲਿਸ ਵੱਲੋਂ ਵਾਪਸ ਕੀਤੇ ਗਏ ਪਾਵਨ ਸਰੂਪ ਲੈ ਕੇ ਇਸ ਮਾਮਲੇ ਨਾਲ ਸਬੰਧਤ ਵਿਅਕਤੀ ਹਵਾਈ ਉਡਾਨ ਰਾਹੀਂ ਸ੍ਰੀ ਗੁਰੂ ਰਾਮਦਾਸ ਅੰਤਰਰਾਸ਼ਟਰੀ ਹਵਾਈ ਅੱਡਾ, ਸ੍ਰੀ ਅੰਮ੍ਰਿਤਸਰ ਵਿਖੇ ਪੁੱਜ ਰਹੇ ਹਨ। ਜਿਸ ਉੱਤੇ ਤੁਰੰਤ ਕਾਰਵਾਈ ਕਰਦਿਆਂ ਸ਼੍ਰੋਮਣੀ ਕਮੇਟੀ ਨੇ ਹਵਾਈ ਅੱਡੇ ਤੋਂ ਇਹ ਪਾਵਨ ਸਰੂਪ ਸਬੰਧਤ ਵਿਅਕਤੀਆਂ ਪਾਸੋਂ ਪ੍ਰਾਪਤ ਕਰਕੇ ਪਾਲਕੀ ਸਾਹਿਬ ਵਾਲੀ ਗੱਡੀ ਰਾਹੀਂ ਮਰਯਾਦਾ ਅਤੇ ਸਤਿਕਾਰ ਸਹਿਤ ਲਿਆ ਕੇ ਗੁਰਦੁਆਰਾ ਬਾਬਾ ਗੁਰਬਖਸ਼ ਸਿੰਘ ਵਿਖੇ ਸੁਸ਼ੋਭਿਤ ਕਰ ਦਿੱਤੇ ਹਨ। ਉਨ੍ਹਾਂ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਅਤੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਦਿਸ਼ਾ-ਨਿਰਦੇਸ਼ਾਂ 'ਤੇ ਇਹ ਕਾਰਵਾਈ ਕੀਤੀ ਗਈ ਹੈ। ਉਨ੍ਹਾਂ ਇਹ ਵੀ ਜਾਣਕਾਰੀ ਦਿੱਤੀ ਕਿ ਮਾਮਲੇ ਦੀ ਰਿਪੋਰਟ ਪਾਵਨ ਸਰੂਪ ਪ੍ਰਾਪਤ ਕਰਨ ਗਏ ਸ਼੍ਰੋਮਣੀ ਕਮੇਟੀ ਦੇ ਮੁਲਾਜ਼ਮਾਂ ਪਾਸੋਂ ਲੈ ਕੇ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਭੇਜ ਦਿੱਤੀ ਜਾਵੇਗੀ।

## ਐਮਰਜੈਂਸੀ ਫਿਲਮ ਤੇ ਸਰਕਾਰ ਤੁਰੰਤ ਰੋਕ ਲਗਾਵੇ ਸੰਤ ਗਿਆਨੀ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲਿਆਂ ਦੇ ਕਿਰਦਾਰ ਨਾਲ


# ਖਿਲਵਾੜ ਕਦੇ ਵੀ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ : ਬਾਬਾ ਸੁੱਖਾ ਸਿੰਘ





**ਜੰਡਿਆਲਾ ਗੁਰੂ, 29 ਅਗਸਤ ( ਕੁਲਵੰਤ ਸਿੰਘ ਵਿਰਦੀ)**-ਅੱਜ ਗੱਲਬਾਤ ਦੌਰਾਨ ਤਪ ਅਸਥਾਨ ਸੰਤ ਬਾਬਾ ਗੁਰਬਖਸ਼ ਸਿੰਘ ਜੀ ਗੁਰਦੁਆਰਾ ਜੋਤੀਸਰ ਜੰਡਿਆਲਾ ਗੁਰੂ ਅਤੇ ਗੁਰਦੁਆਰਾ ਜੋਤੀਸਰ ਸ਼ਿਮਲੇ ਦੇ ਮੁੱਖ ਸੇਵਾਦਾਰ ਬਾਬਾ ਸੁੱਖਾ ਸਿੰਘ ਜੀ ਨੇ ਕਿਹਾ ਕਿ ਵਿਵਾਦਤ ਅਦਾਕਾਰਾ ਕੰਗਨਾ ਰਣੌਤ ਵੱਲੋਂ ਬਣਾਈ ਗਈ 'ਐਮਰਜੈਂਸੀ'ਫਿਲਮ ਵਿਚ ਵੀਹਵੀਂ ਸਦੀ ਦੇ ਮਹਾਨ ਜਰਨੈਲ ਸ਼ਹੀਦ ਸੰਤ ਗਿਆਨੀ ਜਰਨੈਲ ਸਿੰਘ ਖ਼ਾਲਸਾ ਭਿੰਡਰਾਂਵਾਲਿਆਂ ਦੇ ਕਿਰਦਾਰ ਨੂੰ ਦਾਗ਼ਦਾਰ ਕਰਨ ਲਈ ਸੰਤਾਂ ਦਾ ਕਿਰਦਾਰ ਗਲਤ ਰੂਪ ਵਿਚ ਦਰਸਾਇਆ ਗਿਆ ਹੈ ਅਤੇ ਨਾਲ ਹੀ ਸਿੱਖਾਂ ਦੇ ਅਕਸ ਨੂੰ ਵੱਖਵਾਦੀ ਵਜੋਂ ਪੇਸ਼ ਕਰਨ ਦੀ ਘਨੌਣੀ ਸਾਜ਼ਿਸ਼ ਚੱਲੀ ਗਈ ਹੈ ਬਾਬਾ ਸੁੱਖਾ ਸਿੰਘ ਜੀ ਨੇ ਆਖਿਆ ਕਿ ਸਿੱਖ ਕੌਮ ਦੇ ਜਰਨੈਲ ਸੰਤ ਗਿਆਨੀ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲਿਆਂ ਜੀ ਦੇ ਕਿਰਦਾਰ ਨੂੰ ਕੌਮ ਅੱਜ ਵੀ ਪੂਜਦੀ ਹੈ ਮੰਨਦੀ ਹੈ ਪਰ ਫ਼ਿਲਮ ਵਿੱਚ ਪਤਿਤ ਨਸ਼ੇੜੀ ਵਿਅਕਤੀ ਸੰਤਾਂ ਦੀ ਨਕਲ ਕਰਕੇ ਸਿੱਖਾਂ ਦੀਆਂ ਭਾਵਨਾਵਾਂ ਨਾਲ ਖਿਲਵਾੜ ਕਰ ਰਿਹਾ ਹੈ ਅੱਗੇ ਉਨ੍ਹਾ ਕਿਹਾ ਕਿ ਸਿੱਖ ਕੌਮ ਕਦੀ ਵੀ ਆਪਣੇ ਸ਼ਹੀਦਾਂ ਮੁਰੀਦਾਂ ਦੀਆਂ ਫਿਲਮਾਂ ਵਿੱਚ ਨਕਲ ਨੂੰ ਕਦੇ ਵੀ ਬਰਦਾਸ਼ਤ ਨਹੀਂ ਕਰ ਸਕਦੀ। ਉਨ੍ਹਾਂ ਕਿਹਾ ਕਿ ਕੰਗਣਾ ਰਣੌਤ ਦੀ ਆਉਣ ਵਾਲੀ ਫਿਲਮ 'ਐਮਰਜੈਂਸੀ ਵਿਚ ਵੀਹਵੀਂ ਸਦੀ ਦੇ ਮਹਾਨ ਜਰਨੈਲ ਸ਼ਹੀਦ ਸੰਤ ਗਿਆਨੀ ਜਰਨੈਲ ਸਿੰਘ ਖ਼ਾਲਸਾ ਭਿੰਡਰਾਂਵਾਲਿਆਂ ਦੇ ਕਿਰਦਾਰ ਨੂੰ ਵਿਗਾੜ ਕੇ ਪੇਸ਼ ਕੀਤਾ ਗਿਆ ਹੈ। ਅੱਗੇ ਬਾਬਾ ਸੁੱਖਾ ਸਿੰਘ ਜੀ ਨੇ ਕਿਹਾ ਕਿ ਬੀਤੇ ਦਹਾਕੇ ਦੌਰਾਨ ਭਾਰਤੀ ਹਕੂਮਤ ਦੇ ਇਸ਼ਾਰੇ ਤੇ ਭਾਰਤੀ ਫੌਜ ਵਲੋਂ ਸਚਖੰਡ ਸ੍ਰੀ ਦਰਬਾਰ ਸਾਹਿਬ ਜੀ ਉਪਰ ਟੈਂਕਾਂ ਤੋਪਾਂ ਨਾਲ ਹਮਲਾ ਕਰਕੇ ਸ੍ਰੀ ਆਕਾਲ ਤਖਤ ਸਾਹਿਬ ਢਹਿ ਢੇਰੀ ਕਰ ਦਿੱਤਾ ਅਤੇ ਇਸੇ ਦਹਾਕੇ ਦੌਰਾਨ 1980 ਤੋਂ 90 ਤੱਕ ਸਿੱਖ ਮਾਵਾਂ ਭੈਣਾਂ ਉਪਰ ਬੇਹੱਦ ਦਰਦ ਭਰਿਆ ਤਸ਼ੱਦਦ ਕੀਤਾ ਗਿਆ ਅਤੇ ਸਿੱਖ ਕੌਮ ਦੀ ਨਸਲਕੁਸ਼ੀ ਚ ਹਜ਼ਾਰਾਂ ਸਿੱਖ ਨੌਜਵਾਨਾਂ ਨੂੰ ਝੂਠੇ ਪੁਲਿਸ ਮੁਕਾਬਲਿਆਂ ਵਿਚ ਸ਼ਹੀਦ ਕਰਕੇ ਅਣਪਛਾਤੀਆਂ ਲਾਸ਼ਾਂ ਆਖ ਕੇ ਖੁਰਦ-ਬੁਰਦ ਕਰਨ ਦੇ ਅਣਮਨੁੱਖੀ ਵਰਤਾਰੇ ਨੂੰ ਬੇਪਰਦ ਕਰਨ ਵਾਲੇ ਮਨੁੱਖੀ ਅਧਿਕਾਰਾਂ ਦੇ ਕਾਰਕੁੰਨ ਸ. ਜਸਵੰਤ ਸਿੰਘ ਖਾਲੜਾ ਦੇ ਜੀਵਨ ਉੱਤੇ ਬਣੀ ਫਿਲਮ ਵਿਚ 80 ਤੋਂ ਵੱਧ ਕੱਟ ਲਗਾਉਣ ਤੋਂ ਬਾਅਦ ਵੀ ਭਾਰਤੀ ਸੈਂਸਰ ਬੋਰਡ ਵਲੋਂ ਉਸ ਨੂੰ ਜਾਰੀ ਕਰਨ ਦੀ ਪ੍ਰਵਾਨਗੀ ਨਹੀਂ ਦਿੱਤੀ ਗਈ । ਅੱਗੇ ਉਨ੍ਹਾ ਕਿਹਾ ਕਿ ਸੰਤ ਗਿਆਨੀ ਜਰਨੈਲ ਸਿੰਘ ਖ਼ਾਲਸਾ ਭਿੰਡਰਾਂਵਾਲਿਆਂ ਦਾ ਅਕਸ ਵਿਗਾੜ ਕੇ ਪੇਸ਼ ਕਰਨ ਵਾਲੀ ਫਿਲਮ ਨੂੰ ਕਦੇ ਵੀ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ। ਉਨ੍ਹਾਂ ਕਿਹਾ ਕਿ ਸਰਕਾਰ ਤੁਰੰਤ'ਐਮਰਜੈਂਸੀ ਫ਼ਿਲਮ ਉਪਰ ਰੋਕ ਲਗਾਵੇ ਅੱਗੇ ਉਨ੍ਹਾ ਕਿਹਾ ਕਿ ਸਰਕਾਰ ਕੰਗਨਾ ਰਣੌਤ ਨੂੰ ਨੱਥ ਪਾਵੇ ਅਤੇ ਇਸ ਨੂੰ ਪਾਰਟੀ ਵਿੱਚੋਂ ਬਾਹਰ ਕੱਢੇ ਕਿਉਂਕਿ ਕੰਗਨਾ ਰਣੌਤ ਨੂੰ ਸਿਆਸਤ ਲੋਕਾਂ ਦੇ ਜਜ਼ਬਾਤਾਂ ਨਾਲ ਖੇਡਣਾ ਜਾਪਦੀ ਹੈ ਜੋ ਬਾਰ ਬਾਰ ਪੰਜਾਬ ਪ੍ਰਤੀ ਅਤੇ ਦੇਸ਼ ਦੇ ਕਿਸਾਨਾਂ ਪ੍ਰਤੀ ਜ਼ਹਿਰ ਉਗਲ ਰਹੀ ਹੈ ਅਤੇ ਪੰਜਾਬ ਦੇ ਨਾਲ ਨਾਲ ਦੇਸ਼ ਦਾ ਮਾਹੌਲ ਖਰਾਬ ਕਰਨਾ ਚਾਹੁੰਦੀ ਹੈ ਕਿਉਂਕਿ ਸਿੱਖ ਕੌਮ ਅਜੇ ਤੱਕ 1980 /90 ਦਾ ਦੁਖਾਂਤ ਭੁਲਾਅ ਨਹੀਂ ਸਕੀ।

# ਜੀ ਟੀ ਰੋਡ ਤੇ ਸਥਿਤ ਅਹਾਤਿਆ ਦੀ ਚੈਕਿੰਗ ਦੌਰਾਨ ਰੋਡ ਤੇ ਗੱਡੀਆਂ ਖੜ੍ਹੀਆਂ ਕਰਕੇ ਸ਼ਰਾਬ ਪੀਣ ਵਾਲਿਆਂ ਨੂੰ ਦਿੱਤੀ ਸਖ਼ਤ ਚਿਤਾਵਨੀ




**ਜੰਡਿਆਲਾ ਗੁਰੂ, 29 ਅਗਸਤ ( ਕੁਲਵੰਤ ਸਿੰਘ ਵਿਰਦੀ)** - ਪੁਲਿਸ ਥਾਣਾ ਜੰਡਿਆਲਾ ਗੁਰੂ ਦੇ ਮੁੱਖ ਅਫਸਰ ਮੁਖਤਿਆਰ ਸਿੰਘ ਵਲੋ ਬੀਤੀ ਰਾਤ ਜੀ ਟੀ ਰੋਡ ਤੇ ਸਥਿਤ ਅਹਾਤਿਆਂ ਦੀ ਚੈਕਿੰਗ ਕੀਤੀ ਗਈ ਅਤੇ ਜੀ ਟੀ ਰੋਡ ਤੇ ਗੱਡੀਆਂ ਵਿਚ ਬੈਠਕੇ ਸ਼ਰਾਬ ਪੀਣ ਵਾਲਿਆਂ ਨੂੰ ਓਥੋਂ ਖਦੇੜਿਆ ਗਿਆ ਅਤੇ ਵਾਰਨਿੰਗ ਦਿੱਤੀ ਗਈ ਅਤੇ ਇਸ ਤੋਂ ਬਾਅਦ ਉਹ ਗੱਡੀਆਂ ਵਿਚ ਬੈਠਕੇ ਸ਼ਰਾਬ ਪੀਣ ਵਾਲਿਆਂ ਦਾ ਚਲਾਨ ਕਰਨਗੇ। ਓਹਨਾਂ ਨੇ ਅਹਾਤਿਆਂ ਦੇ ਮਾਲਕਾਂ ਨੂੰ ਵੀ ਚਿਤਾਵਨੀ ਦਿੰਦਿਆਂ ਹੋਇਆਂ ਸਪਸ਼ਟ ਤੋਰ ਤੇ ਕਿਹਾ ਕਿ ਅਗਰ ਉਹ ਗ੍ਰਾਹਕਾਂ ਨੂੰ ਗੱਡੀਆਂ ਵਿਚ ਖਾਣ ਪੀਣ ਦਾ ਸਮਾਨ ਦਿੰਦੇ ਹਨ ਤਾਂ ਓਹਨਾਂ ਦੇ ਖਿਲਾਫ ਵੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ । ਇਥੇ ਇਹ ਦਸਣਯੋਗ ਹੈ ਕਿ ਜੀ ਟੀ ਰੋਡ ਤਰਨਤਾਰਨ ਬਾਈਪਾਸ ਤੇ ਅਹਾਤਿਆਂ ਦੇ ਬਾਹਰ ਰੋਜ਼ਾਨਾ ਹੀ ਸ਼ਰਾਬ ਪੀਣ ਵਾਲੇ ਗੱਡੀਆਂ ਸੜਕ ਤੇ ਹੀ ਖੜੀਆਂ ਕਰਕੇ ਗੱਡੀ ਵਿਚ ਸ਼ਰਾਬ ਦਾ ਸੇਵਨ ਕਰਦੇ ਸਨ ਜਿਸ ਕਰਕੇ ਅਕਸਰ ਹੀ ਕੋਈ ਦੁਰਘਟਨਾ ਵਾਪਰਨ ਦਾ ਡਰ ਬਣਿਆ ਰਹਿੰਦਾ ਸੀ।

# ਚੌਥੇ ਪਾਤਸ਼ਾਹ ਜੀ ਦੇ ਗੁਰਿਆਈ ਦਿਵਸ ਅਤੇ ਤੀਸਰੇ ਪਾਤਸ਼ਾਹ ਜੀ ਦੇ ਜੋਤੀ ਜੋਤਿ ਦਿਵਸ ਦੀ 450 ਸਾਲਾ ਸ਼ਤਾਬਦੀ: ਭਲਕੇ 30 ਅਗਸਤ ਨੂੰ ਖਾਲਸਾ ਕਾਲਜ ਅੰਮ੍ਰਿਤਸਰ ਵਿਖੇ ਹੋਵੇਗਾ ਵਿਸ਼ੇਸ਼ ਸੈਮੀਨਾਰ

## 31 ਅਗਸਤ ਨੂੰ ਗੁਰਦੁਆਰਾ ਸੰਨ੍ਹ ਸਾਹਿਬ ਵਿਖੇ ਹੋਵੇਗਾ ਕੀਰਤਨ ਦਰਬਾਰ ਤੇ 1 ਸਤੰਬਰ ਨੂੰ ਸਜਾਇਆ ਜਾਵੇਗਾ ਵਿਸ਼ਾਲ ਨਗਰ ਕੀਰਤਨ



**ਨਵੀਂ ਦਿੱਲੀ, 29 ਅਗਸਤ (ਮਨਪ੍ਰੀਤ ਸਿੰਘ ਖਾਲਸਾ):-** ਸ੍ਰੀ ਗੁਰੂ ਰਾਮਦਾਸ ਜੀ ਦੇ ਗੁਰਿਆਈ ਦਿਵਸ ਅਤੇ ਸ੍ਰੀ ਗੁਰੂ ਅਮਰਦਾਸ ਜੀ ਦੇ ਜੋਤੀ ਜੋਤਿ ਦਿਵਸ ਦੀ 450 ਸਾਲਾ ਸ਼ਤਾਬਦੀ ਸਬੰਧੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ 30 ਅਗਸਤ ਨੂੰ ਸ. ਸੁੰਦਰ ਸਿੰਘ ਮਜੀਠੀਆ ਹਾਲ ਖਾਲਸਾ ਕਾਲਜ ਅੰਮ੍ਰਿਤਸਰ ਵਿਖੇ ਸੈਮੀਨਾਰ ਕਰਵਾਇਆ ਜਾ ਰਿਹਾ ਹੈ। 31 ਅਗਸਤ ਨੂੰ ਗੁਰਦੁਆਰਾ ਸੰਨ੍ਹ ਸਾਹਿਬ ਬਾਸਰਕੇ ਗਿੱਲਾਂ ਵਿਖੇ ਕੀਰਤਨ ਦਰਬਾਰ ਹੋਵੇਗਾ ਅਤੇ 1 ਸਤੰਬਰ ਨੂੰ ਬਾਸਰਕੇ ਗਿੱਲਾਂ ਤੋਂ ਸ੍ਰੀ ਗੋਇੰਦਵਾਲ ਸਾਹਿਬ ਤੱਕ ਨਗਰ ਕੀਰਤਨ ਸਜਾਇਆ ਜਾਵੇਗਾ। ਇਸ ਸਬੰਧੀ ਜਾਣਕਾਰੀ ਦਿੰਦਿਆਂ ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ ਨੇ ਦੱਸਿਆ ਕਿ 30 ਅਗਸਤ ਨੂੰ ਖਾਲਸਾ ਕਾਲਜ ਵਿਖੇ ਹੋਣ ਵਾਲੇ ਸੈਮੀਨਾਰ ਵਿਚ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ, ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ ਕਰਨਗੇ। ਸੈਮੀਨਾਰ ਦੌਰਾਨ ਸ੍ਰੀ ਗੁਰੂ ਰਾਮਦਾਸ ਜੀ ਦੇ ਜੀਵਨ ਤੇ ਬਾਣੀ ਬਾਰੇ ਵੱਖ-ਵੱਖ ਬੁਲਾਰਿਆਂ ਵੱਲੋਂ ਕੁੰਜੀਵਤ ਭਾਸ਼ਣ ਦਿੱਤਾ ਜਾਵੇਗਾ। ਸ. ਕਾਹਲਵਾਂ ਨੇ ਦੱਸਿਆ ਕਿ ਸ਼ਤਾਬਦੀ ਨੂੰ ਸਮਰਪਿਤ 31 ਅਗਸਤ ਨੂੰ ਗੁਰਦੁਆਰਾ ਸੰਨ੍ਹ ਸਾਹਿਬ ਬਾਸਰਕੇ ਗਿੱਲਾਂ ਵਿਖੇ ਅੰਮ੍ਰਿਤ ਸੰਚਾਰ ਕਰਵਾਇਆ ਜਾਵੇਗਾ ਅਤੇ ਰਾਤ 8 ਵਜੇ ਤੋਂ ਕੀਰਤਨ ਦਰਬਾਰ ਹੋਵੇਗਾ, ਜਿਸ ਵਿਚ ਪੰਥ ਪ੍ਰਸਿੱਧ ਰਾਗੀ ਜਥੇ ਸੰਗਤ ਨੂੰ ਗੁਰਬਾਣੀ ਕੀਰਤਨ ਨਾਲ ਜੋੜਨਗੇ। ਉਨ੍ਹਾਂ ਦੱਸਿਆ ਕਿ ਇਸੇ ਤਰ੍ਹਾਂ 1 ਸਤੰਬਰ ਨੂੰ ਗੁਰਦੁਆਰਾ ਸੰਨ੍ਹ ਸਾਹਿਬ ਬਾਸਰਕੇ ਗਿੱਲਾਂ ਤੋਂ ਵਿਸ਼ਾਲ ਨਗਰ ਕੀਰਤਨ ਸਜਾਇਆ ਜਾਵੇਗਾ, ਜੋ ਗੁਰਦੁਆਰਾ ਬੀੜ ਬਾਬਾ ਬੁੱਢਾ ਸਾਹਿਬ, ਸ੍ਰੀ ਤਰਨ ਤਾਰਨ ਸਾਹਿਬ, ਪੰਡੋਰੀ, ਭੁੱਲਰ, ਬਾਠ, ਕੰਗ, ਬਾਣੀਆਂ ਅਤੇ ਸ੍ਰੀ ਖਡੂਰ ਸਾਹਿਬ ਤੋਂ ਹੁੰਦਾ ਹੋਇਆ ਗੁਰਦੁਆਰਾ ਸ੍ਰੀ ਬਾਉਲੀ ਸਾਹਿਬ, ਸ੍ਰੀ ਗੋਇੰਦਵਾਲ ਸਾਹਿਬ ਵਿਖੇ ਪੁੱਜੇਗਾ। ਸਕੱਤਰ ਸ. ਕਾਹਲਵਾਂ ਨੇ ਸੰਗਤ ਨੂੰ ਅਪੀਲ ਕੀਤੀ ਕਿ ਉਹ ਸ਼ਤਾਬਦੀ ਸਬੰਧੀ ਹੋਣ ਵਾਲੇ ਸਮਾਗਮਾਂ ਵਿਚ ਪਰਿਵਾਰਾਂ ਸਮੇਤ ਹਾਜ਼ਰੀ ਭਰਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### 30 ਤਰੀਕ ਤੋਂ ਪਹਿਲਾਂ ਭੂੰਦੜ ਨੂੰ ਕਾਰਜਕਾਰੀ ਪ੍ਰਧਾਨ ਬਣਾਉਣਾ ਸ਼੍ਰੋਮਣੀ ਅਕਾਲੀ ਦਲ ਬਾਦਲ ਨੂੰ

# ਡਾਕਟਰੀ ਭਾਸ਼ਾ ਅਨੁਸਾਰ ਆਖ਼ਰੀ ਸੀ ਪੀ ਆਰ ਦੇਣ ਸਮਾਨ : ਬਾਪੂ ਤਰਸੇਮ ਸਿੰਘ

**ਜੰਡਿਆਲਾ, 29 ਅਗਸਤ (ਆਵਾਜ਼ਿ ਕੌਮ ਬਿਊਰੋ)**-ਸੁਖਬੀਰ ਸਿੰਘ ਬਾਦਲ ਸਬੰਧੀ ਜਥੇਦਾਰ ਸਾਹਿਬਾਨ ਵੱਲੋਂ ਰੱਖੀ 30 ਅਗਸਤ ਦੀ ਇਕੱਤਰਤਾ ਤੋਂ ਪਹਿਲਾਂ ਪੰਜਾਬ ਦੀਆਂ ਸਮੂਹ ਪੰਥਕ ਜਥੇਬੰਦੀਆਂ ਤੇ ਸਿੱਖ ਸੰਗਤਾਂ ਵੱਲੋਂ ਉੱਠੇ ਵਿਰੋਧ ਕਾਰਨ ਬਲਵਿੰਦਰ ਸਿੰਘ ਭੂੰਦੜ ਨੂੰ ਸ਼੍ਰੋਮਣੀ ਅਕਾਲੀ ਦਲ ਦਾ ਕਾਰਜਕਾਰੀ ਪ੍ਰਧਾਨ ਬਣਾਏ ਜਾਣ ਤੇ ਖਡੂਰ ਸਾਹਿਬ ਤੋਂ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਦੇ ਪਿਤਾ ਬਾਪੂ ਤਰਸੇਮ ਸਿੰਘ ਜੀ ਤਿੱਖੀ ਪ੍ਰਤੀਕਿਰਿਆ ਪ੍ਰਗਟ ਕੀਤੀ ਹੈ। ਜੱਲੂਪੁਰ ਤੋਂ ਸ੍ਰ ਪ੍ਰਗਟ ਸਿੰਘ ਜੀ ਦੁਆਰਾ ਜਾਰੀ ਕੀਤੇ ਗਏ ਇਕ ਪ੍ਰੈਸ ਨੋਟ ਰਾਹੀਂ ਬਾਪੂ ਤਰਸੇਮ ਸਿੰਘ ਜੀ ਨੇ ਕਿਹਾ ਕਿ ਬਾਦਲ ਪਰਿਵਾਰ ਦੇ ਰਾਜ ਸੱਤਾ ਭੋਗਣ ਦੇ ਲੋਭ ਕਾਰਨ ਪੰਥ ਪ੍ਰਤੀ ਕੀਤੀਆਂ ਮਾੜੀਆਂ ਕਾਰਗੁਜਾਰੀਆਂ ਹੀ ਸ਼੍ਰੋਮਣੀ ਅਕਾਲੀ ਦਲ ਨੂੰ ਲੈਕੇ ਬੈਠ ਗਈਆਂ ਹਨ। ਉਹਨਾਂ ਨੇ ਅਕਾਲੀ ਦਲ ਦੇ ਸਾਬਕਾ ਐਮ ਐਲ ਏ ਡਿੰਪੀ ਢਿੱਲੋਂ ਤੇ ਹੋਰ ਨਾਮਵਰ ਨੇਤਾਵਾਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਅੱਜ ਹਾਲਾਤ ਇਹ ਬਣ ਚੁੱਕੇ ਹਨ ਕਿ ਕੋਈ ਵੀ ਅਕਾਲੀ ਦਲ ਵਿੱਚ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਕਬੂਲਣ ਨੂੰ ਤਿਆਰ ਨਹੀਂ ਹੈ ਅਤੇ ਦੂਸਰੇ ਪਾਸੇ ਬਾਦਲ ਪਰਿਵਾਰ ਵੀ ਸ਼੍ਰੋਮਣੀ ਅਕਾਲੀ ਦਲ ਨੂੰ ਅਜਿਹਾ ਜੱਫਾ ਮਾਰ ਕੇ ਬੈਠਾ ਹੈ ਜਿਵੇਂ ਕਿ ਅਕਾਲੀ ਦਲ ਉਹਨਾਂ ਦੀ ਆਪਣੀ ਜੱਦੀ ਜਾਇਦਾਦ ਹੋਵੇ। ਇਸੇ ਵਹਿਮ ਵਿੱਚ ਹੀ ਬਾਦਲ ਪਰਿਵਾਰ ਦੀ ਪਿਛਲੇ ਦੋ ਦਹਾਕਿਆਂ ਦੀ ਕਾਰਗੁਜ਼ਾਰੀ ਨੇ ਅਕਾਲੀ ਦਲ ਨੂੰ ਪੰਥਕ ਪਾਰਟੀ ਤੋਂ ਬਦਲ ਕੇ ਬਾਦਲ ਐਂਡ ਪ੍ਰਾਈਵੇਟ ਲਿਮਟਿਡ ਕੰਪਨੀ ਬਣਾਂ ਕੇ ਰੱਖ ਦਿੱਤਾ ਹੈ ਤੇ ਹੁਣ ਬਾਦਲਾਂ ਦੀ ਇਸ ਬੱਸ ਚ' ਚੜਨ ਨੂੰ ਕੋਈ ਵੀ ਤਿਆਰ ਨਹੀਂ ਬਲਕਿ ਵਾਰੀ ਵਾਰੀ ਪਹਿਲੇ ਵੀ ਸਾਥ ਛੱਡਦੇ ਜਾ ਰਹੇ ਹਨ। ਉਹਨਾਂ ਕਿਹਾ ਕਿ ਇਸਦੇ ਵਿੱਚ ਕੋਈ ਦੋ ਰਾਵਾਂ ਨਹੀਂ ਹਨ ਕਿ ਸੁਖਬੀਰ ਸਿੰਘ ਬਾਦਲ ਪੰਜਾਬ ਦੇ ਲੋਕਾਂ ਵਿੱਚ ਆਪਣਾਂ ਆਧਾਰ ਗਵਾ ਚੁੱਕੇ ਹਨ ਪ੍ਰੰਤੂ ਫਿਰ ਵੀ ਰਾਜਨੀਤਿਕ ਲਾਲਚ ਹੋਣ ਕਾਰਨ ਸ਼੍ਰੋਮਣੀ ਅਕਾਲੀ ਦਲ ਨੂੰ ਆਪਣੇਂ ਹੀ ਅਧੀਨ ਰੱਖਣ ਲਈ ਜਥੇਦਾਰ ਸਾਹਿਬਾਨ ਵੱਲੋਂ ਕਿਸੇ ਤਰਾਂ ਦਾ ਫ਼ੈਸਲਾ ਆਉਣ ਤੋਂ ਪਹਿਲਾਂ ਹੀ ਆਪਣੇਂ ਸਭ ਤੋਂ ਨਜ਼ਦੀਕੀ ਬਲਵਿੰਦਰ ਸਿੰਘ ਭੂੰਦੜ ਨੂੰ ਅਕਾਲੀ ਦਲ ਦਾ ਕਾਰਜਕਾਰੀ ਪ੍ਰਧਾਨ ਲਗਾਇਆ ਗਿਆ ਹੈ , ਜੋ ਕਿ ਸਾਫ ਸਾਫ ਡਰਾਮੇਬਾਜ਼ੀ ਹੈ ਤੇ ਪੰਜਾਬ ਦੇ ਲੋਕ ਇਸਨੂੰ ਚੰਗੀ ਤਰ੍ਹਾਂ ਸਮਝਦੇ ਹਨ, ਉਹਨਾਂ ਇਹ ਵੀ ਕਿਹਾ ਕਿ ਬਲਵਿੰਦਰ ਸਿੰਘ ਭੂੰਦੜ ਦਾ ਦਾਮਨ ਵੀ ਕਿਸੇ ਪਾਸਿਉਂ ਪਾਕ ਅਤੇ ਸਾਫ਼ ਨਹੀਂ ਹੈ ਬਲਕਿ ਬਲਵਿੰਦਰ ਸਿੰਘ ਭੂੰਦੜ ਵੀ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ, ਡੇਰਾ ਸੱਚਾ ਸੌਦਾ ਦੇ ਮੁੱਖੀ ਰਾਮ ਰਹੀਮ ਦੀ ਮੁਆਫੀ ਅਤੇ ਸੁਖਬੀਰ ਸਿੰਘ ਬਾਦਲ ਐਂਡ ਪਾਰਟੀ ਵੱਲੋਂ ਕੀਤੀਆਂ ਹੋਰ ਵੀ ਪੰਥ ਵਿਰੋਧੀ ਕਾਰਵਾਈਆਂ ਵਿੱਚ ਬਰਾਬਰ ਦੇ ਸ਼ਰੀਕ ਹਨ। ਬਾਪੂ ਤਰਸੇਮ ਸਿੰਘ ਜੀ ਨੇ ਇਸਨੂੰ ਹਾਸੋਹੀਣਾ ਕਰਾਰ ਦਿੰਦਿਆਂ ਕਿਹਾ ਕਿ 30 ਅਗਸਤ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਾਹਿਬਾਨ ਦੀ ਇਕੱਤਰਤਾ ਤੋਂ ਐਨ ਪਹਿਲਾਂ ਬਲਵਿੰਦਰ ਸਿੰਘ ਭੂੰਦੜ ਨੂੰ ਸ਼੍ਰੋਮਣੀ ਅਕਾਲੀ ਦਲ ਦਾ ਕਾਰਜਕਾਰੀ ਪ੍ਰਧਾਨ ਬਣਾਉਣਾ ਡਾਕਟਰੀ ਭਾਸ਼ਾ ਅਨੁਸਾਰ ਅਕਾਲੀ ਦਲ ਬਾਦਲ ਨੂੰ ਆਖਰੀ ਸੀ ਪੀ ਆਰ ਦੇਣ ਸਮਾਨ ਹੈ, ਜੋ ਕਿ ਡਾਕਟਰਾਂ ਵੱਲੋਂ ਇਨਸਾਨ ਦੇ ਅਖੀਰੀ ਸਮੇਂ ਉਸਦੀ ਜਾਨ ਬਚਾਉਣ ਖ਼ਾਤਰ ਕੀਤੀ ਜਾਣ ਵਾਲੀ ਚਾਰਾਜੋਈ ਕਹਿੰਦੇ ਹਨ ।ਸੋ ਉਹਨਾਂ ਕਿਹਾ ਕਿ ਇਸ ਤਰਾਂ ਕਰਕੇ ਸ੍ਰ ਸੁਖਬੀਰ ਸਿੰਘ ਬਾਦਲ ਸ਼੍ਰੋਮਣੀ ਅਕਾਲੀ ਦਲ ਵਰਗੀ ਪੰਥਕ ਪਾਰਟੀ ਨੂੰ ਹਨੇਰੇ ਵੱਲ ਧਕੇਲ ਰਹੇ ਹਨ।



### ਸ਼੍ਰੋਮਣੀ ਅਕਾਲੀ ਦਲ ਸੁਧਾਰ ਲਹਿਰ ਵੱਲੋਂ

# ਐਡਵਾਈਜਰੀ ਬੋਰਡ ਅਤੇ ਐਗਜੀਕਿਊਟਿਵ ਕਮੇਟੀ ਦਾ ਐਲਾਨ

**ਚੰਡੀਗੜ੍ਹ, 29 ਅਗਸਤ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਸੁਧਾਰ ਲਹਿਰ ਦੇ ਕਨਵੀਨਰ ਜਥੇਦਾਰ ਗੁਰਪ੍ਰਤਾਪ ਸਿੰਘ ਵਡਾਲਾ ਵਲੋਂ ਜਾਰੀ ਪ੍ਰੈਸ ਨੋਟ ਵਿੱਚ ਐਡਵਾਈਜਰੀ ਬੋਰਡ ਦੇ ਮੈਂਬਰਾਂ ਅਤੇ ਐਗਜੀਕਿਊਟਿਵ ਕਮੇਟੀ ਦਾ ਐਲਾਨ ਕੀਤਾ ।ਜਿਨਾਂ ਵਿੱਚ ਸ ਸੁਖਦੇਵ ਸਿੰਘ ਢੀਂਡਸਾ, ਪ੍ਰੋਫੈਸਰ ਪ੍ਰੇਮ ਸਿੰਘ ਚੰਦੂਮਾਜਰਾ, ਬੀਬੀ ਜਗੀਰ ਕੌਰ, ਸ ਸਿਕੰਦਰ ਸਿੰਘ ਮਲੂਕਾ, ਸ ਬਲਦੇਵ ਸਿੰਘ ਮਾਨ, ਸ ਸਰਵਨ ਸਿੰਘ ਫਿਲੌਰ, ਸ੍ਰੀ ਪ੍ਰਕਾਸ਼ ਚੰਦ ਗਰਗ, ਰਿਟਾਇਰ ਜਸਟਿਸ ਨਿਰਮਲ ਸਿੰਘ, ਸ ਸੁਖਵਿੰਦਰ ਸਿੰਘ ਔਲਖ, ਸ ਹਰੀ ਸਿੰਘ (ਪ੍ਰੀਤ ਟਰੈਕਟਰ), ਸ ਤੇਜਿੰਦਰਪਾਲ ਸਿੰਘ ਸੰਧੂ, ਸ ਹਰਿੰਦਰ ਸਿੰਘ ਖਾਲਸਾ, ਬੀਬੀ ਸਤਵਿੰਦਰ ਕੌਰ ਧਾਲੀਵਾਲ, ਬੀਬੀ ਰਜਿੰਦਰ ਕੌਰ ਬੁਲਾਰਾ, ਸ ਜਰਨੈਲ ਸਿੰਘ ਕਰਤਾਰਪੁਰ, ਸ ਕਰਨੈਲ ਸਿੰਘ ਪੰਜੋਲੀ, ਸ ਮਿੱਠੂ ਸਿੰਘ ਕਾਨੇਕੇ, ਸ ਗੁਰਬਚਨ ਸਿੰਘ ਬਚੀ, ਸ ਮਹਿੰਦਰ ਸਿੰਘ ਹੁਸੈਨਪੁਰ, ਸ ਇੰਦਰਮੋਹਨ ਸਿੰਘ ਲਖੀਮਵਾਲਾ, ਸ ਤੇਜਾ ਸਿੰਘ ਕਮਾਲਪੁਰ,ਸ ਜਗਜੀਤ ਸਿੰਘ ਗਾਬਾ, ਸ ਸੁਖਵਿੰਦਰ ਸਿੰਘ ਰਾਜਲਾ, ਸ ਭੁਪਿੰਦਰ ਸਿੰਘ ਸ਼ੇਖੂਪੁਰ, ਬੀਬੀ ਹਰਜੀਤ ਕੌਰ ਤਲਵੰਡੀ, ਬੀਬੀ ਸੁਰਿੰਦਰ ਕੌਰ ਦਿਆਲ, ਸ ਰਣਧੀਰ ਸਿੰਘ ਰੱਖੜਾ, ਸ ਕੁਲਵੀਰ ਸਿੰਘ ਮੱਟਾ, ਸ ਸੁਖਵੰਤ ਸਿੰਘ ਸਰਾਓ, ਸ ਸਤਵਿੰਦਰ ਸਿੰਘ ਢੱਟ, ਸ ਅਵਤਾਰ ਸਿੰਘ ਕਲੇਰ, ਸ ਮਨਜੀਤ ਸਿੰਘ ਦਸੂਆ, ਸ ਅਮਰਿੰਦਰ ਸਿੰਘ ਲਿਬੜਾ, ਸ ਅਵਤਾਰ ਸਿੰਘ ਜੌਹਲ, ਸ ਜਸਪਾਲ ਸਿੰਘ ਚੱਠਾ, ਸ ਕਸ਼ਮੀਰ ਸਿੰਘ ਬਰਿਆਲ, ਸ ਗੁਰਕਿਰਪਾਲ ਸਿੰਘ ਬਠਿੰਡਾ, ਸ ਪਰਮਿੰਦਰਪਾਲ ਸਿੰਘ, ਸ ਜਸਵੀਰ ਸਿੰਘ ਜਫਰਵਾਲ, ਸ ਅਮਰਜੀਤ ਸਿੰਘ ਕਿਸ਼ਨਪੁਰਾ, ਸ ਪਵਨਪ੍ਰੀਤ ਸਿੰਘ ਮਚਾਕੀ ਖੁਰਦ, ਸ ਹਰਬੰਸ ਸਿੰਘ ਮੰਝਪੁਰ, ਸ ਸਰਬਜੀਤ ਸਿੰਘ ਡੂਮਵਾਲੀ, ਸ ਹਰਵੇਲ ਸਿੰਘ ਮਾਧੋਪੁਰ, ਸ ਮਨਜੀਤ ਸਿੰਘ ਬਪੀਆਣਾ, ਸ ਅਜੀਤ ਸਿੰਘ ਕੁਤਬਾ, ਬੀਬੀ ਸਿਮਰਜੀਤ ਕੌਰ ਸਿੱਧੂ, ਐਡਵੋਕੇਟ ਰਣਜੀਤ ਸਿੰਘ ਔਲਖ , ਸ ਜਗਤਾਰ ਸਿੰਘ ਰਾਜੇਆਣਾ, ਸ ਕਰਨ ਸਿੰਘ ਘੁਮਾਣ , ਸ ਹਰਦੇਵ ਸਿੰਘ ਰੋਗਲਾ, ਸ ਰਾਮਪਾਲ ਸਿੰਘ ਬੈਨੀਵਾਲ, ਸ ਮਲਕੀਤ ਸਿੰਘ ਚੰਗਲ , ਸ ਹਰਮਨਜੀਤ ਸਿੰਘ ਦਿੱਲੀ, ਸ ਹਰਿੰਦਰਪਾਲ ਸਿੰਘ ਦਿੱਲੀ, ਸ ਹਰਪ੍ਰੀਤ ਸਿੰਘ ਬੰਨੀ ਜੋਲੀ ਦਿੱਲੀ ਨੂੰ ਐਡਵਾਈਜਰੀ ਬੋਰਡ ਦਾ ਮੈਂਬਰ ਬਣਾਇਆ ਗਿਆ । ਇਸੇ ਤਰ੍ਹਾਂ ਐਗਜੀਕਿਊਟਿਵ ਕਮੇਟੀ ਲਈ ਸ ਸੁਖਦੇਵ ਸਿੰਘ ਢੀਂਡਸਾ, ਪ੍ਰੋਫੈਸਰ ਪ੍ਰੇਮ ਸਿੰਘ ਚੰਦੂਮਾਜਰਾ, ਬੀਬੀ ਜਗੀਰ ਕੌਰ, ਸ ਸਿਕੰਦਰ ਸਿੰਘ ਮਲੂਕਾ, ਸ ਬਲਦੇਵ ਸਿੰਘ ਮਾਨ, ਸ ਸਰਵਨ ਸਿੰਘ ਫਿਲੌਰ, ਸ੍ਰੀ ਪ੍ਰਕਾਸ਼ ਚੰਦ ਗਰਗ ਅਤੇ ਰਿਟਾਇਰ ਜਸਟਿਸ ਨਿਰਮਲ ਸਿੰਘ, ਬੀਬੀ ਸਤਵਿੰਦਰ ਕੌਰ ਧਾਲੀਵਾਲ ਦੇ ਨਾਵਾਂ ਦਾ ਐਲਾਨ ਕੀਤਾ ਗਿਆ।



### ਨਿਰਮਲ ਭੰਗੂ ਦੀ ਮੌਤ ਤੋਂ ਬਾਅਦ ਲੌਢਾ ਕਮੇਟੀ

# ਪਰਲ ਦੀਆਂ ਜਾਇਦਾਦਾਂ ਵੇਚਕੇ ਪੀੜਤਾਂ ਦੇ ਪੈਸੇ ਦੇਵੇ : ਦਾਨਗੜ

**ਚੌਕ ਮਹਿਤਾ, 29 ਅਗਸਤ ( ਬਾਬਾ ਸੁਖਵੰਤ ਸਿੰਘ ਚੰਨਣਕੇ)**- ਪਰਲ ਗਰੁੱਪ ਦੇ ਚੇਅਰਮੈਨ ਨਿਰਮਲ ਸਿੰਘ ਭੰਗੂ ਜੋ ਸਾਲ 2015 ਤੋਂ ਦਿੱਲੀ ਦੀ ਤਿਹਾੜ ਜੇਲ੍ਹ ਕੈਦ ਸਨ, ਦੀ ਅਚਾਨਕ ਮੌਤ ਹੋਣ ਨਾਲ ਦੇਸ਼ ਦੇ 5 ਕਰੋੜ 85 ਲੱਖ ਉਨ੍ਹਾਂ ਪੀੜਤਾਂ ਦਾ ਮੁੱਦਾ ਚਰਚਾ ਵਿੱਚ ਆ ਗਿਆ, ਜਿਨ੍ਹਾਂ ਨੇ ਆਪਣੇ ਖ਼ੂਨ - ਪਸੀਨੇ ਦੀ ਕਮਾਈ ਨਿਰਮਲ ਭੰਗੂ ਦੀ ਕੰਪਨੀ ਪੀ.ਏ.ਸੀ.ਐਲ ਵਿੱਚ ਜਮਾਂ ਕਰਵਾਈ ਸੀ, ਜੋ ਪਿਛਲੇ 10-11 ਸਾਲਾਂ ਤੋਂ ਮੰਗਣ ਦੇ ਬਾਵਜੂਦ ਮਿਲ ਨਹੀਂ ਰਹੀ ਸੀ।ਅੱਜ ਨਿਰਮਲ ਭੰਗੂ ਦੀ ਮੌਤ ਤੋਂ ਬਾਅਦ ਉਨ੍ਹਾਂ ਦੀ ਪੁੱਤਰੀ ਬਰਿੰਦਰ ਕੌਰ ਭੰਗੂ ਵੱਲੋਂ ਇੱਕ ਜਨਤਕ ਨੋਟਿਸ ਜਾਰੀ ਕਰਦਿਆਂ ਕਿਹਾ ਕਿ 'ਮੇਰੇ ਪਿਤਾ ਨਿਰਮਲ ਸਿੰਘ ਭੰਗੂ ਦਾ ਸੁਪਨਾ ਸੀ ਕਿ ਪਰਲ ਕੰਪਨੀ 'ਚ ਜਮ੍ਹਾਂ ਕਰਵਾਇਆ ਲੋਕਾਂ ਦਾ ਪੈਸਾ ਵਾਪਸ ਹੋਵੇ, ਪਰ ਉਨ੍ਹਾਂ ਦੇ ਇਸ ਦੁਨੀਆਂ ਤੋਂ ਚਲੇ ਜਾਣ ਤੋਂ ਬਾਅਦ ਉਨ੍ਹਾਂ ਦਾ ਇਹ ਸੁਪਨਾ ਮੈਂ ਪੂਰਾ ਕਰਾਂਗੀ।' ਇਸ ਸਬੰਧੀ ਬੋਲਦਿਆਂ ਪਿਛਲੇ 10 ਸਾਲਾਂ ਤੋਂ ਪਰਲ ਕੰਪਨੀ ਦੇ ਪੀੜਤਾਂ ਦੀ ਲੜਾਈ ਲੜ ਰਹੇ ਇੰਨਸਾਫ਼ ਦੀ ਆਵਾਜ਼ ਜਥੇਬੰਦੀ ਦੇ ਪ੍ਰਧਾਨ ਸ੍ਰ. ਮਹਿੰਦਰਪਾਲ ਸਿੰਘ ਦਾਨਗੜ੍ਹ ਨੇ ਕਿਹਾ ਕਿ ਭੰਗੂ ਦੀ ਮੌਤ ਉਨ੍ਹਾਂ ਦੇ ਪਰਿਵਾਰ ਲਈ ਦੁੱਖ ਦੀ ਘੜੀ ਹੈ, ਪਰ ਪਰਲ ਕੰਪਨੀ ਦੇ ਪੀੜਤਾਂ ਨੂੰ ਉਨ੍ਹਾਂ ਦੀ ਮੌਤ ਨਾਲ ਕੋਈ ਨਫ਼ਾ ਨੁਕਸਾਨ ਨਹੀਂ ਹੋਇਆ, ਕਿਉਂਕਿ ਫਰਵਰੀ 2016 ਤੋਂ ਸੁਪਰੀਮ ਕੋਰਟ ਦੇ ਫੈਸਲੇ ਅਨੁਸਾਰ ਨਿਰਮਲ ਭੰਗੂ ਦਾ ਪੂਰੇ ਪਰਲ ਗਰੁੱਪ ਦੀਆਂ ਨਾਮੀਂ ਬੇਨਾਮੀ ਜਾਇਦਾਦਾਂ ਨਿਲਾਮ ਕਰਕੇ ਲੋਕਾਂ ਦਾ ਪੈਸਾ ਵਾਪਸ ਕਰਨ ਲਈ ਜ਼ਬਤ ਕੀਤੀਆਂ ਹੋਈਆਂ ਹਨ, ਇਸ ਲਈ ਸੁਪਰੀਮ ਕੋਰਟ ਵੱਲੋਂ ਲੌਢਾ ਕਮੇਟੀ ਬਣਾਈ ਹੋਈ ਹੈ। ਸ੍ਰ. ਦਾਨਗੜ੍ਹ ਨੇ ਅੱਗੇ ਕਿਹਾ ਕਿ ਅੱਜ ਨਿਰਮਲ ਭੰਗੂ ਦੀ ਮੌਤ ਤੋਂ ਬਾਅਦ ਉਨ੍ਹਾਂ ਦੀ ਬੇਟੀ ਵਲੋਂ ਦਿੱਤਾ ਜਨਤਕ ਨੋਟਿਸ ਕੋਈ ਮਾਇਨੇ ਨਹੀਂ ਰੱਖਦਾ, ਕਿਉਂਕਿ ਜਦ ਨਿਰਮਲ ਭੰਗੂ ਜਿਉਂਦੇ ਸੀ, ਉਨ੍ਹਾਂ ਕਦੇ ਵੀ ਕੰਪਨੀ ਦੇ ਨਿਵੇਸ਼ਕਾਂ ਦੇ ਪੈਸੇ ਵਾਪਸ ਕਰਨ ਜਾਂ ਕਰਵਾਉਣ ਲਈ ਨਾ ਕੋਈ ਯਤਨ ਤੇ ਨਾ ਹੀ ਕਦੇ ਪੀੜਤ ਲੋਕਾਂ ਦੇ ਹੱਕ ਵਿੱਚ ਕੋਈ ਬਿਆਨ ਦਿੱਤਾ ਸੀ ਕਿ ਪੀੜਤਾਂ ਦਾ ਪੈਸਾ ਪੈਸਾ ਵਾਪਸ ਹੋਵੇ, ਸਗੋਂ ਜੇਲ ਬੈਠਿਆਂ ਸੁਪਰੀਮ ਕੋਰਟ ਦੀ ਰੋਕ ਦੇ ਬਾਵਜੂਦ ਪਰਲ ਗਰੁੱਪ ਦੀਆਂ ਜਾਇਦਾਦਾਂ ਨੂੰ ਗੈਰ-ਕਾਨੂੰਨੀ ਤਰੀਕੇ ਨਾਲ ਖ਼ੁਰਦ ਬੁਰਦ ਕਰਵਾਇਆ, ਜਿਸ ਦੇ ਸਬੂਤ ਜਥੇਬੰਦੀ ਕੋਲ ਹਨ।ਅੱਜ ਉਨ੍ਹਾਂ ਦੀ ਬੇਟੀ ਜੋ ਨਿਵੇਸ਼ਕਾਂ ਨੂੰ ਉਨ੍ਹਾਂ ਦੇ ਪੈਸੇ ਵਾਪਸ ਕਰਵਾਉਣ ਲਈ ਕੰਮ ਕਰਨ ਦੀਆਂ ਗੱਲਾਂ ਕਰ ਰਹੀ ਹੈ, ਉਹ ਖੁਦ ਤੇ ਉਨ੍ਹਾਂ ਦਾ ਪਤੀ ਸੁਪਰੀਮ ਕੋਰਟ ਦੇ ਫੈਸਲੇ ਦੀ ਉਲੰਘਣਾ ਕਰਕੇ ਪ੍ਰੋਪਟੀਆਂ ਵੇਚਣ ਦੇ ਮੁਕੱਦਮੇ ਦਾ ਸਾਹਮਣਾ ਕਰ ਰਹੇ ਹਨ। ਦਾਨਗੜ੍ਹ ਨੇ ਕਿਹਾ ਕਿ ਲੋਕਾਂ ਦਾ ਪੈਸਾ ਸੁਪਰੀਮ ਕੋਰਟ ਦੇ ਫੈਸਲੇ ਮੁਤਾਬਕ ਲੌਢਾ ਕਮੇਟੀ ਨੇ ਪਰਲ ਗਰੁੱਪ ਦੀਆਂ ਪ੍ਰੋਪਟੀਆਂ ਵੇਚ ਕੇ ਵਾਪਸ ਕਰਨਾ ਹੈ, ਇਸ ਵਿਚ ਭੰਗੂ ਜਾਂ ਉਨ੍ਹਾਂ ਦੇ ਪਰਿਵਾਰ ਦੀ ਕੋਈ ਦਖਲ-ਅੰਦਾਜ਼ੀ ਨਹੀਂ ਹੈਂ। ਉਨ੍ਹਾਂ ਕਿਹਾ ਕਿ ਭੰਗੂ ਪਰਿਵਾਰ ਜੇਕਰ ਕੰਪਨੀ ਦੇ ਪੀੜਤਾਂ ਦਾ ਸੱਚਾ ਹਮਦਰਦੀ ਬਣਨਾ ਚਾਹੁੰਦਾ ਹੈ ਤਾਂ ਪਰਲ ਗਰੁੱਪ ਦੀਆਂ ਪ੍ਰੋਪਟੀਆਂ ਬਾਰੇ ਪੂਰੀ ਤੇ ਸਹੀ ਜਾਣਕਾਰੀ ਲੌਢਾ ਕਮੇਟੀ ਨੂੰ ਦੇਵੇ। ਇੰਨਸਾਫ਼ ਦੀ ਆਵਾਜ਼ ਜਥੇਬੰਦੀ ਦੇ ਪ੍ਰਧਾਨ ਸ੍ਰ. ਮਹਿੰਦਰਪਾਲ ਸਿੰਘ ਦਾਨਗੜ੍ਹ ਨੇ ਕਿਹਾ ਕਿ ਨਿਰਮਲ ਭੰਗੂ ਪਰਲ ਗਰੁੱਪ ਦਾ ਚੇਅਰਮੈਨ ਸੀ, ਜਦੋਂ ਕਿ ਲੋਕਾਂ ਤੋਂ ਪੈਸਾ ਇਕੱਠਾ ਕਰਨ ਵਾਲੀ ਪੀ.ਏ.ਸੀ.ਐਲ. ਕੰਪਨੀ ਦਾ ਕਾਨੂੰਨੀ ਡਾਇਰੈਕਟਰ ਵਗੈਰਾ ਵੀ ਨਹੀਂ ਸੀ ਕਿ ਪੀ.ਏ.ਸੀ.ਐਲ ਦੇ ਡਾਇਰੈਕਟਰ ਨਿਰਮਲ ਭੰਗੂ ਦੇ ਸਾਂਢੂ ਸੁਖਦੇਵ ਸਿੰਘ, ਗੁਰਮੀਤ ਸਿੰਘ ਤੇ ਸਰਵੋਤਮ ਭੱਟਾਚਾਰੀਆ ਆਦਿ ਹਨ ਜੋ ਭੰਗੂ ਦੇ ਨਾਲ ਹੀ ਤਿਹਾੜ ਜੇਲ੍ਹ 'ਚ ਨਜ਼ਰਬੰਦ ਹਨ। ਨਿਰਮਲ ਭੰਗੂ ਦੀ ਮੌਤ ਤੇ ਬਾਆਦ ਉਨ੍ਹਾਂ ਦੀ ਹੀ ਵੱਡੀ ਜ਼ਿੰਮੇਵਾਰੀ ਬਣਦੀ ਹੈ ਕਿ ਉਹ ਲੋਕਾਂ ਦੇ ਪੈਸੇ ਦਿਵਾਉਣ ਲਈ ਅੱਗੇ ਆਉਣ।



# ਕੈਨੇਡੀਅਨ ਸਿੱਖ ਇੰਦਰਜੀਤ ਗੋਸਲ ਨੂੰ ਪੁਲਿਸ ਵਲੋਂ ਮਿਲਿਆ ਜਾਨ ਨੂੰ ਖ਼ਤਰੇ ਦੀ ਚੇਤਾਵਨੀ ਦਾ ਨੋਟਿਸ

ਨਵੀਂ ਦਿੱਲੀ 29 ਅਗਸਤ (ਮਨਪ੍ਰੀਤ ਸਿੰਘ ਖਾਲਸਾ):- ਕੈਨੇਡੀਅਨ ਪੁਲਿਸ ਨੇ ਬ੍ਰਿਟਿਸ਼ ਕੋਲੰਬੀਆ ਵਿੱਚ ਪਿਛਲੇ ਸਾਲ ਕਤਲ ਕੀਤੇ ਗਏ ਖਾਲਿਸਤਾਨੀ ਸਮਰਥਕ ਹਰਦੀਪ ਸਿੰਘ ਨਿੱਝਰ ਦੇ ਇੱਕ ਸਹਿਯੋਗੀ ਇੰਦਰਜੀਤ ਗੋਸਲ ਨੂੰ ਉਸ ਦੀ ਜਾਨ ਨੂੰ ਵੱਧ ਰਹੇ ਖ਼ਤਰੇ ਦੀ ਚੇਤਾਵਨੀ ਦਿੱਤੀ ਹੈ ।ਓਨਟਾਰੀਓ ਸੂਬੇ ਦੀ ਪੁਲਿਸ, ਰਾਇਲ ਕੈਨੇਡੀਅਨ ਮਾਉਂਟਿਡ ਪੁਲਿਸ ਨਾਲ ਕੰਮ ਕਰ ਰਹੀ ਹੈ, ਨੇ ਇਸ ਹਫ਼ਤੇ ਇੰਦਰਜੀਤ ਸਿੰਘ ਗੋਸਲ ਨੂੰ ਇੱਕ "ਚੇਤਾਵਨੀ ਕਰਨ ਦੀ ਡਿਊਟੀ" ਦਾ ਇਕ ਨੋਟਿਸ ਜਾਰੀ ਕੀਤਾ ਸੀ ।ਗੋਸਲ ਨੇ ਖਾਲਿਸਤਾਨ ਪੱਖੀ ਸ਼ਹੀਦ ਭਾਈ ਹਰਦੀਪ ਸਿੰਘ ਨਿੱਝਰ ਦੇ ਸਹਿਯੋਗੀ ਵਜੋਂ ਕੰਮ ਕੀਤਾ ਸੀ, ਜਿਸ ਨੂੰ ਜੂਨ 2023 ਵਿੱਚ ਗੋਲੀ ਮਾਰ ਦਿੱਤੀ ਗਈ ਸੀ। ਉਸ ਸਾਲ ਸਤੰਬਰ ਵਿੱਚ, ਕੈਨੇਡਾ ਦੇ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਨੇ ਕਤਲ ਵਿੱਚ ਸੰਭਾਵਿਤ ਭਾਰਤੀ ਸਰਕਾਰ ਦੀ ਸ਼ਮੂਲੀਅਤ ਦੇ ਭਰੋਸੇਯੋਗ ਦੋਸ਼ਾਂ ਦਾ ਹਵਾਲਾ ਦਿੱਤਾ ਅਤੇ ਪੁਲਿਸ ਨੇ ਇਸ ਕਤਲ ਲਈ ਚਾਰ ਵਿਅਕਤੀਆਂ ਨੂੰ ਚਾਰਜ ਕੀਤਾ ਹੈ। ਭਾਰਤ ਗੋਲੀਬਾਰੀ ਨਾਲ ਕਿਸੇ ਵੀ ਤਰ੍ਹਾਂ ਦੇ ਸਬੰਧ ਤੋਂ ਇਨਕਾਰ ਕਰਦਾ ਹੈ। ਯੂਐਸ ਐਫਬੀਆਈ ਨੇ ਪਿਛਲੇ ਹਫ਼ਤੇ ਕਿਹਾ ਸੀ ਕਿ ਉਹ 11 ਅਗਸਤ ਦੀ ਗੋਲੀਬਾਰੀ ਦੀ ਜਾਂਚ ਕਰ ਰਹੀ ਹੈ ਜਿਸ ਵਿੱਚ ਨਿੱਝਰ ਦੇ ਨਜ਼ਦੀਕੀ ਸਬੰਧਾਂ ਵਾਲੇ ਕੈਲੀਫੋਰਨੀਆ ਦੇ ਇੱਕ ਕਾਰਕੁਨ ਸੁਰਿੰਦਰਪਾਲ ਸਿੰਘ ਰਾਜੂ ਨੂੰ ਨਿਸ਼ਾਨਾ ਬਣਾਇਆ ਗਿਆ ਸੀ। ਗੋਸਲ ਨੇ ਜਾਣਕਾਰੀ ਦਿੰਦੇ ਹੋਏ ਕਿਹਾ, ਕਿ "ਮੈਨੂੰ ਕੈਨੇਡੀਅਨ ਅਧਿਕਾਰੀਆਂ ਨੇ ਮੇਰੀ ਜਾਨ ਨੂੰ ਖਤਰੇ ਬਾਰੇ ਸੂਚਿਤ ਕੀਤਾ ਹੈ।" "ਹਾਲਾਂਕਿ, ਪੰਜਾਬ ਨੂੰ ਭਾਰਤੀ ਕਬਜ਼ੇ ਤੋਂ ਮੁਕਤ ਕਰਵਾਉਣ ਲਈ ਮੇਰੀ ਵਚਨਬੱਧਤਾ ਅਟੱਲ ਹੈ।" ਨਾ ਤਾਂ ਆਰਸੀਐਮਪੀ ਜਾਂ ਓਨਟਾਰੀਓ ਪੁਲਿਸ ਟਿੱਪਣੀ ਲਈ ਉਪਲਬਧ ਸੀ ਅਤੇ ਕੈਨੇਡੀਅਨ ਜਨਤਕ ਸੁਰੱਖਿਆ ਮੰਤਰੀ ਡੋਮਿਨਿਕ ਲੇਬਲੈਂਕ ਦੇ ਦਫਤਰ ਨੇ ਟਿੱਪਣੀ ਕਰਨ ਤੋਂ ਇਨਕਾਰ ਕਰ ਦਿੱਤਾ। ਜਿਕਰਯੋਗ ਹੈ ਕਿ ਜੂਨ 2023 ਵਿੱਚ, ਐਫਬੀਆਈ ਨੇ ਪੰਨੂ ਦੇ ਖਿਲਾਫ ਇੱਕ ਕਥਿਤ ਕਤਲ ਦੀ ਕੋਸ਼ਿਸ਼ ਨੂੰ ਨਾਕਾਮ ਕਰ ਦਿੱਤਾ ਸੀ । ਭਾਰਤੀ ਨਾਗਰਿਕ ਨਿਖਿਲ ਗੁਪਤਾ 'ਤੇ ਹੱਤਿਆ ਦਾ ਪ੍ਰਬੰਧ ਕਰਨ ਦੀ ਕੋਸ਼ਿਸ਼ ਕਰਨ ਦਾ ਦੋਸ਼ ਲਗਾਇਆ ਗਿਆ ਹੈ।



## ਵਾਹਿਗੁਰੂ ਸਿਟੀ ਝਬਾਲ ਰੋਡ ਵਿਖੇ ਬੜੀ ਧੂਮ ਧਾਮ ਨਾਲ ਮਨਾਈ ਗਈ ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ



**ਚੌਕ ਮਹਿਤਾ, 29 ਅਗਸਤ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸਥਾਨਕ ਵਾਹਿਗੁਰੂ ਸਿਟੀ ਝਬਾਲ ਰੋਡ ਵਿਖੇ ਸ੍ਰੀ ਕ੍ਰਿਸਨ ਜਨਮ ਅਸਟਮੀ ਬੜੀ ਧੂਮ ਧਾਮ ਨਾਲ ਮਨਾਈ ਗਈ। ਇਸ ਕਾਲੋਨੀ ਦੇ ਪ੍ਰਧਾਨ ਸੰਦੀਪ ਸਿੰਘ ਵਿਰਦੀ ਨੇ ਇਸ ਸਮਾਰੋਹ ਦੀ ਜਾਣਕਾਰੀ ਦੇਦਿਆਂ ਦੱਸਿਆ ਕਿ ਰਾਤ 9 ਵਜੇ ਸ੍ਰੀ ਰਾਧਾ ਗੋਵਿੰਦ ਸੰਕਰੀਤਨ ਮੰਡਲ ਸ੍ਰੀ ਰਾਹੁਲ, ਸ੍ਰੀ ਸਿਵ ਕੁਮਾਰ ਵੱਲੋਂ ਸ੍ਰੀ ਕ੍ਰਿਸ਼ਨ ਅਤੇ ਰਾਧਾ ਦੇ ਭਜਨ ਗਾ ਕੇ ਸ਼ੰਗਤਾਂ ਨੂੰ ਨਿਹਾਲ ਕੀਤਾ ਗਿਆ, ਰਾਤ 12 ਵਜੇ ਕਾਲੋਨੀ ਦੀ ਸੋਸਾਇਟੀ ਵੱਲੋਂ ਕੇਕ ਵੀ ਕੱਟਿਆ ਗਿਆ ਅਤੇ ਸ਼ੰਗਤਾਂ ਲਈ ਲੰਗਰ ਭੰਡਾਰਾਂ ਵੀ ਲਗਾਇਆ ਗਿਆ। ਇਸ ਮੌਕੇ ਡਾਕਟਰ ਤੇਜਬੀਰ ਸਿੰਘ, ਐਡਵੋਕੈਟ ਵਿਕਰਮ, ਸੈਲੀ, ਰਾਸੀ, ਕਨਿਕਾ, ਦਿਵਿਆ, ਮਨਜੀਤ ਸਿੰਘ ਕਾਲੇ ਸਾਹ, ਭਾਰਤੀ, ਸਿਮਰਨ ਸਿੰਘ, ਦਲਜੀਤ ਸਿੰਘ ਆਦਿ ਹਾਜਰ ਸਨ।

## ਸੂਬੇ ਦੀ ਅਮਨ ਕਾਨੂੰਨ ਦੀ ਸਥਿਤੀ ਦੇ ਸੁਧਾਰ ਵੱਲ ਧਿਆਨ ਦੇਵੇ 'ਆਪ' ਸਰਕਾਰ-ਗੁਰਬਾਜ਼ ਸਿੰਘ ਸਿੱਧੂ



**ਤਲਵੰਡੀ ਸਾਬੋ, 29 ਅਗਸਤ (ਗੁਰਜੰਟ ਸਿੰਘ ਨਥੇਹਾ)**- ਪੰਜਾਬ ਵਿੱਚ ਪਿਛਲੇ ਸਮੇਂ ਤੋਂ ਅਮਨ ਕਾਨੂੰਨ ਦੀ ਹਾਲਤ ਅਤਿ ਗੰਭੀਰ ਸ਼੍ਰੇਣੀ 'ਚ ਪਹੁੰਚ ਚੁੱਕੀ ਹੈ ਅਤੇ ਸੂਬੇ ਦੇ ਆਮ ਨਾਗਰਿਕ ਵੀ ਆਪਣੇ ਆਪ ਨੂੰ ਅਸੁਰੱਖਿਅਤ ਮਹਿਸੂਸ ਕਰ ਰਹੇ ਹਨ ਇਸਲਈ ਪੰਜਾਬ ਦੀ ਆਮ ਆਦਮੀ ਪਾਰਟੀ ਸਰਕਾਰ ਨੂੰ ਚਾਹੀਦਾ ਹੈ ਕਿ ਜਿੰਨਾ ਜ਼ੋਰ ਪ੍ਰਚਾਰ ਪ੍ਰਸਾਰ 'ਤੇ ਲਾਉਂਦੀ ਹੈ ਉਨਾਂ ਹੀ ਅਮਨ ਕਾਨੂੰਨ ਦੀ ਸਥਿੱਤੀ ਸੁਧਾਰਨ ਵੱਲ ਲਾਵੇ। ਉਕਤ ਵਿਚਾਰਾਂ ਦਾ ਪ੍ਰਗਟਾਵਾ ਹਲਕੇ ਦੇ ਸਾਬਕਾ ਵਿਧਾਇਕ ਜੀਤਮਹਿੰਦਰ ਸਿੰਘ ਸਿੱਧੂ ਦੇ ਸਪੁੱਤਰ ਅਤੇ ਨੌਜਵਾਨ ਆਗੂ ਗੁਰਬਾਜ਼ ਸਿੰਘ ਸਿੱਧੂ ਨੇ ਹਲਕੇ 'ਚ ਕਈ ਨਿੱਜੀ ਪ੍ਰੋਗਰਾਮਾਂ 'ਚ ਸ਼ਮੂਲੀਅਤ ਉਪਰੰਤ ਗੱਲਬਾਤ ਦੌਰਾਨ ਕੀਤਾ।ਟੀਮ ਸਿੱਧੂ ਵੱਲੋਂ ਇੱਥੋਂ ਮੁਹੱਈਆ ਕਰਵਾਈ ਜਾਣਕਾਰੀ ਮੁਤਾਬਿਕ ਗੁਰਬਾਜ਼ ਸਿੰਘ ਸਿੱਧੂ ਜੋ ਕਿ ਸਿੱਧੂ ਪਰਿਵਾਰ ਦੇ ਨਜ਼ਦੀਕੀ ਜੰਟਾ ਸਿੰਘ ਗਿੱਲ ਤਲਵੰਡੀ ਸਾਬੋ ਦੇ ਅਕਾਲ ਚਲਾਣੇ ਤੇ ਅਫਸੋਸ ਪ੍ਰਗਟ ਕਰਨ ਅਤੇ ਦਲੀਪ ਸਿੰਘ ਸਾਬਕਾ ਸਰਪੰਚ ਫੱਤਾ ਬਾਲੂ ਦੀ ਬਰਸੀ ਮੌਕੇ ਹਾਜ਼ਰੀ ਭਰਨ ਲਈ ਪੁੱਜੇ ਸਨ ਨੇ ਪਿੰਡ ਲਾਲੇਆਣਾ, ਜੀਵਨ ਸਿੰਘ ਵਾਲਾ ਅਤੇ ਤਲਵੰਡੀ ਸਾਬੋ ਨਗਰ 'ਚ ਲੋਕਾਂ ਅਤੇ ਵਰਕਰਾਂ ਦੇ ਨਿੱਜੀ ਪ੍ਰੋਗਰਾਮਾਂ 'ਚ ਵੀ ਹਾਜ਼ਰੀ ਭਰੀ। ਦੌਰੇ ਦੌਰਾਨ ਗੱਲਬਾਤ ਕਰਦਿਆਂ ਉਨਾਂ ਕਿਹਾ ਕਿ ਸੂਬੇ ਦਾ ਹਰ ਵਰਗ ਰੋਜ਼ਾਨਾ ਹੋਣ ਵਾਲੀਆਂ ਹਿੰਸਕ ਵਾਰਦਾਤਾਂ ਤੋਂ ਸਹਿਮਿਆ ਹੋਇਆ ਹੈ। ਲੁੱਟਾਂ ਖੋਹਾਂ ਦੀਆਂ ਵਾਰਦਾਤਾਂ ਆਮ ਹੋ ਚੁੱਕੀਆਂ ਹਨ ਜਿਸ ਕਾਰਣ ਵੱਡੇ ਪੱਧਰ ਤੇ ਸੂਬੇ ਦਾ ਵਪਾਰ ਵੀ ਪ੍ਰਭਾਵਿਤ ਹੋ ਰਿਹਾ ਹੈ ਉਨਾਂ ਕਿਹਾ ਕਿ ਸੂਬਾ ਸਰਕਾਰ ਨੂੰ ਇਸ ਵੱਲ ਵਿਸ਼ੇਸ ਧਿਆਨ ਦੇਣਾ ਚਾਹੀਦਾ ਹੈ ਕਿਉਂਕਿ ਹਰੇਕ ਨਾਗਰਿਕ ਨੂੰ ਸੁਰੱਖਿਅਤ ਵਾਤਾਵਰਨ ਮੁਹੱਈਆ ਕਰਵਾਉਣਾ ਸਰਕਾਰ ਦੀ ਜ਼ਿੰਮੇਵਾਰੀ ਬਣਦੀ ਹੈ।ਉਨਾ ਨਾਲ ਇਸ ਮੌਕੇ ਸੀ.ਕਾਂਗਰਸੀ ਆਗੂ ਸੁਖਬੀਰ ਸਿੰਘ ਚੱਠਾ, ਜੱਟਮਹਾਂ ਸਭਾ ਹਲਕਾ ਪ੍ਰਧਾਨ ਮਨਜੀਤ ਸਿੰਘ ਲਾਲੇਆਣਾ, ਸੀ.ਆਗੂ ਤਰਸੇਮ ਸਿੰਘ ਲਾਲੇਆਣਾ, ਗੁਰਮੇਲ ਲਾਲੇਆਣਾ, ਗੁਰਬਖਸ਼ ਸਿੰਘ ਮੰਗੀ ਗਿੱਲ, ਮਨੀ ਗਿੱਲ ਆਦਿ ਮੌਜੂਦ ਰਹੇ।

## ਅੱਜ 30 ਅਗਸਤ ਜਨਮ ਦਿਨ ਮੌਕੇ ਵਿਸ਼ੇਸ਼

# ਪੰਜਾਬ ਦੀ ਵਿੱਦਿਅਕ ਉੱਨਤੀ ਲਈ ਕਾਨ੍ਹ ਸਿੰਘ ਨਾਭਾ ਦਾ ਯੋਗਦਾਨ

ਪੰਜਾਬ ਉੱਤੇ ਅੰਗਰੇਜਾਂ ਦਾ ਕਬਜ਼ਾ ਹੋ ਜਾਣ ਤੋਂ ਬਾਅਦ ਪੰਜਾਬ ਵਿੱਚ ਇੱਕ ਹੋਰ ਨਵਾਂ ਦੌਰ ਸ਼ੁਰੂ ਹੁੰਦਾ ਹੈ । ਈਸਾਈ ਮਿਸ਼ਨਰੀਆਂ ਦੇ ਪ੍ਰਚਾਰ ਅਤੇ ਆਰੀਆ ਸਮਾਜ ਦੀ ਚਲਾਈ 'ਸ਼ੁੱਧ' ਕਰਨ ਦੀ ਲਹਿਰ ਤੋਂ ਪ੍ਰਭਾਵਿਤ ਹੋ ਕੇ ਪੰਜਾਬੀ ਆਪਣੇ ਮੂਲ ਧਰਮ, ਸਿੱਖ ਧਰਮ ਤੋਂ ਦੂਰ ਹੁੰਦੇ ਜਾ ਰਹੇ ਸਨ । ਪਰ ਇਹ ਵਾਤਾਵਰਨ ਬਹੁਤੀ ਦੇਰ ਕਾਇਮ ਨਾ ਰਹਿ ਸਕਿਆ । ਉਨੀਂਵੀ ਸਦੀ ਦੇ ਪਿਛਲੇਰੇ ਅੱਧ ਵਿੱਚ ਪੰਜਾਬ ਦੀ

ਆਵਾਜ਼ਿ ਕੌਮ AWAZE QAUM International Newspaper & WEB TV

ਸੰਸਕ੍ਰਿਤਕ ਅਤੇ ਆਤਮਿਕ ਚੇਤਨਾ ਲਈ ਸਿੰਘ ਸਭਾ ਲਹਿਰ ਨੇ ਜਨਮ ਲਿਆ, ਜਿਸਨੇ ਪੰਜਾਬ ਦੇ ਜੀਵਨ ਨੂੰ ਨਿਰਮਲ ਤੇ ਨਰੋਆ ਰੱਖਣ ਤੇ ਪ੍ਰਫੁੱਲਤ ਕਰਨ ਦਾ ਭਰਪੂਰ ਉਪਰਾਲਾ ਕੀਤਾ । ਸੰਨ 1872 ਚ ਆਰੰਭ ਹੋਈ 'ਸਿੰਘ ਸਭਾ ਲਹਿਰ' ਜਦੋਂ ਪੂਰੇ ਜ਼ੋਰ-ਸ਼ੋਰ ਨਾਲ ਚੱਲ ਰਹੀ ਸੀ । ਅਜਿਹੇ ਮੌਕੇ ਭਰ ਜੁਆਨੀ ਦੀ ਉਮਰੇ ਭਾਈ ਕਾਨ੍ਹ ਸਿੰਘ ਨਾਭਾ (1861-1938 ਈ) ਦਾ ਮੇਲ ਮਿਲਾਪ ਲਾਹੌਰ ਚ ਸਿੰਘ ਸਭਾਈ ਆਗੂਆਂ ਪ੍ਰੋ ਗੁਰਮੁਖ ਸਿੰਘ, ਗਿਆਨੀ ਦਿੱਤ ਸਿੰਘ ਅਤੇ ਸਰ ਅਤਰ ਸਿੰਘ ਭਦੌੜ ਨਾਲ ਹੋਇਆ । ਭਾਈ ਸਾਹਿਬ ਦੀ ਵਿਦਵਤਾ ਦਾ ਇਨਾਂ ਸਿੱਖ ਆਗੂਆਂ ਨੇ ਬਹੁਤ ਗਹਿਰਾ ਅਸਰ ਕਬੂਲ ਕੀਤਾ ਅਤੇ ਭਾਈ ਸਾਹਿਬ ਨੂੰ ਲਹਿਰ ਨਾਲ ਜੋੜਿਆ ।

ਸਮੇਂ ਦੀ ਮੰਗ ਅਨੁਸਾਰ ਭਾਈ ਕਾਨ੍ਹ ਸਿੰਘ ਨਾਭਾ ਨੇ ਸਿੰਘ ਸਭਾ ਲਹਿਰ ਦੇ ਮੁੱਖ ਉਦੇਸ਼ ਸਿੱਖੀ ਸਿਧਾਂਤਾਂ ਤੇ ਸਿੱਖੀ ਜੀਵਨ ਦੇ ਪ੍ਰਚਾਰ ਲਈ 'ਹਮ ਹਿੰਦੂ ਨਹੀਂ' 'ਗੁਰਮਤ ਪ੍ਰਭਾਕਰ' ਤੇ 'ਗੁਰਮਤ ਸੁਧਾਕਰ' ਵਰਗੀਆਂ ਦਰਜਨਾਂ ਲਾਸਾਨੀ ਪੁਸਤਕਾਂ ਦੀ ਰਚਨਾ ਕਰਕੇ ਸਿੱਖ ਸੰਗਠਨ ਦੀ ਧਾਰਮਿਕ ਵਿੱਲਖਣਤਾ ਅਤੇ ਸਮਾਜਿਕ ਵੱਖਰੇਪਨ ਨੂੰ ਦ੍ਰਿੜਇਆ , ਜਿਸ ਨਾਲ ਈਸਾਈ ਮਿਸ਼ਨਰੀਆਂ ਅਤੇ ਸਿੱਖ ਧਰਮ ਦੇ ਹੋਰ ਵਿਰੋਧੀਆਂ, ਖਾਸ ਕਰਕੇ ਆਰੀਆ ਸਮਾਜ ਵਲੋਂ ਸਿੱਖਾਂ ਨੂੰ ਹੜੱਪਣ ਤੇ ਉਨਾਂ ਦੀ ਸੁਤੰਤਰ ਹਸਤੀ ਨੂੰ ਖਤਮ ਕਰਨ ਦੇ ਯਤਨਾਂ ਦੀ ਸਮਾਪਤੀ ਹੋਈ । ਸਿੰਘ ਸਭਾ ਲਹਿਰ ਦੀ ਸਿੱਖੀ ਪ੍ਰਚਾਰ ਮੁਹਿੰਮ ਚ ਸ਼ਾਮਿਲ ਹੋਣ ਦੇ ਨਾਲ ਨਾਲ ਭਾਈ ਕਾਨ੍ਹ ਸਿੰਘ ਨਾਭਾ ਮਹਾਰਾਜਾ ਹੀਰਾ ਸਿੰਘ ਜੀ ਦੀ ਕਿਰਪਾ ਦ੍ਰਿਸ਼ਟੀ ਨਾਲ ਸੰਨ 1884 ਤੋਂ ਨਾਭਾ ਦਰਬਾਰ ਵਿੱਚ ਵੀ ਪੱਕੇ ਪੈਰੀਂ ਸਥਾਪਿਤ ਹੋ ਗਏ ਸਨ, ਜਿਸ ਬਾਰੇ ਸਿੰਘ ਸਭਾਈ ਆਗੂ ਵੀ ਭਲੀ-ਭਾਂਤ ਜਾਣੂ ਸਨ ।



ਸਿੱਖੀ ਸਿਧਾਂਤਾਂ ਦੇ ਪ੍ਰਚਾਰ ਤੋਂ ਇਲਾਵਾ ਸਿੰਘ ਸਭਾ ਲਹਿਰ ਦਾ ਦੂਜਾ ਮੁੱਖ ਤੇ ਵੱਡਾ ਉਦੇਸ਼ ਸੀ , ਸਿੱਖਾਂ ਵਿੱਚ ਵਿੱਦਿਆ ਦਾ ਪ੍ਰਚਾਰ-ਪ੍ਰਸਾਰ ਕਰਨਾ । ਇਸ ਉਦੇਸ ਦੀ ਪੂਰਤੀ ਲਈ ਵੀ ਪ੍ਰੋ. ਗੁਰਮੁਖ ਸਿੰਘ ਜੀ ਨੂੰ ਭਾਈ ਕਾਨ੍ਹ ਸਿੰਘ ਵਲੋਂ ਭਰਪੂਰ ਸਹਿਯੋਗ ਮਿਲਿਆ । ਲਗਭਗ ਸੰਨ 1880 ਵਿੱਚ ਪ੍ਰੋ. ਗੁਰਮੁਖ ਸਿੰਘ ਅਤੇ ਸਭਾ ਦੇ ਹੋਰ ਆਗੂਆਂ ਨੂੰ ਸਿੱਖਾਂ ਵਿੱਚ ਵਿੱਦਿਆ ਦੇ ਪ੍ਰਚਾਰ ਲਈ ਖਾਲਸਾ ਕਾਲਜ ਬਣਵਾਉਣ ਦਾ ਫੁਰਨਾ ਫੁਰਿਆ ਤਾਂ ਇਸ ਤੋਂ ਕੁਝ ਸਾਲਾਂ ਬਾਅਦ ਇਸ ਸੁਪਨੇ ਨੂੰ ਸਾਕਾਰ ਕਰਨ ਲਈ ਤੇ ਆਰਥਿਕ ਮਦਦ ਲਈ ਸਿੱਖ ਮਹਾਰਾਜਿਆਂ ਤੇ ਸਿੱਖ ਰਈਸਾਂ ਨੂੰ ਆਪਣੇ ਨਾਲ ਜੋੜਨ ਲਈ ਭਾਈ ਕਾਨ੍ਹ ਸਿੰਘ ਨੇ ਸਿੰਘ ਸਭਾ ਦੇ ਆਗੂਆਂ ਸਾਮ੍ਹਣੇ ਸੁਝਾਅ ਪੇਸ਼ ਕੀਤਾ । ਬੇਸ਼ੱਕ ਪੰਜਾਬ ਦੀਆਂ ਸਾਰੀਆਂ ਹੀ ਰਿਆਸਤਾਂ ਨੇ ਖਾਲਸਾ ਕਾਲਜ ਦੀ ਸਥਾਪਤੀ ਲਈ ਖੁੱਲ ਕੇ ਮੱਦਦ ਕੀਤੀ ਪਰ ਨਾਭਾ ਅਤੇ ਪਟਿਆਲਾ ਰਿਆਸਤ ਦੇ ਮਹਾਰਾਜਿਆਂ ਨਾਲ ਭਾਈ ਕਾਨ੍ਹ ਸਿੰਘ ਦੇ ਬਹੁਤ ਨਜਦੀਕੀ ਸਬੰਧ ਬਣ ਚੁੱਕੇ ਸਨ ਅਤੇ ਭਾਈ ਸਾਹਿਬ ਦੀ ਪ੍ਰੇਰਨਾ ਨਾਲ ਦੋਵਾਂ ਹੀ ਰਿਆਸਤਾਂ ਨਾਭਾ, ਪਟਿਆਲਾ ਨੇ ਖਾਲਸਾ ਕਾਲਜ, ਸ਼੍ਰੀ ਅੰਮ੍ਰਿਤਸਰ ਨੂੰ ਮਨ, ਵਚਨ, ਕਰਮ ਤੋਂ ਸਹਾਇਤਾ ਦੇਣ ਦਾ ਵਚਨ ਦਿੱਤਾ ।

ਸਿੱਖ ਕੌਮ ਦੀ ਵਿੱਦਿਅਕ ਉੱਨਤੀ ਲਈ ਖਾਲਸਾ ਕਾਲਜ ਲਈ ਚੰਦਾ ਇੱਕਤ੍ਰ ਕਰਨ ਲਈ ਪਹਿਲ ਵੀ ਭਾਈ ਕਾਨ੍ਹ ਸਿੰਘ ਆਪਣੇ ਘਰੋਂ ਆਰੰਭ ਕੀਤੀ । ਭਾਈ ਸਾਹਿਬ ਦੀ ਸੁਪਤਨੀ ਬੀਬੀ ਬੰਸਤ ਕੌਰ ਨੇ ਆਪਣਾ ਚੂੜਾ ਅਤੇ ਭਰਜਾਈ ਪ੍ਰਤਾਪ ਕੌਰ ਨੇ ਆਪਣੇ ਕੜੇ, ਰਿਆਸਤ ਨਾਭਾ ਦੇ ਚੋਬਦਾਰਾਂ ਨੂੰ ਸਪੁਰਦ ਕੀਤੇ । ਮਹਾਰਾਜਾ ਹੀਰਾ ਸਿੰਘ ਦੀ ਆਗਿਆ ਨਾਲ ਰਿਆਸਤ ਦੇ ਫੌਜੀ ਤੇ ਸਿਵਲ ਅਧਿਕਾਰੀਆਂ ਨੂੰ ਪ੍ਰੇਰਿਤ ਕਰਕੇ ਭਾਈ ਸਾਹਿਬ ਨੇ ਚੰਦੇ ਦੀ ਫਹਿਰਿਸਤ ਖੋਲੀ, ਜਿਸਨੂੰ ਸਭ ਨੇ ਮਨਜ਼ੂਰ ਕੀਤਾ ।

ਇਸ ਉਪੰਰਤ 12 ਅਪ੍ਰੈਲ 1904 ਈ. ਨੂੰ ਖਾਲਸਾ ਕਾਲਜ ਅੰਮ੍ਰਿਤਸਰ ਚ ਸਿੱਖਾਂ ਮਸ਼ਹੂਰ ਦਰਬਾਰ ਹੋਇਆ ਜਿਸਦੀ ਪ੍ਰਧਾਨਗੀ ਮਹਾਰਾਜਾ ਹੀਰਾ ਸਿੰਘ ਨੇ ਕੀਤੀ ਅਤੇ ਮਹਾਰਾਜਾ ਦਾ ਪ੍ਰਧਾਨਗੀ ਐਡਰੈਸ ਭਾਈ ਕਾਨ੍ਹ ਸਿੰਘ ਨੇ ਪੜ੍ਹ ਕੇ ਸੁਣਾਇਆ । ਲੈਫਟੀਨੈਂਟ ਗਵਰਨਰ ਪੰਜਾਬ ਸਰ ਚਾਰਲਸ ਰਿਵਾਜ ਤੇ ਹੋਰ ਅੰਗਰੇਜ ਉੱਚ ਅਧਿਕਾਰੀਆਂ ਨੇ ਵੀ ਇਸ ਮੌਕੇ ਸ਼ਮੂਲੀਅਤ ਕੀਤੀ ਅਤੇ ਅੰਗਰੇਜ ਗਵਰਨਮੈਂਟ ਨੇ ਇਸ ਸ਼ੁੱਭ ਕਾਰਜ ਲਈ ਇੱਕ ਲੱਖ ਦਸ ਹਜਾਰ ਦੇ ਕੇ ਸਿੱਖਾਂ ਦਾ ਉਤਸਾਹ ਵਧਾਇਆ । ਅਜਿਹੇ ਮੌਕੇ ਭਾਵੁਕ ਹੋ ਕੇ ਸਿੱਖ ਬੱਚਿਆਂ ਦੀ ਵਿੱਦਿਆ ਦੇ ਦਾਨ ਲਈ ਜਦ ਪੰਥਕ ਆਗੂ ਸ. ਸੁੰਦਰ ਸਿੰਘ ਮਜੀਠੀਆ ਨੇ ਝੋਲੀ ਅੱਡੀ ਤਾਂ ਲਗਭਗ ਵੀਹ ਲੱਖ ਦੀ ਰਾਸੀ ਦਾ ਚੰਦਾ ਇੱਕਠਾ ਹੋਇਆ । ਇਸ ਤਰਾਂ ਪੈਸੇ ਦੀ ਘਾਟ ਕਾਰਨ ਉਸ ਮੌਕੇ ਟੁੱਟਣ ਜਾਂ ਖਤਮ ਹੋਣ ਜਾ ਰਹੇ ਖਾਲਸਾ ਕਾਲਜ ਨੂੰ ਪੱਕੇ ਪੈਰੀ ਕਰਨ ਲਈ ਭਾਈ ਕਾਨ੍ਹ ਸਿੰਘ ਨਾਭਾ ਨੇ ਸਿੰਘ ਸਭਾਈ ਆਗੂਆਂ ਨਾਲ ਮੋਢੇ ਨਾਲ ਮੋਢਾ ਜੋੜ ਕੇ ਕੰਮ ਕੀਤਾ । ਇੱਥੇ ਇਹ ਵੀ ਵਰਨਣ ਯੋਗ ਹੈ ਕਿ ਕਰਨਲ ਡਬਲਯੂ ਆਰ.ਐਮ. ਹੋਲਰੋਇਡ ਦੀ ਪ੍ਰਧਾਨਗੀ ਹੇਠ ਬਣੀ ਖਾਲਸਾ ਕਾਲਜ ਸਥਾਪਨਾ ਕਮੇਟੀ ਦੀ 121 ਮੈਂਬਰੀ ਕਮੇਟੀ ਮੈਬਰਾਂ ਵਿੱਚ ਵੀ ਬਤੌਰ ਮੈਂਬਰ ਭਾਈ ਕਾਨ੍ਹ ਸਿੰਘ ਸ਼ਾਮਲ ਸਨ ਅਤੇ ਸੰਨ 1902 ਚ ਬਣਾਈ ਗਈ ਖਾਲਸਾ ਕਾਲਜ ਮੈਨੇਜਿੰਗ ਕਮੇਟੀ ਦੇ ਮੈਂਬਰ ਵੀ ਭਾਈ ਕਾਨ੍ਹ ਸਿੰਘ ਦੀ ਰਾਏ ਨਾਲ ਚੁਣ ਗਏ ਸਨ । ਇਸ ਤਰਾਂ ਸਿੰਘ ਸਭਾ ਦੇ ਉਦੇਸ਼ਾਂ ਦੀ ਪੂਰਤੀ ਲਈ ਖਾਲਸਾ ਕਾਲਜ ਸਥਾਪਤੀ ਲਈ ਭਾਈ ਸਾਹਿਬ ਨੇ ਜਿੱਥੇ ਨਾਭਾ ਰਿਆਸਤ ਰਾਹੀਂ ਆਪਣਾ ਵਿਸ਼ੇਸ ਯੋਗਦਾਨ ਪਾਇਆ ਉਥੇ 'ਹਮ ਹਿੰਦੂ ਨਹੀਂ' ਵਰਗੀਆਂ ਬਹੁ-ਚਰਚਿੱਤ ਪੁਸਤਕਾਂ ਲਿਖ ਕੇ ਹਿੰਦੂ ਤੇ ਮੁਸਲਮਾਨਾਂ ਦੇ ਨਾਲ ਨਾਲ ਉਸ ਸਮੇ ਸਿੱਖ ਹੱਕਾਂ ਦੀ ਅਲਹਿਦਗੀ ਤੇ ਸਿੱਖ ਸੁਤੰਤਰ ਕੌਮ ਦਾ ਵੀ ਮੁੱਢ ਬੰਨਿਆ ।

ਇਸ ਵਿੱਚ ਕੋਈ ਦੋ ਰਾਇ ਨਹੀਂ ਕਿ ਸਿੱਖਾਂ ਦੀ ਵਿੱਦਿਅਕ ਉੱਨਤੀ ਦੇ ਉਦੇਸ਼ ਦੀ ਪੂਰਤੀ ਲਈ ਬਤੌਰ ਲਿਖਾਰੀ ਸਿੰਘ ਸਭਾ ਲਹਿਰ ਲਈ ਭਾਈ ਸਾਹਿਬ ਨੇ ਪੂਰੀ ਉਮਰ ਕੰਮ ਕੀਤਾ ਅਤੇ ਵਿਸ਼ਵ ਕੋਸ਼ੀ ਵਿਦਿਆ ਪ੍ਰਣਾਲੀ ਨਾਲ ਸਮੂਹ ਸਿੱਖਾਂ ਤੇ ਪੰਜਾਬੀਆਂ ਨੂੰ ਜੋੜਨ ਲਈ ਗੁਰੁਸ਼ਬਦ ਰਤਨਾਕਰ ਮਹਾਨ ਕੋਸ਼ ਦੀ ਰਚਨਾ ਕੀਤੀ ।

ਉੱਘੇ ਵਿਦਵਾਨ ਸਰਦਾਰ ਖੁਸਵੰਤ ਸਿੰਘ ਨੇ ਮਹਾਨ ਕੋਸ਼ ਨੂੰ ਸਿੰਘ ਸਭਾ ਲਹਿਰ ਦੀਆਂ ਸਭ ਤੋ ਵੱਧ ਪ੍ਰਭਾਵਸ਼ਾਲੀ ਰਚਨਾਵਾਂ ਵਿੱਚ ਗਿਣਿਆ ਹੈ । ਸਿੱਖ ਪੁਨਰ-ਜਾਗ੍ਰਤੀ ਦੇ ਆਰੰਭ ਚ ਸਿੰਘ ਸਭਾ ਲਹਿਰ ਲਈ ਕੰਮ ਕਰਨ ਵਾਲੇ ਸਮੂਹ ਵਿਦਵਾਨਾਂ ਚ ਭਾਈ ਕਾਨ੍ਹ ਸਿੰਘ ਦਾ ਜੋ ਵੀ ਰੰਗ ਉਘੜਿਆ ਹੈ , ਉਹ ਨੀਤੀਵਾਨ ਤੇ ਬੁੱਧੀਵਾਨ ਹੋਣ ਦੇ ਨਾਤੇ ਉਘੜਿਆ ਹੈ , ਪਰ ਉਨਾਂ ਦਾ ਸਮੁੱਚਾ ਦ੍ਰਿਸ਼ਟੀਕੋਣ ਆਧੁਨਿਕ, ਤਰਕਸ਼ੀਲ, ਵਿਗਿਆਨਕ ਤੇ ਮਾਨਵਵਾਦੀ ਹੈ ।

**-ਡਾ. ਜਗਮੇਲ ਸਿੰਘ ਭਾਠੂਆਂ**
**ਏ-68-ਏ, ਸੈਕੰਡ ਫਲੋਰ ਫਤਿਹ ਨਗਰ, ਦਿੱਲੀ-18**
**ਸੰਪਰਕ :- 88470-47554**

### ਮਾਮਲਾ ਸੈਮੂਅਲ ਮਸੀਹ ਦੀ ਵਹਿਸ਼ੀਆਨਾਂ ਤਰੀਕੇ ਨਾਲ ਹੱਤਿਆ ਕਰਨ ਦਾ

# ਤਾਂਤਰਿਕ ਪਾਦਰੀ ਸਮੇਤ ਸਾਰੇ ਦੋਸ਼ੀਆਂ ਨੂੰ ਸਖ਼ਤ ਤੋਂ ਸਖ਼ਤ ਸਜ਼ਾ ਦਿੱਤੀ ਜਾਵੇ -ਤਰਕਸ਼ੀਲ ਸੁਸਾਇਟੀ



**ਚੌਕ ਮਹਿਤਾ, 29 ਅਗਸਤ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਤਰਕਸ਼ੀਲ ਸੁਸਾਇਟੀ ਪੰਜਾਬ ਇਕਾਈ ਤਰਨਤਾਰਨ ਨੇ ਜ਼ਿਲਾ ਗੁਰਦਾਸਪੁਰ ਅਧੀਨ ਥਾਣਾ ਧਾਰੀਵਾਲ ਦੇ ਪਿੰਡ ਸਿੰਘਪੁਰਾ ਦੇ ਨੌਜਵਾਨ ਸੈਮੂਅਲ ਮਸੀਹ ਨੂੰ ਅਖੌਤੀ ਭੂਤ ਪ੍ਰੇਤ ਕੱਢਣ ਦੀ ਆੜ ਹੇਠ ਕੁੱਟ ਕੁੱਟ ਕੇ ਜਾਨੋਂ ਮਾਰਨ ਦੀ ਵਹਿਸ਼ੀ ਘਟਨਾ ਦੀ ਸਖਤ ਨਿਖੇਧੀ ਕਰਦਿਆਂ ਪਾਦਰੀ ਸਮੇਤ ਸਾਰੇ ਮੁਲਜ਼ਮਾਂ ਨੂੰ ਸਖ਼ਤ ਤੋਂ ਸਖ਼ਤ ਸਜ਼ਾ ਦੇਣ ਦੀ ਮੰਗ ਕੀਤੀ ਹੈ। ਇਸਦੇ ਨਾਲ ਹੀ ਸੁਸਾਇਟੀ ਨੇ ਪੰਜਾਬ ਵਿਚ ਪਾਖੰਡੀ ਬਾਬਿਆਂ,ਤਾਂਤਰਿਕਾਂ ਵੱਲੋਂ ਧਾਰਮਿਕ ਆਸਥਾ ਹੇਠ ਅਖੌਤੀ ਭੂਤ ਪ੍ਰੇਤ ਕੱਢਣ ਦੀਆਂ ਗੈ.ਰ ਕਾਨੂੰਨੀ ਗਤੀਵਿਧੀਆਂ ਉਤੇ ਸਖਤ ਪਾਬੰਦੀ ਲਾਉਣ ਲਈ ਪੰਜਾਬ ਸਰਕਾਰ ਤੋਂ ਪੰਜਾਬ ਵਿਚ ਅੰਧ ਵਿਸ਼ਵਾਸ਼ ਰੋਕੂ ਕਾਨੂੰਨ ਲਾਗੂ ਕਰਨ ਦੀ ਵੀ ਜ਼ੋਰਦਾਰ ਮੰਗ ਕੀਤੀ ਹੈ। ਤਰਕਸ਼ੀਲ਼ ਸੁਸਾਇਟੀ ਤਰਨਤਾਰਨ ਦੇ ਆਗੂਆਂ ਇਕਾਈ ਮੁਖੀ ਨਰਿੰਦਰ ਸੇਖਚੱਕ, ਜੋਨ ਮੁੱਖੀ ਰਜਵੰਤ ਬਾਗੜੀਆਂ,ਮਾਸਟਰ ਤਸਵੀਰ ਸਿੰਘ,ਮਾਸਟਰ ਕੁਲਵੰਤ ਸਿੰਘ, ਮਾਸਟਰ ਨਛੱਤਰ ਸਿੰਘ, ਡਾਕਟਰ ਸੁਖਦੇਵ ਸਿੰਘ ਲੁਹਕਾ , ਜੁਗਿੰਦਰ ਸਿੰਘ ਫੌਜੀ ,ਹਰਨੰਦ ਸਿੰਘ ਬੱਲਿਆਂਵਾਲਾ,,ਪੂਰਨ ਸਿੰਘ ਮਾੜੀਮੇਘਾ, ਸਰਬਦੀਪ ਸਿੰਘ, ਮਾਸਟਰ ਸ਼ਿੰਗਾਰਾ ਸਿੰਘ, ਸੰਜੀਵ ਬਾਗੜੀਆਂ, ਤਰਸੇਮ ਸਿੰਘ ਲਾਲੂਘੁੰਮਣ ਨੇ ਕਿਹਾ ਕਿ ਦੁਨੀਆਂ ਵਿੱਚ ਕਿਸੇ ਕੋਲ ਅਜਿਹੀ ਕੋਈ, ਦੈਵੀ,ਤਾਂਤਰਿਕ ਸ਼ਕਤੀ ਨਹੀਂ ਹੈ ਜਿਸ ਨਾਲ ਕਿਸੇ ਬਿਮਾਰੀ ਦਾ ਧਾਰਮਿਕ ਪਾਠ ਪੂਜਾ ਰਾਹੀਂ ਕੋਈ ਇਲਾਜ ਕੀਤਾ ਜਾ ਸਕੇ ਅਤੇ ਲੋਕਾਂ ਨੂੰ ਸਿਰਫ ਵਿਗਿਆਨਕ ਸੋਚ ਅਤੇ ਡਾਕਟਰੀ ਇਲਾਜ ਪ੍ਰਣਾਲੀ ਉਤੇ ਭਰੋਸਾ ਕਰਕੇ ਅਜਿਹੇ ਪਾਖੰਡੀਆਂ ਦੀ ਲੁੱਟ ਤੋਂ ਬਚਣਾ ਚਾਹੀਦਾ ਹੈ। ਉਨ੍ਹਾਂ ਦੱਸਿਆ ਕਿ ਪਿਛਲੇ ਸਮੇਂ ਵਿਚ ਪਾਖੰਡੀ ਬਾਬਿਆਂ, ਤਾਂਤਰਿਕਾਂ, ਸਿਆਣਿਆਂ ਵੱਲੋਂ ਪਿੰਡ ਭਿੰਡਰ ਕਲਾਂ (ਮੋਗਾ), ਪਿੰਡ ਕੋਟ ਫੱਤਾ (ਬਠਿੰਡਾ),ਪਿੰਡ ਮੂਧਲ (ਅੰਮ੍ਰਿਤਸਰ) ਅਤੇ ਖੰਨਾ (ਲੁਧਿਆਣਾ) ਵਿਖੇ ਮਾਸੂਮ ਬੱਚਿਆਂ ਦੀ ਬਲੀ ਦੇਣ ਅਤੇ ਅਖੌਤੀ ਭੂਤ ਪ੍ਰੇਤ ਕੱਢਣ ਦੇ ਬਹਾਨੇ ਹੋਰ ਕਈ ਤਰਾਂ ਦੀਆਂ ਦਿਲ ਕੰਬਾਊ ਅਪਰਾਧਿਕ ਘਟਨਾਵਾਂ ਨੂੰ ਅੰਜਾਮ ਦਿੱਤਾ ਗਿਆ ਹੈ ਪਰ ਕਿਸੇ ਵੀ ਸਿਆਸੀ ਪਾਰਟੀ ਦੀ ਸਰਕਾਰ ਨੇ ਅਜਿਹੇ ਅਣਮਨੁੱਖੀ ਅਤੇ ਗੈਰ ਕਾਨੂੰਨੀ ਧੰਦੇ ਨੂੰ ਬੰਦ ਕਰਵਾਉਣ ਲਈ ਕੋਈ ਠੋਸ ਅੰਧ ਵਿਸ਼ਵਾਸ ਰੋਕੂ ਕਾਨੂੰਨ ਲਾਗੂ ਕਰਨ ਦੀ ਸੰਵਿਧਾਨਕ ਜ਼ਿੰਮੇਵਾਰੀ ਨਹੀਂ ਨਿਭਾਈ।

ਉਨ੍ਹਾਂ ਦੋਸ਼ ਲਾਇਆ ਕਿ ਅਜਿਹੇ ਪਾਖੰਡੀਆਂ ਦੀਆਂ ਕਾਰਵਾਈਆਂ ਅਤੇ ਮੀਡੀਏ ਵਿੱਚ ਝੂਠੀ ਤੇ ਗੈਰ ਕਾਨੂੰਨੀ ਇਸ਼ਿਤਹਾਰਬਾਜ਼ੀ ਡਰੱਗਜ਼ ਤੇ ਮੈਜਿਕ ਰੈਮਡੀਜ਼ ਇਤਰਾਜ਼ਯੋਗ ਇਸ਼ਿਤਹਾਰਬਾਜ਼ੀ ਐਕਟ 1954, ਕੇਬਲ ਟੈਲੀਵਿਜ਼ਨ ਰੈਗੂਲੇਸ਼ਨ ਐਕਟ 1994 ਅਤੇ ਖਾਸ ਕਰਕੇ ਮੈਡੀਕਲ ਰਜਿਸਟ੍ਰੇਸ਼ਨ ਐਕਟ ਦੀ ਸਖਤ ਉਲੰਘਣਾ ਹੈ ਪਰ ਪੁਲੀਸ ਅਤੇ ਸਿਵਲ ਪ੍ਰਸ਼ਾਸਨ ਵਲੋਂ ਇਨ੍ਹਾਂ ਬਾਬਿਆਂ ਅਤੇ ਮੀਡੀਏ ਦੇ ਵਿਰੁੱਧ ਕੋਈ ਕਾਰਵਾਈ ਨਹੀਂ ਕੀਤੀ ਜਾ ਰਹੀ।

ਆਵਾਜ਼ਿ ਕੌਮ AWAZE QAUM International Newspaper & WEB TV

ਤਰਕਸ਼ੀਲ ਆਗੂਆਂ ਨੇ ਦੱਸਿਆ ਕਿ ਇਸ ਸਾਲ ਫਰਵਰੀ ਮਹੀਨੇ ਵਿਚ ਤਰਕਸ਼ੀਲ ਸੁਸਾਇਟੀ ਪੰਜਾਬ ਵੱਲੋਂ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਸਮੂਹ ਮੰਤਰੀਆਂ,ਵਿਧਾਇਕਾਂ ਸਮੇਤ ਸਾਰੀਆਂ ਹੀ ਸਿਆਸੀ ਪਾਰਟੀਆਂ ਦੇ ਵਿਧਾਇਕਾਂ ਨੂੰ ਪੰਜਾਬ ਕਾਲਾ ਜਾਦੂ ਮੰਤਰ ਅਤੇ ਅੰਧ ਵਿਸ਼ਵਾਸ ਵਿਰੋਧੀ ਕਾਨੂੰਨ ਦੇ ਖਰੜੇ ਸਮੇਤ ਮੰਗ ਪੱਤਰ ਦਿੱਤੇ ਗਏ ਸਨ ਪਰ ਸਰਕਾਰ ਵੱਲੋਂ ਕੋਈ ਕਾਰਵਾਈ ਨਹੀਂ ਕੀਤੀ ਗਈ।

ਤਰਕਸ਼ੀਲ਼ ਆਗੂਆਂ ਨੇ ਪੰਜਾਬ ਸਰਕਾਰ ਤੋਂ ਜ਼ੋਰਦਾਰ ਮੰਗ ਕੀਤੀ ਹੈ ਕਿ ਪਾਖੰਡੀ ਬਾਬਿਆਂ, ਤਾਂਤਰਿਕਾਂ ਦੀਆਂ ਗੈਰ ਕਾਨੂੰਨੀ ਗਤੀਵਿਧੀਆਂ ਉੱਤੇ ਪਾਬੰਦੀ ਲਾਉਣ ਲਈ ਬਿਨਾਂ ਕਿਸੇ ਦੇਰੀ ਦੇ ਪੰਜਾਬ ਵਿੱਚ ਅੰਧ ਵਿਸ਼ਵਾਸ ਰੋਕੂ ਕਾਨੂੰਨ ਪਾਸ ਕਰਕੇ ਲਾਗੂ ਕੀਤਾ ਜਾਵੇ। ਮੀਟਿੰਗ ਦੌਰਾਨ ਮਾਸਟਰ ਤਸਵੀਰ ਸਿੰਘ ਦੇ ਜੋਨ ਦੇ ਮੀਡੀਆ ਮੁੱਖੀ ਚੁਣੇ ਜਾਣ ਕਰਕੇ ਸੰਜੀਵ ਕੁਮਾਰ ਬਾਗੜੀਆਂ ਨੂੰ ਸਰਬਸੰਮਤੀ ਨਾਲ ਇਕਾਈ ਤਰਨਤਾਰਨ ਦਾ ਵਿੱਤ ਤੇ ਮੈਗਜ਼ੀਨ ਵਿਭਾਗ ਦਾ ਮੁਖੀ ਚੁਣਿਆ ਗਿਆ। ਇਕਾਈ ਮੁਖੀ ਨਰਿੰਦਰ ਸੇਖਚੱਕ ਨੇ ਦੱਸਿਆ ਕਿ ਅਕਤੂਬਰ ਮਹੀਨੇ ਦੇ ਦੂਸਰੇ ਹਫਤੇ ਪੰਜਾਬ ਭਰ ਵਿੱਚ ਵਿਦਿਆਰਥੀ ਚੇਤਨਾ ਪਰਖ ਪ੍ਰੀਖਿਆ ਆਯੋਜਿਤ ਕੀਤੀ ਜਾ ਰਹੀ ਹੈ, ਇਕਾਈ ਤਰਨਤਾਰਨ ਵਲੋ ਵੀ ਸਟੇਟ ਕਮੇਟੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਬਹੁਤ ਸਾਰੇ ਸਕੂਲਾਂ ਵਿਚ ਇਹ ਪ੍ਰੀਖਿਆ ਆਯੋਜਿਤ ਕੀਤੀ ਜਾ ਰਹੀ ਹੈ। ਉਨ੍ਹਾਂ ਸਕੂਲ ਮੁਖੀਆਂ ਨੂੰ ਅਪੀਲ ਕੀਤੀ ਕਿ ਇਸ ਪ੍ਰੀਖਿਆ ਵਿੱਚ ਵੱਧ ਤੋਂ ਵੱਧ ਵਿਦਿਆਰਥੀਆਂ ਨੂੰ ਭਾਗ ਲੈਣ ਲਈ ਪ੍ਰੇਰਿਤ ਕੀਤਾ ਜਾਵੇ ਤਾਂ ਜ਼ੋ ਵਹਿਮ ਭਰਮ ਅਤੇ ਸਮਾਜ ਬੁਰਾਈਆਂ ਮੁਕਤ ਸਮਾਜ ਦੀ ਸਿਰਜਣਾ ਕੀਤੀ ਜਾ ਸਕੇ।

# ਥਾਣਾ ਜੰਡਿਆਲਾ ਗੁਰੂ ਦੇ ਅਧੀਨ ਆਉਂਦੇ ਪਿੰਡ ਤਾਰਾਗੜ੍ਹ ਰੋਡ 'ਤੇ ਦੋਧੀ ਦਾ ਗੋਲੀਆਂ ਮਾਰ ਕੇ ਕਤਲ






**ਜੰਡਿਆਲਾ ਗੁਰੂ 29 ਅਗਸਤ ( ਕੁਲਵੰਤ ਸਿੰਘ ਵਿਰਦੀ)**-ਥਾਣਾ ਜੰਡਿਆਲਾ ਗੁਰੂ ਦੇ ਅਧੀਨ ਆਉਂਦੇ ਪਿੰਡ ਤਾਰਾਗੜ੍ਹ ਰੋਡ ਤੇ ਸ਼ਾਮ 7 ਵਜ਼ੇ ਦੇ ਕਰੀਬ ਦੋਧੀ ਦਾ ਗੋਲੀਆਂ ਮਾਰ ਕੇ ਕਤਲ ਕਰ ਦਿੱਤਾ ਗਿਆ ਮੌਕੇ ਤੇ ਮਿਲੀ ਜਾਣਕਾਰੀ ਅਨੁਸਾਰ ਪਿੰਡ ਧਾਰੜ ਤੋਂ ਕੁਲਬੀਰ ਸਿੰਘ ਪੁੱਤਰ ਅਮਰੀਕ ਸਿੰਘ ਉਮਰ 35 ਸਾਲ ਦੁੱਧ ਪਾਉਣ ਦਾ ਕੰਮ ਕਰਦਾ ਸੀ ਜੋ ਆਈ ਟਵੰਟੀ ਗੱਡੀ ਪੀ ਬੀ 02 ਸੀ ਜੇ 3564 ਜਿਸ ਨੂੰ ਰੋਕ ਕਿ ਡਰਾਈਵਰ ਸਾਈਡ ਬਾਰੀ ਦੇ ਸ਼ੀਸ਼ੇ ਵਿਚੋਂ ਦੀ ਪੰਜ ਛੇ ਗੋਲੀਆਂ ਮਾਰ ਕਿ ਕਤਲ ਕਰ ਦਿੱਤਾ ਗਿਆ ਜਿਨ੍ਹਾਂ ਵਿੱਚੋਂ ਇਕ ਗੋਲੀ ਕੰਨ ਤੇ ਵੱਜਣ ਕਾਰਨ ਮੌਕੇ ਤੇ ਹੀ ਦਮ ਤੋੜ ਦਿੱਤਾ 9ਮੌਕੇ ਤੇ ਪਹੁੰਚੀ ਭਾਰੀ ਪੁਲਿਸ ਫੋਰਸ ਮੌਕੇ ਤੇ ਪਹੁੰਚੇ ਪੁਲਿਸ ਅਧਿਕਾਰੀਆਂ ਦਾ ਕਹਿਣਾ ਜਾਂਚ ਕਰਕੇ ਦੋਸ਼ੀਆਂ ਵਿਰੁੱਧ ਕਾਰਵਾਈ ਕੀਤੀ ਜਾਵੇਗੀ।

ਆਵਾਜ਼ਿ ਕੌਮ AWAZE QAUM International Newspaper & WEB TV

## ਕੈਬਨਿਟ ਮੰਤਰੀ ਜਿੰਪਾ ਨੇ ਪਿੰਡ ਮਹਿਲਾਂਵਾਲੀ ਵਿਖੇ ਸਟੇਡੀਅਮ ਦੇ ਨਵੀਨੀਕਰਨ ਦੇ ਕਾਰਜ ਦੀ ਕਰਵਾਈ ਸ਼ੁਰੂਆਤ, ਸਟੇਡੀਅਮ ਨੂੰ ਖੇਡ ਪਾਰਕ ਵਜੋਂ ਕੀਤਾ ਜਾਵੇਗਾ ਵਿਕਸਿਤ

**ਹੁਸ਼ਿਆਰਪੁਰ, 29 ਅਗਸਤ (ਆਵਾਜ਼ਿ ਕੌਮ ਬਿਊਰੋ)**-ਕੈਬਨਿਟ ਮੰਤਰੀ ਪੰਜਾਬ ਬ੍ਰਮ ਸ਼ੰਕਰ ਜਿੰਪਾ ਨੇ ਅੱਜ ਹੁਸ਼ਿਆਰਪੁਰ ਦੇ ਪਿੰਡ ਮਹਿਲਾਂਵਾਲੀ ਵਿਚ ਸਥਿਤ ਸਟੇਡੀਅਮ ਦੇ ਨਵੀਨੀਕਰਨ ਦੇ ਕਾਰਜ ਦੀ ਰਸਮੀ ਸ਼ੁਰੂਆਤ ਕੀਤੀ। ਇਸ ਨਵੀਨੀਕਰਨ ਤਹਿਤ ਸਟੇਡੀਅਮ ਨੂੰ ਖੇਡ ਪਾਰਕ ਵਜੋਂ ਵਿਕਸਿਤ ਕੀਤਾ ਜਾਵੇਗਾ, ਜਿਸ ਵਿਚ ਫੁੱਟਬਾਲ ਗਰਾਊਂਡ ਦੇ ਨਾਲ-ਨਾਲ ਬੈਡਮਿੰਟਨ, ਬਾਸਕਿਟਬਾਲ ਅਤੇ ਵਾਲੀਬਾਲ ਦੇ ਵੀ ਕੋਰਟ ਤਿਆਰ ਕੀਤੇ ਜਾ ਰਹੇ ਹਨ। ਇਸ ਪ੍ਰੋਜੈਕਟ 'ਤੇ 17 ਲੱਖ ਰੁਪਏ ਦੀ ਲਾਗਤ ਆਵੇਗੀ। ਕੈਬਨਿਟ ਮੰਤਰੀ ਨੇ ਦੱਸਿਆ ਕਿ ਖੇਡ ਪ੍ਰੇਮੀਆਂ ਦੀ ਸੁਵਿਧਾ ਲਈ ਸਟੇਡੀਅਮ ਵਿਚ ਸੈਰ ਦੇ ਲਈ ਟਰੈਕ ਵੀ ਬਣਾਇਆ ਜਾਵੇਗਾ, ਜਿਸ ਨਾਲ ਪਿੰਡ ਵਾਸੀਆਂ ਨੂੰ ਬਿਹਤਰ ਸੁਵਿਧਾ ਮਿਲ ਸਕੇਗੀ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸੂਬੇ ਵਿਚ ਖੇਡਾਂ ਨੂੰ ਉਤਸ਼ਾਹਿਤ ਕਰਨ ਲਈ ਲਗਾਤਾਰ ਯਤਨਸ਼ੀਲ ਅਤੇ ਇਸ ਦਿਸ਼ਾ ਵਿਚ ਇਹ ਨਵੀਨੀਕਾਰਨ ਕਾਰਜ ਇਕ ਅਹਿਮ ਕਦਮ ਹੈ। ਉਨ੍ਹਾਂ ਇਸ ਮਹੱਤਵਪੂਰਨ ਕਾਰਜ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਵੀ ਧੰਨਵਾਦ ਕੀਤਾ ਅਤੇ ਕਿਹਾ ਕਿ ਮੁੱਖ ਮੰਤਰੀ ਦੀ ਅਗਵਾਈ ਵਿਚ ਵਿਕਾਸ ਦੀ ਗਤੀ ਤੇਜ਼ ਹੋਈ ਹੈ। ਬ੍ਰਮ ਸ਼ੰਕਰ ਜਿੰਪਾ ਨੇ ਇਸ ਮੌਕੇ ਕਿਹਾ ਕਿ ਪੰਜਾਬ ਸਰਕਾਰ ਬਿਨ੍ਹਾਂ ਕਿਸੇ ਭੇਦਭਾਵ ਦੇ ਵਿਕਾਸ ਕਾਰਜਾਂ ਨੂੰ ਪਹਿਲ ਦੇ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦਾ ਉਦੇਸ਼ ਹੈ ਕਿ ਹਰ ਵਰਗ ਅਤੇ ਹਲਕੇ ਨੂੰ ਬਰਾਬਰ ਲਾਭ ਮਿਲੇ ਅਤੇ ਸਟੇਡੀਅਮ ਦਾ ਇਹ ਨਵੀਨੀਕਰਨ ਇਸ ਦੀ ਇਕ ਉਦਾਹਰਨ ਹੈ। ਉਨ੍ਹਾਂ ਸਥਾਨਕ ਲੋਕਾਂ ਨੂੰ ਇਸ ਸਟੇਡੀਅਮ ਦੀ ਸਹੀ ਵਰਤੋਂ ਕਰਨ ਦੀ ਅਪੀਲ ਕੀਤੀ ਅਤੇ ਕਿਹਾ ਕਿ ਸਰਕਾਰ ਦੀ ਯੋਜਨਾ ਹੈ ਕਿ ਸੂਬੇ ਦੇ ਹਰੇਕ ਪਿੰਡ ਅਤੇ ਕਸਬੇ ਵਿਚ ਖੇਡ ਸੁਵਿਧਾਵਾਂ ਦਾ ਵਿਸਥਾਰ ਕੀਤਾ ਜਾਵੇ, ਤਾਂ ਜੋ ਨੌਜਵਾਨ ਪੀੜ੍ਹੀ ਨੂੰ ਖੇਡਾਂ ਵਿਚ ਕਰੀਅਰ ਬਣਾਉਣ ਦਾ ਬਿਹਤਰ ਮੌਕਾ ਮਿਲ ਸਕੇ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਦੇ ਇਸ ਉਪਰਾਲੇ ਦਾ ਉਦੇਸ਼ ਕੇਵਲ ਖੇਡ ਸੁਵਿਧਾਵਾਂ ਦਾ ਵਿਕਾਸ ਨਹੀਂ ਹੈ, ਬਲਕਿ ਨੌਜਵਾਨਾਂ ਨੂੰ ਸਿਹਤ ਪ੍ਰਤੀ ਜਾਗਰੂਕ ਕਰਨਾ ਹੈ ਅਤੇ ਉਨ੍ਹਾਂ ਨੂੰ ਨਸ਼ੇ ਤੋਂ ਦੂਰ ਰੱਖਣਾ ਵੀ ਹੈ।

ਬਾਬਾ ਸਤਨਾਮ ਸਿੰਘ ਜੀ ਸਪੁੱਤਰ ਸਵਰਗਵਾਸੀ ਗਿਆਨੀ ਕਰਤਾਰ ਸਿੰਘ ਜੀ ਪਿੰਡ ਅਲਗੋਂ ਖੁਰਦ ਵਾਲਿਆਂ ਦੇ ਗ੍ਰਹਿ ਵਿਖੇ

# ਗੁਰਮਤਿ ਸਮਾਗਮ ਦਾ ਆਯੋਜਨ











**ਤਰਨਤਾਰਨ (ਮਨਪ੍ਰੀਤ ਸਿੰਘ ਵਾੜਾ ਸ਼ੇਰ ਸਿੰਘ)**-ਪਿੰਡ ਅਲਗੋਂ ਖੁਰਦ ਸਤਿਕਾਰਯੋਗ ਬਾਬਾ ਸਤਨਾਮ ਸਿੰਘ ਜੀ ਸਪੁੱਤਰ ਸਵਰਗਵਾਸੀ ਗਿਆਨੀ ਕਰਤਾਰ ਸਿੰਘ ਜੀ ਦੇ ਗ੍ਰਹਿ ਵਿਖੇ ਗੁਰਮਤਿ ਸਮਾਗਮ ਕੀਤਾ ਗਿਆ ਸੰਗਤਾਂ ਵੱਲੋਂ ਰਲ ਮਿਲ ਕੇ ਸ੍ਰੀ ਸੁਖਮਨੀ ਸਾਹਿਬ ਜੀ, ਚੌਪਈ ਸਾਹਿਬ ਜੀ ਦੇ ਜਾਪ ਮੂਲ ਮੰਤਰ ਗੁਰਮੰਤਰ ਦੇ ਜਾਪ ਕੀਤੇ ਗਏ। ਇੰਟਰਨੈਸ਼ਨਲ ਪੰਥਕ ਦਲ ਦੇ ਚੀਫ ਐਡਵਾਈਜ਼ਰ ਪੰਜਾਬ ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ ਵਾਲੇ ਪਰਿਵਾਰ ਸਮੇਤ ਪਹੁੰਚ ਗਏ ਹਾਜਰੀ ਭਰੀ। ਇਸ ਤੋਂ ਉਪਰੰਤ ਸੰਤ ਬਾਬਾ ਜਸਵੰਤ ਸਿੰਘ ਜੀ ਸੋਢੀ ਆਸਲ ਉਤਾੜ ਵਾਲੇ ਸਿੰਘਾਂ ਸਮੇਤ ਪਹੁੰਚ ਕੇ ਹਾਜਰੀ ਭਰੀ ਅਤੇ ਆਪਣੇ ਵਿਚਾਰ ਸਾਂਝੇ ਕੀਤੇ ਸੰਗਤਾਂ ਨੂੰ ਮੂਲ ਮੰਤਰ ਗੁਰਮੰਤਰ ਨਾਲ ਜੋੜਿਆ ਅਤੇ ਸੰਗਤਾਂ ਨੂੰ ਵਾਹਿਗੁਰੂ ਸਿਮਰਨ ਕਰਾ ਕੇ ਨਿਹਾਲ ਕੀਤਾ। ਪਰਿਵਾਰ ਵੱਲੋਂ ਸਿੰਘਾਂ ਦੀ ਜਲ ਪ੍ਰਸ਼ਾਦੇ ਨਾਲ ਬਹੁਤ ਹੀ ਸ਼ਰਧਾ ਭਾਵਨਾ ਨਾਲ ਸੇਵਾ ਕੀਤੀ ਗਈ ਅਤੇ ਸੰਤ ਬਾਬਾ ਜਸਵੰਤ ਸਿੰਘ ਜੀ ਸੋਢੀ ਅਤੇ ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ ਵਾਲਿਆਂ ਦਾ ਸਨਮਾਨ ਕੀਤਾ ਗਿਆ ।ਇਸ ਮੌਕੇ ਗੁਰਵੰਤ ਸਿੰਘ ਗੱਬਰ ,ਗੁਰਸ਼ਰਨ ਸਿੰਘ ਵਾੜਾ ਸ਼ੇਰ ਸਿੰਘ,ਰਾਜ ਪ੍ਰਤਾਪ ਸਿੰਘ ਢਿੱਲੋਂ, ਜਸਕੀਰਤ ਸਿੰਘ ਢਿੱਲੋਂ, ਗੁਰਵੰਤ ਸਿੰਘ, ਸਤਪਾਲ ਸਿੰਘ, ਗੁਰਜੰਟ ਸਿੰਘ, ਕਿਰਪਾਲ ਸਿੰਘ , ਬੋਹੜ ਸਿੰਘ ਸਾਬਕਾ ਸਰਪੰਚ, ਸੁਬੇਗ ਸਿੰਘ ,ਸਰਵਨ ਸਿੰਘ ਪ੍ਰਧਾਨ ,ਜਰਨੈਲ ਸਿੰਘ, ਗੁਰਸਾਹਿਬ ਸਿੰਘ ਸਿੱਧੂ ,ਰਮਣਦੀਪ ਸਿੰਘ, ਚਾਨਣ ਸਿੰਘ ਸਿੱਧੂ ,ਰਾਜ ਸਿੰਘ ਖੇਮਕਰਨ ,ਬੀਬੀ ਹਰਵਿੰਦਰ ਕੌਰ ,ਬੀਬੀ ਸਿੰਦ ਕੌਰ ਅਤੇ ਹੋਰ ਬੇਅੰਤ ਸੰਗਤਾਂ ਹਾਜਰ ਸਨ।

ਸੰਤ ਬਾਬਾ ਜਸਵੰਤ ਸਿੰਘ ਜੀ ਸੋਢੀ ਅਤੇ ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ ਵਾਲੇ ਵਿਸ਼ੇਸ਼ ਤੌਰ ਤੇ ਪਹੁੰਚ ਕੇ ਹਾਜ਼ਰੀ ਭਰੀ

ਆਵਾਜ਼ਿ ਕੌਮ AWAZE QAUM International Newspaper & WEB TV

ਆਮ ਆਦਮੀ ਪਾਰਟੀ ਦੀ ਬਲਾਕ ਕਮੇਟੀ ਨੇ ਲਿਆ ਅਹਿਮ ਫੈਸਲਾ

## ਚੱਬੇਵਾਲ ਜ਼ਿਮਨੀ ਚੋਣ ਵਿੱਚ ਪਾਰਟੀ ਉਮੀਦਵਾਰ ਦੀ ਜਿੱਤ ਯਕੀਨੀ ਬਣਾਉਣ ਲਈ ਰਲ ਕੇ ਕੰਮ ਕਰਨਗੇ

ਚੱਬੇਵਾਲ ਵਿਧਾਨ ਸਭਾ ਹਲਕੇ 'ਚ ਵਿਕਾਸ ਦੀ ਹਨੇਰੀ, ਤਿੰਨ ਮਹੀਨਿਆਂ 'ਚ 45 ਕਰੋੜ ਦੇ ਵਿਕਾਸ ਕਾਰਜ ਸ਼ੁਰੂ



**ਹੁਸ਼ਿਆਰਪੁਰ, 29 ਅਗਸਤ (ਆਵਾਜ਼ਿ ਕੌਮ ਬਿਊਰੋ)**-ਚੱਬੇਵਾਲ ਵਿਧਾਨ ਸਭਾ ਹਲਕੇ ਦੀ ਹੋਣ ਜਾ ਰਹੀ ਜ਼ਿਮਨੀ ਚੋਣ ਨੂੰ ਲੈ ਕੇ ਸਿਆਸੀ ਸਰਗਰਮੀਆਂ ਤੇਜ਼ ਹੋ ਗਈਆਂ ਹਨ। ਇਸ ਸਬੰਧੀ ਅੱਜ ਆਮ ਆਦਮੀ ਪਾਰਟੀ ਦੀ ਬਲਾਕ ਕਮੇਟੀ ਦੀ ਇੱਕ ਅਹਿਮ ਮੀਟਿੰਗ ਹੋਈ ਜਿਸ ਵਿੱਚ ਸੀਨੀਅਰ ਆਗੂ ਐਮ.ਪੀ ਡਾ.ਰਾਜਕੁਮਾਰ ਚੱਬੇਵਾਲ ਅਤੇ ਪਾਰਟੀ ਦੇ ਬਲਾਕ ਪ੍ਰਧਾਨ ਡਾ.ਇਸ਼ਾਂਕ ਅਤੇ ਵਰਕਰ ਵੀ ਹਾਜ਼ਰ ਸਨ ।ਸੰਸਦ ਮੈਂਬਰ ਡਾ: ਰਾਜਕੁਮਾਰ ਚੱਬੇਵਾਲ ਨੇ ਕਿਹਾ ਕਿ ਪਾਰਟੀ ਦੀ ਮਜ਼ਬੂਤੀ ਲਈ ਸਾਰੇ ਕੋਰ ਕਮੇਟੀ ਮੈਂਬਰਾਂ, ਬਲਾਕ ਪ੍ਰਧਾਨਾਂ ਅਤੇ ਵਰਕਰਾਂ ਨੇ ਸਖ਼ਤ ਮਿਹਨਤ ਕੀਤੀ ਹੈ, ਉਨ੍ਹਾਂ ਕਿਹਾ ਕਿ ਪਾਰਟੀ ਵਿਚ ਹਰ ਕਿਸੇ ਨੂੰ ਬਣਦਾ ਮਾਣ-ਸਤਿਕਾਰ ਦਿੱਤਾ ਜਾਵੇਗਾ ਮੀਟਿੰਗ ਦਾ ਮੁੱਖ ਮੰਤਵ ਜ਼ਿਮਨੀ ਚੋਣ ਲਈ ਰਣਨੀਤੀ ਤੈਅ ਕਰਨਾ ਸੀ, ਜਿਸ ਵਿੱਚ ਸਮੂਹ ਵਰਕਰਾਂ ਨੇ ਇੱਕਜੁੱਟ ਹੋ ਕੇ ਪਾਰਟੀ ਉਮੀਦਵਾਰ ਦੀ ਜਿੱਤ ਯਕੀਨੀ ਬਣਾਉਣ ਦਾ ਸੰਕਲਪ ਲਿਆ ।ਮੀਟਿੰਗ ਵਿੱਚ ਫੈਸਲਾ ਕੀਤਾ ਗਿਆ ਕਿ ਪਾਰਟੀ ਹਾਈਕਮਾਂਡ ਜਿਸ ਵੀ ਉਮੀਦਵਾਰ ਨੂੰ ਟਿਕਟ ਦੇਵੇ ਸਮੁੱਚੀ ਜਥੇਬੰਦੀ ਉਸ ਦੇ ਨਾਲ ਮੋਢੇ ਨਾਲ ਮੋਢਾ ਜੋੜ ਕੇ ਖੜੀ ਰਹੇਗੀ ।ਬਲਾਕ ਸਮਿਤੀ ਮੈਂਬਰਾਂ ਨੇ ਇਸ ਚੋਣ ਵਿੱਚ ਪਾਰਟੀ ਏਕਤਾ ਅਤੇ ਅਨੁਸ਼ਾਸਨ ਨੂੰ ਪਹਿਲ ਦੇਣ ਦੀ ਹਾਮੀ ਭਰੀ ।ਉਨ੍ਹਾਂ ਸਪੱਸ਼ਟ ਕੀਤਾ ਕਿ ਨਿੱਜੀ ਖਾਹਿਸ਼ਾਂ ਨੂੰ ਪਾਸੇ ਰੱਖ ਕੇ ਪਾਰਟੀ ਦੇ ਫੈਸਲੇ ਦਾ ਸਤਿਕਾਰ ਕੀਤਾ ਜਾਵੇਗਾ ਅਤੇ ਜਥੇਬੰਦੀ ਦੀ ਜਿੱਤ ਪੂਰੀ ਤਾਕਤ ਨਾਲ ਯਕੀਨੀ ਬਣਾਈ ਜਾਵੇਗੀ ।ਮੀਟਿੰਗ ਵਿੱਚ ਬਲਾਕ ਪ੍ਰਧਾਨਾਂ ਨੇ ਦੱਸਿਆ ਕਿ ਸੰਸਦ ਮੈਂਬਰ ਡਾ: ਰਾਜ ਕੁਮਾਰ ਚੱਬੇਵਾਲ ਵੱਲੋਂ ਚਾਰਜ ਸੰਭਾਲਣ ਤੋਂ ਬਾਅਦ ਚੱਬੇਵਾਲ ਵਿਧਾਨ ਸਭਾ ਹਲਕੇ ਵਿੱਚ ਪਿਛਲੇ ਤਿੰਨ ਮਹੀਨਿਆਂ ਦੌਰਾਨ 45 ਕਰੋੜ ਰੁਪਏ ਦੇ ਵਿਕਾਸ ਕਾਰਜ ਸ਼ੁਰੂ ਕਰਵਾਏ ਗਏ ਹਨ ।ਇਨ੍ਹਾਂ ਪ੍ਰਾਜੈਕਟਾਂ ਵਿੱਚ ਲੋੜਵੰਦ ਪਰਿਵਾਰਾਂ ਨੂੰ 4 ਕਰੋੜ 96 ਲੱਖ ਰੁਪਏ ਦੇ ਚੈੱਕ ਵੰਡੇ ਗਏ ਹਨ, ਜੋ ਘਰਾਂ ਦੀ ਮੁਰੰਮਤ ਲਈ ਹਨ ।ਇਸ ਤੋਂ ਇਲਾਵਾ 2 ਕਰੋੜ ਰੁਪਏ ਦੀ ਰਾਸ਼ੀ ਵੀ ਮਨਜ਼ੂਰ ਕੀਤੀ ਗਈ ਹੈ, ਜੋ ਜਲਦੀ ਹੀ ਲੋੜਵੰਦ ਪਰਿਵਾਰਾਂ ਨੂੰ ਸੌਂਪ ਦਿੱਤੀ ਜਾਵੇਗੀ ।ਕਮੇਟੀ ਨੇ ਹਾਈਕਮਾਂਡ ਨੂੰ ਉਮੀਦਵਾਰ ਚੋਣ ਪ੍ਰਕਿਰਿਆ ਵਿੱਚ ਪਾਰਦਰਸ਼ਤਾ ਬਣਾਈ ਰੱਖਣ ਦੀ ਅਪੀਲ ਕੀਤੀ। ਉਨ੍ਹਾਂ ਸੁਝਾਅ ਦਿੱਤਾ ਕਿ ਉਮੀਦਵਾਰ ਦੀ ਚੋਣ ਕਰਦੇ ਸਮੇਂ ਉਸ ਦੀ ਲੋਕਪ੍ਰਿਅਤਾ ਅਤੇ ਜਨ ਸੰਪਰਕ ਯੋਗਤਾ ਨੂੰ ਪਹਿਲ ਦਿੱਤੀ ਜਾਵੇ, ਤਾਂ ਜੋ ਖੇਤਰ ਵਿਚ ਪਾਰਟੀ ਦੀ ਸਥਿਤੀ ਨੂੰ ਹੋਰ ਮਜ਼ਬੂਤ ਕੀਤਾ ਜਾ ਸਕੇ ।ਕਮੇਟੀ ਮੈਂਬਰਾਂ ਨੇ ਇਹ ਵੀ ਅਪੀਲ ਕੀਤੀ ਕਿ ਸਥਾਨਕ ਆਗੂਆਂ ਅਤੇ ਵਰਕਰਾਂ ਦੀ ਰਾਇ ਨੂੰ ਧਿਆਨ ਵਿੱਚ ਰੱਖਿਆ ਜਾਵੇ, ਤਾਂ ਜੋ ਕਿਸੇ ਕਿਸਮ ਦੀ ਨਰਾਜ਼ਗੀ ਅਤੇ ਸਮਰਪਣ ਭਾਵਨਾ ਨਾ ਹੋਵੇ ਅਤੇ ਜਥੇਬੰਦੀ ਵਿੱਚ ਏਕਤਾ ਬਣੀ ਰਹੇ। ਇਸ ਮੌਕੇ ਜਤਿੰਦਰ ਕੁਮਾਰ, ਭੁਪਿੰਦਰ ਸਿੰਘ, ਰਵਜੋਤ ਸਿੰਘ, ਅਮਰੀਕ ਸਿੰਘ, ਅਨੂ ਕੁਮਾਰ, ਬਲਜੀਤ ਸਿੰਘ, ਸੁਰਿੰਦਰ ਸਿੰਘ, ਲੰਬੜਦਾਰ ਗੁਰਬਖਸ਼ ਸਿੰਘ, ਵਿੱਕੀ ਆਦਿ ਹਾਜ਼ਰ ਸਨ।

## ਲਾਇਨਜ਼ ਕਲੱਬ ਹੁਸ਼ਿਆਰਪੁਰ ਵੱਲੋਂ ਵਣ ਮਹਾਂ ਉਤਸਵ ਰੁੱਖ ਲਗਾ ਕੇ ਮਨਾਇਆ ਗਿਆ




**ਹੁਸ਼ਿਆਰਪੁਰ, 29 ਅਗਸਤ (ਆਵਾਜ਼ਿ ਕੌਮ ਬਿਊਰੋ)**-ਲਾਇਨਜ਼ ਕਲੱਬ ਹੁਸ਼ਿਆਰਪੁਰ ਸਮਰਪਨ ਐਕਟਿਵ ਵੱਲੋਂ ਸਰਕਾਰੀ ਪ੍ਰਾਇਮਰੀ ਸਕੂਲ ਦੇ ਲੋੜਵੰਦ ਵਿਦਿਆਰਥੀਆਂ ਨੂੰ ਸਟੇਸ਼ਨਰੀ ਅਤੇ ਰਿਫਰੈਸ਼ਮੈਂਟ ਵੰਡਣ ਲਈ ਇੱਕ ਪ੍ਰੋਜੈਕਟ ਦਾ ਪ੍ਰਬੰਧ ਕੀਤਾ ਗਿਆ ਹੈ। ਸਮਾਗਮ ਵਿੱਚ ਪ੍ਰਧਾਨ ਲਾਇਨ ਅਜੀਤ ਸਿੰਘ ਬਾਲੀ ਅਤੇ ਕਲੱਬ ਦੇ ਹੋਰ ਅਧਿਕਾਰੀ ਹਾਜ਼ਰ ਹੋਏ। ਵਣਮਹੋਤਸਵ ਮਨਾ ਕੇ ਰੁੱਖ ਲਗਾਉਣ ਦਾ ਪ੍ਰੋਗਰਾਮ ਵੀ ਹੈ। ਇਹ ਸਾਰਾ ਪ੍ਰੋਗਰਾਮ ਸ਼ੇਰ ਐਮ ਪੀ ਸਿੱਧੂ ਕਲੱਬ ਪ੍ਰਬੰਧਕ ਦੁਆਰਾ ਸਪਾਂਸਰ ਕੀਤਾ ਗਿਆ ਹੈ। 35 ਵਿਦਿਆਰਥੀਆਂ ਨੂੰ ਸਟੇਸ਼ਨਰੀ ਅਤੇ ਰਿਫਰੈਸ਼ਮੈਂਟ ਨਾਲ ਪਰੋਸਿਆ ਗਿਆ ਹੈ। ਵੱਖ-ਵੱਖ ਰੁੱਖਾਂ ਦੇ ਲਗਭਗ 25 ਬੂਟੇ ਲਗਾਏ ਗਏ। ਇਸ ਸਮੇਂ ਪ੍ਰਿੰਸੀਪਲ ਸ. ਸ਼ਾਮ ਮੂਰਤੀ, ਸ਼. ਹਰਦੀਪ ਸਿੰਘ ਸੈਂਟਰ ਹੈੱਡ ਟੀਚਰ, ਸ. ਬਲਜੀਤ ਸਿੰਘ ਮੁੱਖ ਅਧਿਆਪਕ, ਸ੍ਰੀਮਤੀ ਰੇਣੂ ਬਾਲਾ ਅਧਿਆਪਕ ਅਤੇ ਸਕੂਲ ਸਟਾਫ਼ ਹਾਜ਼ਰ ਸੀ। ਕਲੱਬ ਦੇ ਅਫ਼ਸਰ ਲਾਇਨ ਇੰਜ: ਐਸ ਪੀ ਜਾਖੂ ਸਕੱਤਰ, ਲਾਇਨ ਐਮ ਪੀ ਸਿੱਧੂ ਕਲੱਬ ਪ੍ਰਬੰਧਕ, ਲਾਇਨ ਮੋਹਨ ਲਾਲ ਸਰੋਆ ਕੈਸ਼ੀਅਰ, ਲਾਇਨ ਮੁਕੇਸ਼ ਬੱਗਾ ਪੀ.ਆਰ.ਓ ਨੇ ਵੀ ਸਮਾਗਮ ਵਿੱਚ ਸ਼ਿਰਕਤ ਕੀਤੀ। ਲਾਇਨ ਅਜੀਤ ਸਿੰਘ ਬਾਲੀ ਨੇ ਵਿਦਿਆਰਥੀਆਂ ਨੂੰ ਬੂਟੇ ਲਗਾਉਣ ਦੀ ਮਹੱਤਤਾ ਅਤੇ ਰੁੱਖਾਂ ਦੀ ਸੁਰੱਖਿਆ ਬਾਰੇ ਦੱਸਿਆ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243